ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਐਤਵਾਰ, 1 ਫਰਵਰੀ 2026 (ਨਾਨਕਸ਼ਾਹੀ ਸੰਮਤ : ੫੫੭, ੧੯ ਮਾਘ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

# ਐਸਾ ਚਾਹੂੰ ਰਾਜ ਮੈਂ, ਯਹਾਂ ਮਿਲੇ ਸਭਨ ਕੋ ਅੰਨ...

## ਭਗਤ ਰਵਿਦਾਸ ਜੀ ਦੇ ਪ੍ਰਕਾਸ਼ ਦਿਹਾੜੇ 'ਤੇ ਵਿਸ਼ੇਸ਼

ਭਾਰਤ ਰਿਸ਼ੀਆਂ, ਮੁੰਨੀਆਂ, ਗੁਰੂਆਂ ਪੀਰਾਂ, ਭਗਤਾਂ, ਯੋਧਿਆਂ, ਸੂਰਬੀਰਾਂ ਦੀ ਧਰਤੀ ਹੈ। ਇਹਨਾਂ ਮਹਾਂਪੁਰਸ਼ਾਂ ਦਾ ਜੀਵਨ ਸਿੱਖਿਆਵਾਂ ਦੇਸ਼ ਨੂੰ ਚਾਨਣ ਮੁਨਾਰੇ ਦਾ ਕੰਮ ਦਿੰਦੇ ਹਨ। ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਵੀ ਇਹਨਾਂ ਮਹਾਨ ਮਹਾਂਪੁਰਸ਼ਾਂ ਵਿੱਚੋਂ ਇੱਕ ਸਨ। ਜਿਹਨਾਂ ਨੂੰ ਬੇਗਮਪੁਰੇ ਦੇ ਮਹਾਨ ਸੰਕਲਪ ਦਾ ਇਨਕਲਾਬੀ ਮੋਢੀ ਕਰਕੇ ਸਤਿਕਾਰ ਨਾਲ ਯਾਦ ਕੀਤਾ ਜਾਂਦਾ ਹੈ। ਗੁਰੂ ਰਵਿਦਾਸ ਜੀ ਦਾ ਜਨਮ 1377 ਈਸਵੀ (ਬਿਕਰਮੀ ਸੰਮਤ 1433) ਮਾਘ ਮਹੀਨੇ ਦੀ ਪੂਰਨਮਾਸ਼ੀ ਨੂੰ ਹੋਇਆ। ਆਪ ਜੀ ਦੇ ਪਿਤਾ ਦਾ ਨਾਮ ਸੰਤੋਖ ਦਾਸ ਤੇ ਮਾਤਾ ਦਾ ਨਾਮ ਕਲਸਾ ਮੰਨਿਆ ਗਿਆ ਹੈ। ਜਨਮ ਮਿਤੀ ਦੇ ਸਬੂਤ ਵਜੋਂ ਇਹ ਦੋਹਾ ਪ੍ਰਚੱਲਤ ਹੈ:

**ਚੋਦਹ ਸੌ ਤੇਤੀਸ ਕੀ ਮਾਘ ਸੁਦੀ ਪੰਦਰਾਸ**
**ਦੁਖੀਓ ਕੇ ਕਲਿਆਣ ਹਿੱਤ ਪ੍ਰਗਟੇ ਸ੍ਰੀ ਰਵਿਦਾਸ**

ਅਤੇ

**ਮੇਰੀ ਜਾਤ ਕੁਟ ਬਾਡਲਾ ਢੋਰ ਢਵੰਤਾ**
**ਨਿਤਹਿ ਬਨਾਰਸ ਆਸ ਪਾਸਾ।**
**ਅਬ ਬਿਪ੍ਰ ਪਰਧਾਨ ਤਿਹਿ ਕਰਹਿ ਡੰਡਉਤਿ**
**ਤੇਰੇ ਕਾਮ ਸਰਵਾਣਿ ਰਵਿਦਾਸ ਦਾਸ।**

ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਗੁਰੂ ਰਵਿਦਾਸ ਜੀ ਦੇ ਦਰਜ ਕੀਤੇ 40 ਸ਼ਬਦ, ਇੱਕ ਸਲੋਕ ਅਤੇ ਹੋਰ ਸੋਮਿਆਂ ਤੋਂ ਮਿਲੀ ਗੁਰੂ ਜੀ ਦੀ ਬਾਣੀ ਜਿਸ ਨੂੰ ਸਤਿਗੁਰੂ ਰਵਿਦਾਸ ਅਮ੍ਰਿਤਬਾਣੀ ਦਾ ਨਾਮ ਦਿੱਤਾ ਗਿਆ ਹੈ। ਇਹ ਸਮੁੱਚੀ ਬਾਣੀ, ਵਿਰਤਾਂਤ, ਵਿਆਖਿਆਨ ਪੜ੍ਹਦਿਆਂ ਸੁਣਦਿਆਂ ਸਮਝ ਪੈਂਦੀ ਹੈ ਕਿ ਗੁਰੂ ਜੀ ਧਾਰਮਿਕ, ਸਮਾਜਿਕ, ਆਰਥਿਕ, ਰਾਜਸੀ, ਸੱਭਿਆਚਾਰ ਪ੍ਰਤੀ ਦੂਰਅੰਦੇਸ਼ੀ ਸਨ। ਗੁਰੂ ਜੀ ਦੀ ਬਾਣੀ ਗਿਣਤੀ ਪੱਖੋਂ ਜਿੰਨੀ ਵੀ ਹੈ ਗੁਣਾਂ ਨਾਲ ਭਰਪੂਰ ਹੈ, ਲਬਰੇਜ਼ ਹੈ। ਸਮਾਜ ਦੀ ਭਲਾਈ ਲਈ ਮਾਨਵਤਾ ਦਾ ਸੰਦੇਸ਼ ਦਿੰਦੀ ਹੈ, ਰਾਜਸੀ ਸੂਝ ਦੀ ਪ੍ਰੇਰਨਾ ਲੈ ਕੇ ਡਾ: ਅੰਬੇਡਕਰ ਸਮੇਤ ਮਹਾਨ ਆਗੂ ਰਾਜਨੀਤੀ ਵਿੱਚ ਅੱਗੇ ਵਧਦੇ ਨਜਰ ਆ ਰਹੇ ਹਨ। ਗੁਰੂ ਰਵਿਦਾਸ ਜੀ ਦੀ ਬਾਣੀ ਪੂਜਣਯੋਗ, ਸੰਭਾਲਣਯੋਗ ਅਤੇ ਪ੍ਰਚਾਰਨਯੋਗ ਹੈ। ਇਸ ਤੋਂ ਸਮਾਜ ਨੂੰ ਸੇਧ ਹਾਸਿਲ ਕਰਨੀ ਸਮੇਂ ਦੀ ਮੰਗ ਹੈ।

ਗੁਰੂ ਜੀ ਦੇ ਆਪਣੇ ਮੱਧ ਕਾਲ ਦੌਰਾਨ ਭਾਰਤ ਵਿੱਚ ਭਗਤੀ ਲਹਿਰ ਦੌਰਾਨ ਉਹ ਸਾਰੇ ਹਲਾਤਾਂ ਤੋਂ ਜਾਣੂ ਕਰਵਾਉਣ, ਸਮਾਜ ਦੀ ਏਕਤਾ ਲਈ, ਰਾਜ ਦੀ ਸਥਾਪਤੀ, ਵਧੀਆ ਵਿਵਸਥਾ ਬਿਨਾਂ ਕਿਸੇ ਡਰ ਭੈਅ ਵਾਲਾ ਬੇਗਮਪੁਰੇ ਦਾ ਸੰਕਲਪ ਸਾਨੂੰ ਸਦੀਆਂ ਤੋਂ ਸੁਨੇਹਾ ਦਿੰਦਾ ਆ ਰਿਹਾ ਹੈ ਕਿ ਉੱਠੋ ਜਾਗੋ ਤੇ ਕੁਝ ਕਰੋ। ਗੁਰੂ ਰਵਿਦਾਸ ਜੀ ਨੇ ਆਪਣੀ ਸਮੁੱਚੀ ਬਾਣੀ ਵਿੱਚ ਰੱਬ-ਪ੍ਰਮਾਤਮਾ ਨਾਲ ਵੀ ਗਿਲੇ ਸ਼ਿਕਵੇ/ਸ਼ਿਕਾਇਤ ਕੀਤੀ ਹੈ।

**ਪਰਾਧੀਨਤਾ ਪਾਪ ਹੈ ਜਾਨ ਲੇਹੁ ਰੇ ਮੀਤ**
**ਰਵਿਦਾਸ ਦਾਸ ਪਰਾਧੀਨ ਸੇ ਕਉਨ ਕਰੇ ਹੈ ਪ੍ਰੀਤ।**

ਅਤੇ

**ਪਰਾਧੀਨ ਕੋ ਦੀਨ ਕਿਆ ਪਰਾਧੀਨ ਬੇਦੀਨ**
**ਰਵਿਦਾਸ ਦਾਸ ਪਰਾਧੀਨ ਕੋ ਸਭੀ ਸਭੀ ਸਮਝੇ ਹੀਨ।**

**ਰਵਿਦਾਸ ਜਨਮ ਕੇ ਕਾਰਨੇ ਹੋਤਿ ਨਾ ਕੋਊ ਨੀਚ**
**ਨਰ ਕੋ ਨੀਚ ਕਰ ਡਾਰ ਹੈ ਓਛੇ ਕਰਮ ਕੋ ਕੀਚ।**

ਗੁਰੂ ਰਵਿਦਾਸ ਜੀ ਨੇ ਉੱਚੇ ਨੀਵੇਂ ਦੀ ਗੱਲ ਨੂੰ ਸਿਰੇ ਤੋਂ ਖਾਰਜ ਕੀਤਾ ਅਤੇ ਉਹਨਾਂ ਆਪਣੀ ਬਾਣੀ ਵਿੱਚ ਸਪੱਸ਼ਟ ਕੀਤਾ ਹੈ ਕਿ:

**ਰਵਿਦਾਸ ਬ੍ਰਾਹਮਣ ਮਤ ਪੂਜੀਏ ਜੋ ਹੋਵੇ ਗੁਣਹੀਣ**
**ਪੂਜਹੋ ਚਰਣਿ ਚੰਡਾਲ ਕੇ ਜੋ ਹੋਵੇ ਗੁਣ ਪ੍ਰਵੀਨ।**

ਗੁਰੂ ਰਵਿਦਾਸ ਜੀ ਨਾਮਲੇਵਾ ਭਾਈਚਾਰਾ ਉੱਤਰੀ ਭਾਰਤ, ਦੇਸ਼ਾ ਵਿਦੇਸ਼ਾਂ ਵਿੱਚ ਬੈਠਾ ਉਹਨਾਂ ਨੂੰ ਗੁਰੂ ਮੰਨਕੇ ਬਾਣੀ ਪੜ੍ਹਦਾ ਸੁਣਦਾ ਤੇ ਸਮਝਦਾ ਹੈ। ਗੁਰੂ ਰਵਿਦਾਸ ਬਾਣੀ 'ਚ ਜਿੱਥੇ ਧਾਰਮਿਕ ਸੇਧ ਮਿਲਦੀ ਹੈ ਉੱਥੇ ਮਾਨਸਿਕ ਸੰਤੁਸ਼ਟੀ ਦੇ ਨਾਲ-ਨਾਲ ਸਮਾਜਿਕ, ਰਾਜਨੀਤਿਕ ਕ੍ਰਾਂਤੀ ਦਾ ਬਿਗਲ ਵੀ ਵੱਜਦਾ ਸੁਣਾਈ ਦਿੰਦਾ ਹੈ। ਗੁਰੂ ਜੀ ਨੇ ਉਸ ਸਮੇਂ ਚੱਲ ਰਹੇ ਮਾੜੇ ਹਾਲਾਤਾਂ ਦੇ ਬਾਵਜੂਦ ਬਾਣੀ 'ਚ



ਤੀਖਣ, ਉਸਾਰੂ ਤੇ ਅਗਾਂਹਵਧੂ ਸੋਚ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ:-

**ਐਸਾ ਚਾਹੂੰ ਰਾਜ ਮੈਂ,**
**ਯਹਾਂ ਮਿਲੇ ਸਭਨ ਕੋ ਅੰਨ,**
**ਛੋਟ ਬੜੇ ਸਭ ਸਮ ਵਸੇ,**
**ਰਵਿਦਾਸ ਰਹੇ ਪ੍ਰਸੰਨ।**

ਅੱਜ ਜਦੋਂ ਅਸੀਂ ਇਤਿਹਾਸ ਪੜ੍ਹਦੇ ਹਾਂ ਤਾਂ ਇਹ ਤੱਥ ਅਤੇ ਜਾਣਕਾਰੀ ਸਾਹਮਣੇ ਆਉਂਦੀ ਹੈ ਕਿ ਭਾਰਤ ਦੀ ਆਰਥਿਕ ਸਥਿਤੀ ਇੱਕ ਸਮੇਂ ਇੰਨੀ ਮਜਬੂਤ ਸੀ ਕਿ ਭਾਰਤ ਨੂੰ ਸੋਨੇ ਦੀ ਚਿੜੀ ਕਿਹਾ ਜਾਂਦਾ ਸੀ।

ਗੁਰੂ ਰਵਿਦਾਸ ਜੀ ਦੀ ਹਰ ਰਚਨਾ ਅਮਰ ਹੈ। ਉਹਨਾਂ ਦੇ ਦੋ ਸ਼ਬਦ ਵਿਚਾਰ ਲਏ ਜਾਣ ਤਾਂ ਪੂਰੀ ਮਾਨਵਤਾ ਦਾ ਕਲਿਆਣ ਹੋ ਸਕਦਾ ਹੈ।

**ਬੇਗਮਪੁਰਾ ਸ਼ਹਿਰ ਕੋ ਨਉ**
**ਐਸਾ ਚਾਹੂੰ ਰਾਜ ਮੈਂ**
**ਗੁਰੂ ਰਵਿਦਾਸ ਜੀ ਦੀ ਉਸਤਿਤ,**
**ਵਡਿਆਈ ਚਾਰੇ ਪਾਸੇ ਹੋਣ ਲੱਗੀ**

ਇਹ ਭਾਰਤ ਦੇ ਜਾਤ-ਪਾਤ ਦੇ ਢਾਂਚੇ ਤੇ ਪਥਰੀਲੇ ਪੱਥਰ ਹੀ ਕਹੇ ਜਾ ਸਕਦੇ ਹਨ ਜੋ ਧਾਰਮਿਕ ਬੰਦਿਸ਼ਾਂ ਲਗਾਕੇ ਦੇਸ਼ 'ਚ ਬ੍ਰਾਹਮਣ, ਵੈਸ਼, ਕਸ਼ੱਤਰੀ, ਸੂ ਵਰਗ ਗਿਣੀ-ਸਜੀ ਕੋਈ ਸਾਜਿਸ਼ ਨਾਲ ਬਣਾ ਦਿੱਤੇ ਤੇ ਸ਼ੂਦਰ ਵਰਗ ਦੇ ਅਛੂਤ ਸਮਾਜ 'ਚ ਉੱਠੇ ਇੱਕ ਨੇਕ ਇਨਕਲਾਬ ਜਿਸ ਨੇ ਹਜਾਰਾਂ ਸਾਲਾਂ ਤੋਂ ਹਾਸ਼ੀਏ ਤੇ ਕੀਤੇ ਲੋਕਾਂ ਦੀ ਬਾਂਹ ਫੜੀ, ਰੱਬ ਨਾਲ ਗਿਲੇ ਸ਼ਿਕਵੇ ਕੀਤੇ ਅਤੇ ਹਕੂਮਤ ਨੂੰ ਤਰਕ ਦਲੀਲ ਤੇ ਵਿਚਾਰਾਂ ਰਾਹੀਂ ਪ੍ਰਭਾਵਿਤ ਕੀਤਾ। ਉਹਨਾਂ ਅਛੂਤ ਸੰਤਾਂ ਨੂੰ ਭਗਤ ਮੰਡਲੀ, ਸੰਤ ਮੰਡਲੀ ਜਾਂ ਸਾਧੂ ਮੰਡਲੀ ਦੇ ਤੌਰ ਤੇ ਵਰਨਣ ਕੀਤਾ ਗਿਆ ਹੈ। ਗੁਰੂ ਸਾਹਿਬ ਨੇ ਅਛੂਤ ਸੰਤ ਨੂੰ ਭਗਤ ਦਾ ਦਰਜਾ ਦਿੱਤਾ ਪਰ ਬਾਣੀ ਵਿੱਚ ਭਗਤਾਂ ਦੇ ਅਰਥ ਕੇਵਲ ਭਗਤੀ ਕਰਨਾ ਨਹੀਂ ਸਗੋਂ ਭਗਤੀ ਦਾ ਅਰਥ ਹੈ ਜੁਲਮ ਦੇ ਖਿਲਾਫ ਬਗਾਵਤ ਕਰਨ ਵਾਲਾ ਸੂਰਮਾ, ਇਨਕਲਾਬੀ ਪੁਰਸ਼, ਸਮਿਆਂ ਤੇ ਸਮਾਜ ਦਾ ਮੂੰਹ ਮੋੜਨ ਵਾਲਾ ਯੋਧਾ ਹੈ।

ਗੁਰੂ ਰਵਿਦਾਸ ਜੀ ਫਰਮਾਉਂਦੇ ਹਨ ਕਿ ਸਾਰੇ ਇੱਕ ਬੀਜਕਣ (ਪ੍ਰਕਿਰਿਆ) ਤੋਂ ਪੈਦਾ ਹੁੰਦੇ ਹਨ ਚਾਹੇ ਉਹ ਬ੍ਰਾਹਮਣ ਹੋਣ ਜਾਂ ਅਛੂਤ। ਇਹ ਗੱਲ ਮੂਰਖ ਲੋਕ ਨਹੀਂ ਸਮਝਦੇ ਕਿ ਸਾਰੇ ਇੱਕ ਹੀ ਤੱਤ ਵਿਧਾਨ ਨਾਲ ਸਿਰਜ ਹੁੰਦੇ ਹਨ।

**ਮੁਸਲਮਾਨ ਸੇ ਕਰ ਦੋਸਤੀ, ਹਿੰਦੂਆਂ ਸੇ ਕਰ ਪ੍ਰੀਤ,**
**ਰਵਿਦਾਸ ਜੋਤਿ ਸਭ ਰਾਮ ਕੀ, ਸਭ ਹੈ ਆਪਣੇ ਮੀਤ।**

ਗੁਰੂ ਸਾਹਿਬ ਦੀ ਉਸਤਿਤ, ਵਡਿਆਈ, ਮਹਾਨਤਾ, ਮਹਾਨ ਭਗਤ, ਸੰਤ, ਗੁਰੂ, ਸਤਿਗੁਰੂ ਦੱਸਣਾ ਤੇ ਮੰਨਣਾ ਇਹ ਗੁਰੂ ਸਾਹਿਬ ਜੀ ਦਾ ਅਸਲ ਜੀਵਨ ਦਰਸ਼ਨ ਤੇ ਮਹਾਂਪੁਰਸ਼ਾਂ, ਗੁਰੂਆਂ ਦੀ ਇੱਕ ਪ੍ਰਕਾਰ ਨਾਲ ਮੋਹਰ ਹੈ, ਥਾਪੜਾ ਹੈ। ਇਹ ਤਰਕ ਦਲੀਲ, ਵਿਗਿਆਨ ਤੇ ਸਮੇਂ ਦਾ ਸੱਚ ਹੈ ਜੋ ਐਸੇ ਮਹਾਂਪੁਰਸ਼ਾਂ ਨੇ ਗੁਰੂ ਰਵਿਦਾਸ ਜੀ ਦੀ ਮਹਿਮਾ, ਉਸਤਿਤ ਕਰਦਿਆਂ ਜੀਓ, ਸੰਤ, ਗੁਰੂ, ਭਗਤ ਮੰਨਿਆ ਹੈ। ਸੰਤ ਕਬੀਰ ਸਾਹਿਬ, ਸੰਤ ਸੈਣ, ਸੰਤ ਮੀਰਾ ਬਾਈ, ਸੰਤ ਪੀਪਾ, ਭਾਈ ਗੁਰਦਾਸ ਜੀ, ਧੰਨਾ ਭਗਤ, ਗੁਰੂ ਨਾਨਕ ਦੇਵ ਜੀ, ਗੁਰੂ ਰਾਮਦਾਸ ਜੀ, ਭੱਟ ਕਲਸਹਾਰ ਜੀ, ਸੰਤ ਪਲਟੂ, ਸੰਤ ਦਾਦੂ ਦਲਾਲ, ਸੰਤ ਗਰੀਬ ਦਾਸ, ਭਗਤ ਪਿਥੂ ਜੀ, ਸੰਤ ਚਤੁਰਭੁਜ, ਸੰਤ ਹਰਿਦਾਸ, ਬਿਆਸ, ਸੰਤ ਕਲਿਆਣ ਦਾਸ, ਭਗਤ ਰਾਮ ਲਾਲ ਵੀ ਨੇ ਆਪਣੀ ਬਾਣੀ ਲੋਕਾਂ ਰਾਹੀਂ ਗੁਰੂਆਂ, ਸੰਤਾਂ, ਭਗਤਾਂ, ਭੱਟਾਂ, ਵਿਦਵਾਨਾਂ, ਕਵੀਆਂ ਦੀ ਬਾਣੀ ਅਤੇ ਕਵਿਤਾ ਵਿੱਚ ਗੁਰੂ ਰਵਿਦਾਸ ਜੀ ਦੀ ਮਹਿਮਾ ਗਾਈ।

**ਬੇਗਮਪੁਰਾ-ਗਮ ਤੋਂ ਰਹਿਤ**

ਮੈਂ ਜਿਸ ਵਤਨ ਦਾ ਸੁਪਨਾ ਸਿਰਜਿਆ ਹੈ ਉਸ ਦਾ ਨਾਂ ਹੈ ਬੇਗਮਪੁਰਾ। ਉਸਤ ਵਤਨ (ਦੇਸ਼/ਸਮਾਜ) ਵਿੱਚ ਕੋਈ ਗਮ ਨਹੀਂ ਹੋਵੇਗਾ, ਕੋਈ ਦੁੱਖ ਨਹੀਂ ਹੋਵੇਗਾ ਅਤੇ ਨਾ ਹੀ ਕੋਈ ਚਿੰਤਾ ਹੋਵੇਗੀ।

ਗੁਰੂ ਜੀ ਵਿੱਦਿਆ ਦੀ ਘਾਟ ਕਾਰਨ ਵਿਵੇਕ ਬੁੱਧੀ ਦਾ ਦੀਵਾ ਮਲੀਨ ਹੋਣਾ ਮੰਨਦੇ ਹਨ ਅਰਥਾਤ ਦੀਵੇ ਦੀ ਰੌਸ਼ਨੀ ਮੱਧਮ ਪੈ ਗਈ ਹੈ। ਗੁਰੂ ਰਵਿਦਾਸ ਜੀ ਨੇ ਇਸ ਦੇ ਸਬੰਧ ਵਿੱਚ ਹੋਈਆਂ ਗਲਤੀਆਂ ਬਾਰੇ ਜਾਗਰੂਕਤਾ ਪੈਦਾ ਕਰਨ ਦੀ ਕੋਸ਼ਿਸ਼ ਕੀਤੀ। ਗੁਰੂ ਸਾਹਿਬ ਕਹਿੰਦੇ ਹਨ ਕਿ:-

**ਨਰਪਤਿ ਏਕ ਸਿੰਘਾਸਨ ਸੋਇਆ,**
**ਸੁਪਨੇ ਭਇਆ ਭਿਖਾਰੀ,**
**ਅਛੂਤ ਰਾਜ ਬਿਛਰਤ ਦੁਖ ਪਾਇਆ,**
**ਸੋ ਗਤਿ ਭਈ ਹਮਾਰੀ।**

ਭਾਵ ਕਿ ਇੱਕ ਬਾਦਸ਼ਾਹ ਆਪਣੇ ਰਾਜ ਸਿੰਘਾਸਨ ਉੱਤੇ ਹੀ ਸੌਂ ਗਿਆ ਤੇ ਉਸਨੂੰ ਸੁਪਨਾ ਆਇਆ ਤੇ ਉਹ ਸੁਪਨੇ ਵਿੱਚ ਭਿਖਾਰੀ ਬਣ ਗਿਆ। ਭਿਖਾਰੀ ਹੋਣ ਕਾਰਨ ਉਸਨੂੰ ਬਹੁਤ ਦੁੱਖ ਮਹਿਸੂਸ ਹੋ ਰਿਹਾ ਸੀ, 'ਸੋ ਗਤਿ ਭਈ ਹਮਾਰੀ' ਸੋ ਸਾਡੀ ਹਾਲਤ ਵੀ ਉਹੀ ਬਣੀ ਹੋਈ ਹੈ ਕਿ ਸਾਡੇ ਬਜੁਰਗ ਭਾਰਤ ਦੇ ਰਾਜੇ-ਮਹਾਰਾਜੇ, ਬਾਦਸ਼ਾਹ ਸਿੰਧੂ ਘਾਟੀ ਦੀ ਮਹਾਨ ਸੱਭਿਅਤਾ ਵੇਲੇ ਹੁੰਦੇ ਸਨ।

ਗੁਰੂ ਜੀ ਕਹਿ ਰਹੇ ਹਨ ਕਿ ਮੈਂ 'ਖਲਾਸ' ਅਰਥਾਤ ਅਜਾਦ ਜਾਣੀ ਸੁਤੰਤਰ ਚਮਾਰ ਕਹਿ ਰਿਹਾ ਹਾਂ ਕਿ ਜੋ ਮੇਰਾ 'ਹਮ ਸ਼ਹਿਰੀ' ਬਣੇਗਾ ਭਾਵ ਕਿ ਜੋ ਅਜਾਦ ਹੋ ਜਾਵੇਗਾ 'ਸੁ-ਮੀਤ-ਹਮਾਰਾ' ਉਹੀ ਮੇਰਾ ਮਿੱਤਰ ਹੋਵੇਗਾ।

ਗੁਰੂ ਰਵਿਦਾਸ ਸਮਾਜ ਦੇ ਕਲਿਆਣ ਲਈ ਬੇਗਮਪੁਰਾ ਦੇਣਾ ਚਾਹੁੰਦੇ ਹਨ ਜਿਸ ਵਿੱਚ ਸਮਾਨਤਾ, ਸੁਤੰਤਰਤਾ, ਭਾਈਚਾਰਾ ਅਤੇ ਨਿਆਂ ਕਰਨ ਵਾਲਾ ਪ੍ਰਬੰਧ ਹੋਵੇ। ਜਦੋਂ ਅਸੀਂ ਅਜਿਹੀ ਪੂਰਨ ਬਰਾਬਰੀ ਵਾਲੀ ਵਿਵਸਥਾ, ਰਾਜ-ਭਾਗ ਦੇ ਹੱਕਦਾਰ ਹੋ ਜਾਵਾਂਗੇ ਤਾਂ ਫਿਰ ਸਾਡੇ ਸਤਿਗੁਰੂ ਖੁਸ਼ ਹੋਣਗੇ। ਉਹਨਾਂ ਦੀ ਤਮੰਨਾ, ਚਾਹਤ, ਸੰਕਲਪ ਨੂੰ ਪੂਰਨ ਕਰਨ ਲਈ ਅਮਲ ਤੇਜ ਕਰ ਦਿਓ।

**ਐਸਾ ਚਾਹੂੰ ਰਾਜ ਮੈ ਜਹਾਂ ਮਿਲੇ ਸਭਨ ਕੋ ਅੰਨ,**
**ਛੋਟ ਵਡੇ ਸਭ ਸਮ ਵਸੈ ਰਵਿਦਾਸ ਰਹੇ ਪ੍ਰਸੰਨ।**

ਪ੍ਰਸਿੱਧ ਦਾਰਸ਼ਨਿਕ ਓਸ਼ੋ ਰਜਨੀਸ਼ 'ਮਨ ਹੀ ਪੂਜਾ, ਮਨ ਹੀ ਧੂਫ (ਰਵਿਦਾਸ ਬਾਣੀ) 'ਚ ਲਿਖਦੇ ਹਨ ਕਿ ਭਾਰਤ ਦਾ ਅਕਾਸ਼ ਸੰਤਾਂ ਦੇ ਸਿਤਾਰਿਆਂ ਨਾਲ ਭਰਿਆ ਪਿਆ ਹੈ ਸੰਤ ਰਵਿਦਾਸ ਸਭ ਸਿਤਾਰਿਆਂ ਵਿੱਚ ਧਰੂ ਤਾਰਾ ਹਨ ਇਸ ਲਈ ਕਿ ਸ਼ੂਦਰ ਦੇ ਘਰ ਪੈਦਾ ਹੋ ਕੇ ਵੀ ਕਾਂਸ਼ੀ ਦੇ ਪੰਡਤਾਂ ਨੂੰ ਵੀ ਮੰਨਣ ਲਈ ਮਜਬੂਰ ਕਰ ਦਿੱਤਾ। ਗੁਰੂ ਰਵਿਦਾਸ ਵਿੱਚ ਕੁਝ ਗੱਲ ਹੈ ਕਿ ਪੰਡਤ ਉਹਲਾਂ ਨੂੰ ਪੁੱਟ ਨਹੀਂ ਸਕੇ, ਸਗੋਂ ਸਵੀਕਾਰ ਕਰਨਾ ਪਿਆ। ਉਹਨਾਂ ਦੇ ਵਚਨਾਂ ਨੂੰ ਸਮਝਣ ਦੀ ਕੋਸ਼ਿਸ਼ ਕਰਨਾ।

ਭਾਰਤ ਦੇ ਰਹਿ ਚੁੱਕੇ ਰਾਸ਼ਟਰਪਤੀ ਡਾ: ਆਰ.ਕੇ. ਨਰਾਇਣਨ ਨੇ 28 ਅਗਸਤ 1999 ਨੂੰ ਰਾਸ਼ਟਰਪਤੀ ਭਵਨ 'ਚ ਗੁਰੂ ਰਵਿਦਾਸ ਜੀ ਬਾਰੇ ਕਿਹਾ

Satgur Ravidass was a gread social reformer of medieval era, who preached for spiritual unity, equality and fraternity. His teachings are of more reliavance even today.

ਸੱਚ ਨਾ ਹੁੰਦਾ ਤਾਂ ਸੰਸਾਰ ਜਲ ਉੱਠਦਾ। ਸਮਾਜ ਦੇ ਉਜਵਲ ਭਵਿੱਖ ਲਈ ਸਿੱਖਿਆ, ਸੰਗਠਿਤ ਅਤੇ ਆਪਣੇ ਮਨੁੱਖੀ ਹੱਕਾਂ ਲਈ ਸੰਘਰਸ਼ ਦਾ ਸੰਕਲਪ ਲੈਣ ਦੀ ਲੋੜ ਹੈ।

ਗੁਰੂ ਰਵਿਦਾਸ ਜੀ ਪ੍ਰਮਾਤਮਾ ਦੇ ਅਨੁਆਈ, ਭਗਤ ਸਨ ਉਹ ਰਹਿਨੁਮਾ ਮੰਨਦੇ ਸਨ। ਗੁਰੂ ਸਾਹਿਬ ਨੇ ਜਾਤੀਵਾਦ ਤੇ ਊਚ ਨੀਚ ਖਿਲਾਫ ਪ੍ਰਚਾਰ ਕੀਤਾ।

ਰਵਿਦਾਸ, ਕਬੀਰ, ਨਾਨਕ ਇੱਕ ਦੂਜੇ ਦੇ ਸਮਕਾਲੀ ਮੰਨੇ ਗਏ ਹਨ। ਇਹਨਾਂ ਮਹਾਂਪੁਰਸ਼ਾਂ ਨੇ ਰੂੜੀਵਾਦ ਦਾ ਵਿਰੋਧ ਕਰਕੇ ਮਨੁੱਖੀ ਅਤੇ ਭਾਈਚਾਰੇ ਦਾ ਪ੍ਰਚਾਰ ਪ੍ਰਸਾਰ ਕਰਕੇ ਸਮਾਜ ਨੂੰ ਇੱਕ ਨਵੀਂ ਦਿਸ਼ਾ ਦਿੱਤੀ। ਗੁਰੂ ਸਾਹਿਬ ਨੇ ਆਪਣੇ ਅਨੁਭਵੀ ਕਰਮ ਤੋਂ ਵਿਸ਼ਵ ਦੇ ਸਮਾਜ ਨੂੰ ਇੱਕ ਨਵਾਂ ਚਿੰਤਨ ਅਤੇ ਨਵੀਂ ਦਿਸ਼ਾ ਦਿੱਤੀ। ••

**ਸੰਤੋਖ ਸਿੰਘ ਜੱਸੀ**
ਪਿੰਡ ਤੇ ਡਾਕਖਾਨਾ: ਚੱਕ ਕਲਾਲ
ਤਹਿ :ਬੰਗਾ, ਜ਼ਿਲ੍ਹਾ: ਸ਼ਹੀਦ ਭਗਤ ਸਿੰਘ ਨਗਰ

ਮਨੁੱਖਤਾ ਦੀ ਸੇਵਾ ਹੀ ਸਭ ਤੋਂ ਵੱਡਾ ਧਰਮ ਹੈ ॥

# ਏਕ ਨੂਰ ਸਵੈ-ਸੇਵੀ ਸੰਸਥਾ ਰਜਿ:, ਪਠਲਾਵਾ

ਪਿੰਡ ਪਠਲਾਵਾ, ਜ਼ਿਲਾ ਸ਼ਹੀਦ ਭਗਤ ਸਿੰਘ ਨਗਰ ਵਲੋਂ

ਧੰਨ ਧੰਨ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ

# 28ਵਾਂ ਸਲਾਨਾ ਸਹਾਇਤਾ ਵੰਡ ਸਮਾਗਮ

## ਪ੍ਰੋਗਰਾਮ

ਆਵਾਜ਼ਿ ਕੌਮ AWAZE QAUM International Newspaper & WEB TV

ਮਿਤੀ : 11 ਫਰਵਰੀ 2026, ਦਿਨ ਬੁੱਧਵਾਰ ।

ਸਹਾਇਤਾ ਵੰਡ ਸਮਾਗਮ : ਸਵੇਰੇ 10:00 ਵਜੇ ਤੋਂ ਬਾਅਦ ਦੁਪਹਿਰ 3:00 ਵਜੇ ਤੱਕ ।

ਸਥਾਨ : ਗਰਾਂਊਂਡ ਮਿਡਲ ਸਕੂਲ, ਪਿੰਡ ਐਮਾਂ ਜੱਟਾਂ, ਜ਼ਿਲਾ ਹੁਸ਼ਿਆਰਪੁਰ ਵਿਖੇ ।

ਉਦਘਾਟਨ : ਸੰਤ ਬਾਬਾ ਗੁਰਬਚਨ ਸਿੰਘ ਜੀ ਪਠਲਾਵੇ ਵਾਲੇ, ਯੋਗੀ ਦੇਵੀ ਨਾਥ ਐਮਾਂ ਜੱਟਾਂ ।

ਮੁੱਖ ਮਹਿਮਾਨ : ਸ: ਜਗਤਾਰ ਸਿੰਘ ਸਟੇਟ ਟੈਕਸ ਅਫ਼ਸਰ ਹੁਸ਼ਿਆਰਪੁਰ ।

ਵਿਸ਼ੇਸ਼ ਮਹਿਮਾਨ:

ਪਦਮਸ੍ਰੀ ਮਾਤਾ ਪ੍ਰਕਾਸ਼ ਕੌਰ ਜੀ, ਮੁੱਖ ਸੰਚਾਲਿਕਾ ਯੂਨੀਕ ਹੋਮ, ਭਾਈ ਘੱਨਈਆ ਜੀ ਚੈਰੀਟੇਬਲ ਟਰੱਸਟ ਜਲੰਧਰ ।
ਸ: ਅਮਰੀਕ ਸਿੰਘ (ਨਿਸ਼ਕਾਮ ਟਿਫਨ ਸੇਵਾ ਸੁਸਾਇਟੀ, ਗੁਰੂ ਕੀ ਰਸੋਈ ਨਵਾਂਸ਼ਹਿਰ
ਸ੍ਰੀ ਯੋਗ ਰਾਜ ਮੈਰਾ, ਡਾਇਰੈਕਟਰ ਫਾਈਨਾਂਸੀਅਲ ਐਡਵਾਈਜ਼ਰ ਡਿਪਾਰਟਮੈਂਟ ਆਫ ਪੋਸਟ ਮਨੀਸੀਟਰੀ ਆਫ ਕੁਮਿਨੀਕੇਸ਼ਨ ਭਾਰਤ ਸਰਕਾਰ
ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ ਮੈਂਬਰ SGPC ਅੰਮ੍ਰਿਤਸਰ, ਸ: ਦਲਜੀਤ ਸਿੰਘ ਖੱਖ, ਡੀ.ਐਸ.ਪੀ, ਗੜ੍ਹਸ਼ੰਕਰ।
ਉਪਕਾਰ ਕੋਆਰਡੀਨੇਸ਼ਨ ਸੁਸਾਇਟੀ ਅਤੇ ਬੀ.ਡੀ.ਸੀ. ਨਵਾਂਸ਼ਹਿਰ ।
ਸ: ਸੁਰਜੀਤ ਸਿੰਘ (ਮੁੱਖ ਪ੍ਰਬੰਧਕ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ, ਨਵਾਂਸ਼ਹਿਰ
ਹਰਸੇਵਾ ਮੈਡੀਕਲ ਟਰੱਸਟ, ਯੂ.ਕੇ. ਮੋਰਾਂਵਾਲੀ ।, ਗ੍ਰੀਨ ਵਿਲੇਜ਼ ਸੁਸਾਇਟੀ, ਬੀਣੇਵਾਲ ।
ਉਪਕਾਰ ਐਜੂਕੇਸ਼ਨਲ ਐਂਡ ਚੈਰੀਟੇਬਲ ਟਰੱਸਟ, ਗੜ੍ਹਸ਼ੰਕਰ ।
ਮਾਤਾ ਅਮਰ ਕੌਰ, ਚਰਨ ਕੌਰ ਵੈਲਫੇਅਰ ਸੁਸਾਇਟੀ, ਭੂੰਗਰਨੀ, ਹੁਸ਼ਿਆਰਪੁਰ।
ਲੈਕ: ਰਜਿੰਦਰ ਕੁਮਾਰ ਸ਼ਰਮਾ, ਬੰਗਾ।, ਸਮਾਜ ਭਲਾਈ ਸਵੈ-ਸੇਵੀ ਸੰਸਥਾ, ਪਿੰਡ ਸੁੱਜੋਂ ।
ਗੁਰੂ ਨਾਨਕ ਮਿਸ਼ਨ ਇੰਟਰਨੈਸ਼ਨਲ ਚੈਰੀਟੇਬਲ ਹਸਪਤਾਲ ਕੁਲਪੁਰ, ਨਵਾਂਗਰਾ ।
ਸ: ਜਤਿੰਦਰ ਸਿੰਘ ਲਾਡੀ ਸਭ ਦਾ ਭਲਾ ਚੈਰੀਟੇਬਲ ਹਸਪਤਾਲ, ਸ਼ਿਕਾਰ ਮਾਸ਼ੀਆਂ (ਗੁਰਦਾਸਪੁਰ)
ਰਵਿੰਦਰ ਕੌਰ ਕਨੇਡਾ ਐਮਾਂ ਜੱਟਾਂ, ਸੁਰਿੰਦਰ ਸਿੰਘ ਯੂ.ਕੇ. ਐਮਾਂ ਜੱਟਾਂ,
ਡਾ: ਪਰਮਿੰਦਰ ਸਿੰਘ ਪ੍ਰਿੰਸੀਪਲ ਗੁਰੂ ਗੋਬਿੰਦ ਸਿੰਘ ਖਾਸਲਾ ਕਾਲਜ, ਮਾਹਿਲਪੁਰ ।
ਡਾ: ਤਰਸੇਮ ਸਿੰਘ ਭਿੰਡਰ ਪ੍ਰਿੰਸੀਪਲ ਸਿੱਖ ਨੈਸ਼ਨਲ ਕਾਲਜ, ਬੰਗਾ ।

ਇਸ ਮੌਕੇ ਤੇ ਧਾਰਮਿਕ ਪੁਸਤਕਾਂ ਦਾ ਲੰਗਰ ਲਗਾਇਆ ਜਾਵੇਗਾ ।

ਲਾਈਵ ਚੈਨਲ ਮਿਸਟਰ ਸਿੰਘ ਪ੍ਰੋਡੈਕਸ਼ਨ ਟੀ.ਵੀ. ਚੈਨਲ ਤੇ ਲਾਈਵ ਹੋਵੇਗਾ ।

ਸਨਮਾਨਿਤ ਸਖਸ਼ੀਅਤਾਂ ਅਤੇ ਸੰਸਥਾਵਾਂ

ਮੇਜ਼ਰ ਮਨਦੀਪ ਸਿੰਘ ਵੈਲਫੇਅਰ ਸੁਸਾਇਟੀ ਨਵਾਂਸ਼ਹਿਰ ।
ਸ: ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ, ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ, ਢਾਹਾਂ ਕਲੇਰਾਂ ।
ਡਾ: ਕਸ਼ਮੀਰ ਚੰਦ ਐਮ.ਐਸ. ਪੀ.ਸੀ.ਐਮ.ਐਸ.-1, ਸਰਜੀਕਲ ਸਪੈਸ਼ਲਿਸਟ, ਐਮ.ਜੇ. ਲਾਈਫ ਹਸਪਤਾਲ, ਬੰਗਾ
ਡਾ: ਨਿਰਮਲ ਕੁਮਾਰ, ਐਸ.ਐਮ.ਓ. ਸੀ.ਐਚ.ਸੀ. ਬੀਣੇਵਾਲ, ਰਿਟਾਇਰ ਪ੍ਰਿੰਸੀਪਲ ਜਗਮੋਹਨ ਸਿੰਘ ਡਾਂਡੀਆਂ ।
ਰਿਟਾਇਰ ਵਾਈਸ ਚਾਂਸਲਰ ਧਰਮਜੀਤ ਸਿੰਘ ਪਰਮਾਰ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ

ਸਿਲਾਈ ਮਸ਼ੀਨਾਂ ਦੀ ਵੰਡ : ਆਰਥਿਕ ਪੱਖ ਤੋਂ ਕਮਜ਼ੋਰ ਲੜਕੀਆਂ/ਵਿਧਵਾਵਾਂ ਨੂੰ ਸਿਲਾਈ ਮਸ਼ੀਨਾਂ ਦਿੱਤੀਆਂ ਜਾਣਗੀਆਂ ।
ਵੀਹਲ ਚੇਅਰ/ਟ੍ਰਾਈ ਸਾਇਕਲ ਦੀ ਵੰਡ: ਸਰੀਰਕ ਤੌਰ ਤੇ ਅਪੰਗ ਵਿਅਕਤੀਆਂ ਨੂੰ ਪ੍ਰਦਾਨ ਕੀਤੇ ਜਾਣਗੇ।

ਸਿੱਖ ਵਿਦਵਾਨ ਗਿਆਨੀ ਬਲਕਾਰ ਸਿੰਘ ਜੀ ਦਮਦਮੀ ਟਕਸਾਲ ਵਾਲੇ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਜੀਵਨੀ ਤੇ ਚਾਨਣਾਂ ਪਾਉਣਗੇ ।

ਅਜ਼ਾਦ ਰੰਗਮੰਚ ਰਜਿ: ਕਲਾ ਭਵਨ ਫਗਵਾੜਾ ਵਲੋਂ ਬੀਬੀ ਕੁਲਵੰਤ ਦੇ ਨਿਰਦੇਸ਼ਨਾ ਤਹਿਤ "ਗੁਰੂ ਤੇਗ ਬਹਾਦਰ ਬੋਲਿਆ" ਨਾਟਕ ਪੇਸ਼ ਕੀਤਾ ਜਾਵੇਗਾ ।

ਆਪ ਜੀ ਨੂੰ ਇਸ ਸਮਾਗਮ ਵਿੱਚ ਪਹੁੰਚਣ ਲਈ ਨਿੱਘਾ ਸੱਦਾ ਦਿੱਤਾ ਜਾਂਦਾ ਹੈ ।

ਚਾਹ ਪਕੌੜੇ ਅਤੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ ।

ਉਡੀਕਵਾਨ : ਸਮੂਹ ਆਹੁਦੇਦਾਰ ਅਤੇ ਮੈਂਬਰਾਨ ਏਕ ਨੂਰ ਸਵੈ-ਸੇਵੀ ਸੰਸਥਾ (ਰਜਿ:) ਪਠਲਾਵਾ, ਗ੍ਰਾਮ ਪੰਚਾਇਤ ਅਤੇ ਸਮੂਹ ਨਗਰ ਨਿਵਾਸੀ ਪਿੰਡ ਐਮਾਂ ਜੱਟਾਂ (ਹੁਸ਼ਿਆਰਪੁਰ)

ਮੋਬਾ: 98153-48143, 98140-23547

ਛਾਪਕ : ਸੱਲ੍ਹਣ ਪ੍ਰਿੰਟਿੰਗ ਪ੍ਰੈਸ, ਬੰਗਾ # 94646-34793, 98159-01698

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਐਤਵਾਰ, 1 ਫਰਵਰੀ 2026 (ਨਾਨਕਸ਼ਾਹੀ ਸੰਮਤ : ੫੫੭, ੧੯ ਮਾਘ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਪੰਜਾਬ ਪੁਲਸ ਦੇ ਮੁਲਾਜ਼ਮ ਦੀ ਗੋਲੀ ਲੱਗਣ ਨਾਲ ਮੌਤ

**ਲੁਧਿਆਣਾ, 31 ਜਨਵਰੀ (ਆਵਾਜ਼ਿ ਕੌਮ ਬਿਊਰੋ)**- ਲੁਧਿਆਣਾ 'ਚ ਇਕ ਪੁਲਸ ਮੁਲਾਜ਼ਮ ਦੀ ਸ਼ੱਕੀ ਹਾਲਾਤ ਵਿਚ ਗੋਲ਼ੀ ਲੱਗਣ ਨਾਲ ਮੌਤ ਹੋ ਗਈ ਹੈ। ਮ੍ਰਿਤਕ ਮੁਲਾਜ਼ਮ ਦੀ ਪਛਾਣ ਅਨੋਜ ਮਸੀਹ ਵਜੋਂ ਹੋਈ ਹੈ, ਜੋ ਕਿ ਪੁਲਸ ਕਾਂਸਟੇਬਲ ਸੀ ਤੇ ਉਸ ਦੀ ਉਮਰ ਮਹਿਜ਼ 24-25 ਸਾਲ ਦੇ ਕਰੀਬ ਸੀ। ਅਨੋਜ ਨੂੰ ਕੁਝ ਦੇਰ ਪਹਿਲਾਂ ਹੀ ਆਪਣੇ ਪਿਤਾ ਦੀ ਜਗ੍ਹਾ ਤਰਸ ਦੇ ਅਧਾਰ 'ਤੇ ਨੌਕਰੀ ਮਿਲੀ ਸੀ। ਜਾਣਕਾਰੀ ਮੁਤਾਬਕ ਅਨੋਜ ਮਸੀਹ ਇਸ ਵੇਲੇ ਲੁਧਿਆਣਾ-ਫਿਰੋਜ਼ਪੁਰ ਰਾਸ਼ਟਰੀ ਮਾਰਗ 'ਤੇ ਸਥਿਤ ਲਗਜ਼ਰੀ ਕਾਰ ਸ਼ੋਅਰੂਮ ਵਿਚ ਤਾਇਨਾਤ ਸੀ। ਉਸ ਸ਼ੋਅਰੂਮ ਦੇ ਮਾਲਕ ਨੂੰ ਗੈਂਗਸਟਰਾਂ ਵੱਲੋਂ ਧਮਕੀਆਂ ਮਿਲ ਰਹੀਆਂ ਸਨ, ਜਿਸ ਕਾਰਨ 16 ਜਨਵਰੀ ਨੂੰ ਉਸ ਨੂੰ ਪੁਲਸ ਸੁਰੱਖਿਆ ਮਿਲੀ ਸੀ ਤੇ ਅਨੋਜ ਮਸੀਹ ਨੂੰ ਵੀ ਹੋਰ ਮੁਲਾਜ਼ਮਾਂ ਦੇ ਨਾਲ ਇੱਥੇ ਤਾਇਨਾਤ ਕੀਤਾ ਗਿਆ ਸੀ। ਡਿਊਟੀ ਦੌਰਾਨ ਦੇਰ ਰਾਤ ਅਨੋਜ ਦੀ ਸਰਕਾਰੀ ਰਾਈਫ਼ਲ ਦੀ ਗੋਲ਼ੀ ਲੱਗਣ ਨਾਲ ਮੌਤ ਹੋ ਗਈ। ਫ਼ਿਲਹਾਲ ਪੁਲਸ ਨੇ ਮਾਮਲੇ ਦੀ ਜਾਂਚ ਸੁਰੂ ਕਰ ਦਿੱਤੀ ਹੈ। ਲਾਸ਼ ਨੂੰ ਪੋਸਟਮਾਰਟਮ ਲਈ ਭੇਜਿਆ ਗਿਆ ਹੈ ਤੇ ਮਾਮਲੇ ਦੀ ਉੱਚ ਪੱਧਰੀ ਜਾਂਚ ਦੇ ਹੁਕਮ ਦਿੱਤੇ ਗਏ ਹਨ, ਤਾਂ ਜੋ ਮੌਤ ਦੇ ਅਸਲ ਕਾਰਨਾਂ ਦਾ ਪਤਾ ਲਗਾਇਆ ਜਾ ਸਕੇ ਕਿ ਇਹ ਖ਼ੁਦਕੁਸ਼ੀ ਹੈ ਜਾਂ ਗਲਤੀ ਨਾਲ ਗੋਲ਼ੀ ਚੱਲਣ ਨਾਲ ਅਨੋਜ ਦੀ ਮੌਤ ਹੋਈ ਹੈ। ਇਸ ਸਬੰਧੀ ਡੀ.ਐੱਸ.ਪੀ. ਵਰਿੰਦਰ ਸਿੰਘ ਖ਼ੋਸਾ ਨੇ ਦੱਸਿਆ ਕਿ ਅਨੋਜ ਮਸੀਹ ਦੀ ਡਿਊਟੀ ਕਾਰਾਂ ਦੇ ਸ਼ੋਅਰੂਮ ਵਿਖੇ ਲਗਾਈ ਗਈ ਸੀ। ਬੀਤੀ ਰਾਤ 12 ਵਜੇ ਦੇ ਕਰੀਬ ਉਸ ਦੀ ਗੋਲ਼ੀ ਲੱਗਣ ਨਾਲ ਮੌਤ ਹੋ ਗਈ ਹੈ।

### ਜਲੰਧਰ ਦੇ ਨਿੱਜੀ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ

# ਨਰਿੰਦਰ ਮੋਦੀ ਦੀ ਪੰਜਾਬ ਫੇਰੀ ਤੋਂ ਪਹਿਲਾਂ ਧਮਾਕੇ ਦੀ ਧਮਕੀ !




**ਜਲੰਧਰ, 31 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ 1 ਫਰਵਰੀ ਨੂੰ ਜਲੰਧਰ ਦੌਰੇ ਤੋਂ ਪਹਿਲਾਂ, ਇੱਕ ਸਕੂਲ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ ਹੈ। ਇਹ ਧਮਕੀ ਅਰਬਨ ਅਸਟੇਟ ਵਿੱਚ ਸਥਿਤ ਸਕੂਲ ਨੂੰ ਈਮੇਲ ਰਾਹੀਂ ਭੇਜੀ ਗਈ ਸੀ। ਜਾਣਕਾਰੀ ਮਿਲਦੇ ਹੀ ਪ੍ਰਸ਼ਾਸਨ ਹਿੱਲ ਗਿਆ। ਸਕੂਲ ਪ੍ਰਬੰਧਨ ਨੇ ਤੁਰੰਤ ਪੁਲਿਸ ਨੂੰ ਸੂਚਿਤ ਕੀਤਾ। ਮੌਕੇ 'ਤੇ ਪਹੁੰਚਦੇ ਹੀ, ਪੁਲਿਸ ਅਤੇ ਬੰਬ ਸਕੁਐਡ ਨੇ ਸਕੂਲ ਦੇ ਅਹਾਤੇ ਨੂੰ ਘੇਰ ਲਿਆ ਅਤੇ ਇਮਾਰਤ ਦੀ ਪੂਰੀ ਤਲਾਸ਼ੀ ਸ਼ੁਰੂ ਕਰ ਦਿੱਤੀ। ਖੁਸ਼ਿਕਸਮਤੀ ਨਾਲ, ਕੋਈ ਵੀ ਵਿਦਿਆਰਥੀ ਮੌਜੂਦ ਨਹੀਂ ਸੀ ਕਿਉਂਕਿ ਸਕੂਲ ਪਹਿਲਾਂ ਹੀ ਬੰਦ ਹੋ ਚੁੱਕਾ ਸੀ। ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ, ਪੁਲਿਸ ਸਾਰੇ ਪਹਿਲੂਆਂ ਦੀ ਜਾਂਚ ਕਰ ਰਹੀ ਹੈ। ਈਮੇਲ ਭੇਜਣ ਵਾਲੇ ਦੀ ਪਛਾਣ ਕਰਨ ਅਤੇ ਉਸਦਾ ਪਤਾ ਲਗਾਉਣ ਲਈ ਯਤਨ ਤੇਜ਼ ਕਰ ਦਿੱਤੇ ਗਏ ਹਨ। ਜ਼ਿਕਰਯੋਗ ਹੈ ਕਿ ਪਿਛਲੇ ਕੁਝ ਦਿਨਾਂ ਵਿੱਚ, ਜਲੰਧਰ ਦੇ 10-11 ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀਆਂ ਧਮਕੀਆਂ ਮਿਲੀਆਂ ਹਨ। ਹਾਲਾਂਕਿ, ਇਨ੍ਹਾਂ ਸਕੂਲਾਂ ਦੀ ਤਲਾਸ਼ੀ ਦੌਰਾਨ ਕੋਈ ਸ਼ੱਕੀ ਵਸਤੂ ਬਰਾਮਦ ਨਹੀਂ ਹੋਈ। ਪ੍ਰਸ਼ਾਸਨ ਨੇ ਜਨਤਾ ਨੂੰ ਅਫਵਾਹਾਂ ਨੂੰ ਨਜ਼ਰਅੰਦਾਜ਼ ਕਰਨ ਅਤੇ ਸ਼ਾਂਤੀ ਬਣਾਈ ਰੱਖਣ ਦੀ ਅਪੀਲ ਕੀਤੀ ਹੈ।

## ਸ੍ਰੀ ਦਰਬਾਰ ਸਾਹਿਬ ਦੇ ਸਰੋਵਰ 'ਚ 'ਵੁਜ਼ੂ' ਕਰਨ ਵਾਲੇ ਨੌਜਵਾਨ ਨੂੰ ਭੇਜਿਆ ਗਿਆ ਜੇਲ੍ਹ

**ਅੰਮ੍ਰਿਤਸਰ, 31 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਪਵਿੱਤਰ ਸਰੋਵਰ ਵਿਚ ਵੁਜ਼ੂ ਕਰਨ ਵਾਲੇ ਨੌਜਵਾਨ ਨੂੰ ਜੇਲ੍ਹ ਭੇਜ ਦਿੱਤਾ ਗਿਆ ਹੈ। ਅਦਾਲਤ ਵੱਲੋਂ ਮੁਲਜ਼ਮ ਸੁਭਾਨ ਰੰਗਰੇਜ਼ ਨੂੰ 14 ਦਿਨ ਦੀ ਨਿਆਂਇਕ ਹਿਰਾਸਤ ਵਿਚ ਭੇਜ ਦਿੱਤਾ ਗਿਆ ਹੈ। ਅੱਜ ਉਸ ਨੂੰ ਪੁਲਸ ਵੱਲੋਂ ਰਿਮਾਂਡ ਖ਼ਤਮ ਹੋਣ 'ਤੇ ਅਦਾਲਤ ਵਿਚ ਪੇਸ਼ ਕੀਤਾ ਗਿਆ ਸੀ। ਦੱਸ ਦਈਏ ਕਿ ਦਿੱਲੀ ਦਾ ਰਹਿਣ ਵਾਲਾ ਸੁਭਾਨ ਰੰਗਰੇਜ਼ 13 ਜਨਵਰੀ ਨੂੰ ਸ੍ਰੀ ਦਰਬਾਰ ਸਹਿਬ 'ਚ ਆਇਆ ਸੀ। ਇਸ ਦੌਰਾਨ ਉਸ ਨੇ ਸ੍ਰੀ ਦਰਬਾਰ ਸਾਹਿਬ ਦੇ ਪਵਿੱਤਰ ਸਰੋਵਰ 'ਚ ਬੈਠ ਕੇ ਵੁਜ਼ੂ ਕੀਤਾ। ਉਸ ਨੇ ਮੂੰਹ 'ਚ ਪਾਣੀ ਭਰਿਆ ਅਤੇ ਕੁਰਲੀ ਕੀਤੀ ਸੀ। ਇਸ ਤੋਂ ਬਾਅਦ ਉਹ ਦਰਬਾਰ ਸਾਹਿਬ ਕੰਪਲੈਕਸ ਵਿਚ ਘੁੰਮਦਾ ਰਿਹਾ ਅਤੇ ਉਸ ਨੇ ਇਕ ਹੋਰ ਦੋਸਤ ਤੋਂ ਵੀਡੀਓ ਸ਼ੂਟ ਕਰਵਾਇਆ ਸੀ। 24 ਜਨਵਰੀ ਨੂੰ ਯੂ.ਪੀ. ਦੇ ਗਾਜ਼ੀਆਬਾਦ 'ਚ ਨਿਹੰਗਾਂ ਨੇ ਉਸ ਨੂੰ ਫੜ ਲਿਆ ਅਤੇ ਉਸ ਦੀ ਜੰਮ ਕੇ ਕੁੱਟਮਾਰ ਕੀਤੀ ਅਤੇ ਉਸ ਬਾਅਦ ਪੁਲਸ ਦੇ ਹਵਾਲੇ ਕਰ ਦਿੱਤਾ। ਉਸ ਤੋਂ ਬਾਅਦ ਉਹ ਗਾਜ਼ੀਆਬਾਦ ਪੁਲਸ ਹਿਰਾਸਤ 'ਚ ਸੀ। ਪੰਜਾਬ ਪੁਲਸ ਵੱਲੋਂ ਉਸ ਨੂੰ ਅੰਮ੍ਰਿਤਸਰ ਲਿਆਂਦਾ ਲਿਆਂਦਾ ਗਿਆ। ਮੁਲਜ਼ਮ ਸੁਭਾਨ ਰੰਗਰੇਜ਼ ਨੇ ਪਹਿਲੀ ਵਾਰ 16 ਜਨਵਰੀ ਨੂੰ ਵੀਡੀਓ ਜਾਰੀ ਕੀਤਾ ਸੀ, ਜਿਸ 'ਚ ਉਸ ਨੇ ਮੁਆਫ਼ੀ ਮੰਗੀ ਸੀ। ਇਸ ਤੋਂ ਬਾਅਦ ਉਸ ਨੇ 19 ਜਨਵਰੀ ਨੂੰ ਮੁੜ 17 ਸੈਕਿੰਡ ਦਾ ਇਕ ਨਵਾਂ ਵੀਡੀਓ ਬਣਾਇਆ। ਇਸ 'ਚ ਉਸ ਨੇ ਕਿਹਾ ਕਿ ਜਦੋਂ ਉਹ ਸ੍ਰੀ ਦਰਬਾਰ ਸਾਹਿਬ 'ਚ ਗਿਆ, ਉਸ ਵੇਲੇ ਉਸ ਤੋਂ ਵੱਡੀ ਗਲਤੀ ਹੋ ਗਈ। ਇਹ ਗਲਤੀ ਉਸ ਤੋਂ ਅਨਜਾਣੇ 'ਚ ਹੋਈ ਹੈ। ਉਸ ਨੇ ਕਿਹਾ ਕਿ, 'ਮੈਨੂੰ ਮਰਿਆਦਾ ਦੀ ਪੂਰੀ ਜਾਣਕਾਰੀ ਨਹੀਂ ਸੀ। ਨਹੀਂ ਤਾਂ ਮੈਂ ਇਸ ਤਰ੍ਹਾਂ ਦੀ ਗਲਤੀ ਨਹੀਂ ਕਰਦਾ। ਤੁਸੀਂ ਮੈਨੂੰ ਆਪਣਾ ਪੁੱਤਰ ਸਮਝ ਕੇ ਆਪਣਾ ਭਰਾ ਸਮਝ ਕੇ ਮੁਆਫ਼ ਕਰ ਦਿਓ।' ਇਸ ਦੌਰਾਨ ਉਸ ਨੇ ਇਕ ਵਾਰ ਹੱਥ ਵੀ ਜੋੜੇ।

ਆਵਾਜ਼ਿ ਕੌਮ
AWAZE QAUM
International Newspaper & WEB TV

## ਅਮਰ ਸ਼ਹੀਦ ਸੰਤ ਬਾਬਾ ਜਰਨੈਲ਼ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ ਤਸਵੀਰ ਟੈਕਸੀ ਤੇ ਲਗਾਉਣ ਕਰਕੇ ਇਕ ਨੌਜਵਾਨ ਦੀ ਪੁਲਿਸ ਵੱਲੋਂ ਬੇਰਹਿਮੀ ਨਾਲ ਕੀਤੀ ਗਈ ਕੁੱਟਮਾਰ ਕਰਨ ਦੀ ਸਖਤ ਸ਼ਬਦਾ 'ਚ ਨਿਖੇਧੀ ਕਰਦੇ ਹਾਂ : - ਸੰਤ ਬਾਬਾ ਹਰਨਾਮ ਸਿਘ ਜੀ ਖਾਲਸਾ ਮੁਖੀ ਦਮਦਮੀ ਟਕਸਾਲ





**ਲੁਧਿਆਣਾ, 31 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਲੁਧਿਆਣਾ 'ਚ ਬੀਤੇ ਦਿਨੀ ਇਕ ਸਿੱਖ ਨੌਜਵਾਨ ਦੀ ਪੁਲਿਸ ਵੱਲੋਂ ਬੇਰਹਿਮੀ ਨਾਲ ਕੁੱਟਮਾਰ ਦਾ ਮਾਮਲਾ ਦੇਖਣ ਨੂੰ ਮਿਲ ਰਿਹਾ ਹੈ ਜੋ ਕਿ ਅਤਿ ਨਿੰਦਣ ਯੋਗ ਘਟਨਾ ਹੈ । ਪਤਾ ਲੱਗਾ ਹੈ ਕਿ ਇਸ ਨੌਜਵਾਨ ਦੀ ਟੈਕਸੀ ਤੇ ਸੰਤ ਬਾਬਾ ਜਰਨੈਲ ਸਿੰਘ ਭਿੰਡਰਾਂਵਾਲਿਆਂ ਦੀ ਤਸਵੀਰ ਲੱਗੀ ਹੋਈ ਸੀ ਜਿਸ ਨੂੰ ਦੇਖ ਕਿ ਪੁਲਿਸ ਮੁਲਾਜ਼ਮਾਂ ਵੱਲੋਂ ਨੌਜਵਾਨ ਦੀ ਕੁੱਟਮਾਰ ਕੀਤੀ ਗਈ।

ਏਥੇ ਦੱਸਣਾ ਬਣਦਾ ਹੈ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਨੂੰ ਸ਼੍ਰੀ ਅਕਾਲ ਤਖਤ ਸਾਹਿਬ ਜੀ ਵੱਲ਼ੋ 20ਵੀਂ ਸਦੀ ਦੇ ਮਹਾਨ ਸਿੱਖ ਹੋਣ ਦਾ ਮਾਣ ਪ੍ਰਾਪਤ ਹੈ ,ਜਿੰਨਾਂ ਨੇ ਸ਼੍ਰੀ ਅਕਾਲ ਤਖਤ ਸਾਹਿਬ ਜੀ ਦੀ ਰੱਖਿਆ ਲਈ ਮਹਾਨ ਸ਼ਹੀਦੀ ਦਿੱਤੀ ਹੈ ।

ਏਸੇ ਕਰਕੇ ਨੌਜਵਾਨੀ ਸੰਤਾਂ ਨੂੰ ਦਿਲ ਤੋਂ ਪਿਆਰ ਕਰਦੀ ਹੈ ਤਾਂ ਕਰਕੇ ਉਹਨਾਂ ਦੀਆਂ ਤਸਵੀਰਾਂ ਗੱਡੀਆਂ ਤੇ ਲਾਉਂਦੀ ਹੈ ।

ਦੱਸਣਾ ਬਣਦਾ ਹੈ ਸਿੱਖ ਵਿਰੋਧੀ ਏਜੰਸੀਆਂ ਵੱਲੋਂ ਸੰਤਾਂ ਨੂੰ ਹਰ ਸਮੇਂ ਬਦਨਾਮ ਕਰਨ ਦੀ ਕੋਸ਼ਿਸ਼ ਕੀਤੀ ਜਾਂਦੀ ਰਹੀ ਹੈ ਅਤੇ ਸੰਤਾਂ ਨੂੰ ਅੱਤਵਾਦੀ ਕਿਹਾ ਜਾਂਦਾ ਹੈ ਜਦਕਿ ਸੰਤ ਬਾਬਾ ਜਰਨੈਲ ਸਿੰਘ ਸਭ ਧਰਮਾ ਦਾ ਸਤਿਕਾਰ ਕਰਨ ਵਾਲੇ ਮਹਾਨ ਤਪੱਸਵੀ ਸੂਰਬੀਰ ਯੋਧੇ ਸਨ ।

ਇਕ ਵਾਰ ਫਿਰ ਅਸੀ ਨੌਜਵਾਨ ਤੇ ਹੋਏ ਬੇਤਹਾਸਾ ਤਸੱਦਦ ਦੀ ਜਥੇਬੰਦੀ ਦਮਦਮੀ ਟਕਸਾਲ ਵੱਲੋਂ ਸਖਤ ਸ਼ਬਦਾ 'ਚ ਨਿਖੇਧੀ ਕਰਦੇ ਹਾਂ ਅਤੇ ਪੰਜਾਬ ਸਰਕਾਰ ਅਤੇ ਪੰਜਾਬ ਪੁਲਿਸ ਨੂੰ ਅਪੀਲ ਕਰਦੇ ਹਾਂ ਕਿ ਜਿਹੜੇ ਵੀ ਮੁਲਾਜਮਾ ਨੇ ਇਹ ਘਿਨਾਉਣੀ ਹਰਕਤ ਕੀਤੀ ਹੈ ਉਹਨਾਂ ਕੋਲੋ ਮਾਫੀ ਮੰਗਵਾਈ ਜਾਵੇ ਅਤੇ ਉਹਨਾਂ ਤੇ ਬਣਦੀਆਂ ਧਾਰਵਾਂ ਲਾਕੇ ਸ਼ਖਤ ਤੋਂ ਸਖਤ ਸਜਾ ਦਿੱਤੀ ਜਾਵੇ।

# ਸ੍ਰੀ ਅਕਾਲ ਤਖਤ ਸਾਹਿਬ ਦੀ ਦਖਲਅੰਦਾਜੀ ਮਗਰੋਂ ਮੁਲਜ਼ਮਾਂ ਖਿਲਾਫ ਮਾਮਲਾ ਦਰਜ

**ਲੁਧਿਆਣਾ, 31 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਬੀਤੇ ਦਿਨੀਂ ਲੁਧਿਆਣਾ ਵਿਖੇ ਇੱਕ ਸਿੱਖ ਨੌਜਵਾਨ ਟੈਕਸੀ ਚਾਲਕ ਸ. ਰਣਜੋਤ ਸਿੰਘ ਨਾਲ ਪੁਲਿਸ ਚੌਂਕੀ ਵਿਖੇ ਕੀਤੀ ਗਈ ਕੁੱਟਮਾਰ ਦੇ ਮਾਮਲੇ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਦੇ ਸਖ਼ਤ ਨੋਟਿਸ ਤੋਂ ਬਾਅਦ ਦੋਸ਼ੀ ਪੁਲਿਸ ਮੁਲਾਜ਼ਮਾਂ ਅਤੇ ਨੌਜਵਾਨ ਨਾਲ ਦੁਰਵਿਵਹਾਰ ਕਰਨ ਤੇ ਸਿੱਖ ਧਰਮ ਬਾਰੇ ਮੰਦਾ ਬੋਲਣ ਵਾਲੇ ਦੋਸ਼ੀ ਵਿਅਕਤੀਆਂ ਖਿਲਾਫ ਲੁਧਿਆਣਾ ਦੇ ਡੀਵੀਜਨ 8 ਪੁਲਿਸ ਥਾਣੇ ਵਿੱਚ ਅੱਜ ਦੋ ਵੱਖ-ਵੱਖ ਪਰਚੇ ਦਰਜ ਹੋ ਗਏ ਹਨ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੀਡੀਆ ਸਲਾਹਕਾਰ ਸ. ਜਸਕਰਨ ਸਿੰਘ ਨੇ ਦੱਸਿਆ ਕਿ 26 ਜਨਵਰੀ ਨੂੰ ਲੁਧਿਆਣਾ ਵਾਸੀ ਰਣਜੋਤ ਸਿੰਘ ਜੋ ਕਿ ਟੈਕਸੀ ਚਲਾਉਣ ਦਾ ਕੰਮ ਕਰਦਾ ਹੈ ਜਦੋਂ ਲੁਧਿਆਣਾ ਸ਼ਹਿਰ ਅੰਦਰ ਜਾ ਰਿਹਾ ਸੀ ਤਾਂ ਉਸ ਦੀ ਗੱਡੀ ਤੋਂ ਦੂਜੀ ਗੱਡੀ ਨਾਲ ਖਹਿ ਵੱਜ ਗਈ ਸੀ। ਇਸ ਤੋਂ ਬਾਅਦ ਦੂਜੀ ਗੱਡੀ ਵਿੱਚੋਂ ਤਿੰਨ ਵਿਅਕਤੀਆਂ ਨੇ ਉਸ ਨੂੰ ਅਗਾਂਹ ਘੇਰ ਕੇ ਉਸ ਨਾਲ ਦੁਰਵਿਵਹਾਰ ਕਰਨ ਦੇ ਨਾਲ-ਨਾਲ ਉਸ ਦੀ ਗੱਡੀ ਉੱਤੇ ਲੱਗੀ ਕੌਮੀ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲੇ ਦੀ ਤਸਵੀਰ ਪਾੜਣ ਦੀ ਕੋਸ਼ਿਸ਼ ਕੀਤੀ ਅਤੇ ਸਿੱਖ ਧਰਮ ਬਾਰੇ ਮੰਦਾ ਬੋਲਿਆ। ਉਨ੍ਹਾਂ ਕਿਹਾ ਕਿ ਦੋਸ਼ੀ ਵਿਅਕਤੀਆਂ ਨੇ ਫ਼ੋਨ ਕਰਕੇ ਪੁਲਿਸ ਮੁਲਾਜ਼ਮਾਂ ਨੂੰ ਸੱਦਿਆ ਜੋ ਮੌਕੇ ਤੋਂ ਸ. ਰਣਜੋਤ ਸਿੰਘ ਨੂੰ ਆਪਣੀ ਗੱਡੀ ਵਿੱਚ ਬੈਠਾ ਕੇ ਲੁਧਿਆਣਾ ਸ਼ਹਿਰ ਦੀ ਕੈਲਾਸ਼ ਪੁਲਿਸ ਚੌਂਕੀ ਲੈ ਗਏ ਅਤੇ ਉਸ ਨਾਲ ਬੁਰੀ ਤਰ੍ਹਾਂ ਕੁੱਟਮਾਰ ਕੀਤੀ। ਜਸਕਰਨ ਸਿੰਘ ਨੇ ਕਿਹਾ ਕਿ ਇਸ ਘਟਨਾ ਸਬੰਧੀ ਰਣਜੋਤ ਸਿੰਘ ਵੱਲੋਂ ਪਾਈ ਗਈ ਵੀਡੀਓ ਅਤੇ ਉਸਦੇ ਪਰਿਵਾਰ ਵੱਲੋਂ ਪੁਲਿਸ ਮੁਲਾਜ਼ਮਾਂ ਅਤੇ ਦੋਸ਼ੀ ਵਿਅਕਤੀਆਂ ਵਿਰੁੱਧ ਕਾਰਵਾਈ ਲਈ ਕੀਤੇ ਰੋਸ ਪ੍ਰਦਰਸ਼ਨ ਦਾ ਸਖ਼ਤ ਨੋਟਿਸ ਲੈਂਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਲੁਧਿਆਣਾ ਸ਼ਹਿਰ ਦੇ ਪੁਲਿਸ ਕਮਿਸ਼ਨਰ ਸਵਪਨ ਸ਼ਰਮਾ ਨਾਲ ਗੱਲਬਾਤ ਕਰਕੇ ਉਨ੍ਹਾਂ ਨੂੰ ਇਸ ਮਾਮਲੇ ਵਿੱਚ ਤੁਰੰਤ ਸਖ਼ਤ ਕਾਰਵਾਈ ਕਰਨ ਲਈ ਆਖਿਆ ਅਤੇ ਕਿਹਾ ਕਿ ਜੇਕਰ ਉਹ ਅਜਿਹਾ ਨਹੀਂ ਕਰਦੇ ਤਾਂ ਉਹ ਖੁਦ ਰੋਸ ਵਾਲੀ ਥਾਂ ਉੱਤੇ ਪਹੁੰਚ ਕੇ ਪੀੜਤ ਸਿੱਖ ਦਾ ਸਾਥ ਦੇਣਗੇ। ਜਿਸ ਤੋਂ ਬਾਅਦ ਲੁਧਿਆਣਾ ਪੁਲਿਸ ਨੇ ਰਣਜੋਤ ਸਿੰਘ ਦੀ ਸ਼ਿਕਾਇਤ ਉੱਤੇ ਪੁਲਿਸ ਮੁਲਾਜ਼ਮਾਂ ਅਤੇ ਦੋਸ਼ੀ ਵਿਅਕਤੀਆਂ ਦੇ ਵਿਰੁੱਧ ਪਰਚਾ ਦਰਜ ਕਰ ਦਿੱਤਾ ਹੈ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਪੰਜਾਬ ਅੰਦਰ ਕਿਸੇ ਵੀ ਸਿੱਖ ਨੌਜਵਾਨ ਨਾਲ ਧੱਕਾ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ ਅਤੇ ਜਿਹੜੇ ਵੀ ਵਿਅਕਤੀ ਕਿਸੇ ਧਰਮ ਬਾਰੇ ਮੰਦੀ ਭਾਵਨਾ ਰੱਖਦੇ ਹਨ ਪ੍ਰਸ਼ਾਸਨ ਨੂੰ ਉਨ੍ਹਾਂ ਉੱਤੇ ਕਾਰਵਾਈ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਅਜਿਹੇ ਸਮਾਜ ਵਿਰੋਧੀ ਅਨਸਰਾਂ ਨੂੰ ਠੱਲ੍ਹਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਜਿਨ੍ਹਾਂ ਪੁਲਿਸ ਮੁਲਾਜ਼ਮਾਂ ਨੇ ਕਾਨੂੰਨ ਦੀ ਰਾਖੀ ਕਰਨੀ ਹੈ ਜੇਕਰ ਉਹੀ ਕਾਨੂੰਨ ਦੀ ਉਲੰਘਣਾ ਕਰਨਗੇ ਤਾਂ ਆਮ ਲੋਕ ਨਿਆਂ ਲਈ ਕਿੱਥੇ ਜਾਣਗੇ।



ਸਿੱਖ ਟੈਕਸੀ ਡਰਾਈਵਰ 'ਤੇ ਤਸ਼ੱਦਦ ਦਾ ਮਾਮਲਾ

# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★









SANJHA PUNJAB
VEG & NON-VEG INDIAN
TAKE AWAY MENU

0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com

SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com

ALLERGY ADVICE !!
Please ask a member of staff if you have any food intolerance or allergies.

ਆਵਾਜ਼ਿ ਕੌਮ AWAZE QAUM
International Newspaper & WEB TV




# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

Dental Implants
Dental Laset
Tooth Coloured Braces
Digital IOPA x-ray
Digital OPG x-ray

## DR. KAMALJIT SAROA

B.D.S., Dental Surgeon
Moti Nagar, Near Railway Crossing, Maqsudan
Jalandhar-144 008

**Contact :**

**98150-83338**
**70879-59639**



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।

-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




ਧੰਨ ਧੰਨ ਸ਼੍ਰੀ ਗੁਰੂ ਹਰਿ ਰਾਇ ਸਾਹਿਬ ਜੀ

# ਮਹਾਨ ਅਵਤਾਰ ਪੁਰਬ



ਸ਼੍ਰੋਮਣੀ ਭਗਤ ਭਗਤ ਰਵਿਦਾਸ ਸਾਹਿਬ ਜੀ

ਜਨਮ ਦਿਹਾੜਾ ਸ਼੍ਰੋਮਣੀ ਭਗਤ ਭਗਤ ਰਵਿਦਾਸ ਸਾਹਿਬ ਜੀ, ਜਨਮ ਦਿਹਾੜਾ ਸਿਰ ਲੱਥ ਯੋਧੇ ਅਨੌਖੇ ਅਮਰ ਸ਼ਹੀਦ ਦਮਦਮੀ ਟਕਸਾਲ ਦੇ ਪਹਿਲੇ ਮੁੱਖੀ ਧੰਨ ਧੰਨ ਬਾਬਾ ਦੀਪ ਸਿੰਘ ਸਾਹਿਬ ਜੀ, ਅਵਤਾਰ ਪੁਰਬ ਧੰਨ ਧੰਨ ਸ਼੍ਰੀ ਗੁਰੂ ਹਰਿ ਰਾਇ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।



ਧੰਨ ਧੰਨ ਬਾਬਾ ਦੀਪ ਸਿੰਘ ਸਾਹਿਬ ਜੀ

● ਸ਼ੁੱਕਰਵਾਰ 10 : 00 ਵਜੇ ਆਰੰਭਤਾ ਹੋਵੇਗੀ ਅਤੇ ਐਤਵਾਰ 10:00 ਵਜੇ ਭੋਗ ਪੈਣਗੇ। ● ਸ਼ਨਿੱਚਰਵਾਰ 31 ਜਨਵਰੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।

ਐਤਵਾਰ 1 ਫਰਵਰੀ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ ਉਪਰੰਤ 1: 00 ਵਜੇ ਤੱਕ ਦੀਵਾਨ ਸੱਜਣਗੇ।

ਸ਼੍ਰੀ ਅਖੰਡ ਪਾਠ ਸਾਹਿਬ ਜੀ ਦੀ ਸੇਵਾ ਗੁਰ ਸਿੱਖ ਪਰਿਵਾਰ ਭਾਈ ਹਰਜੀਤ ਸਿੰਘ ਲੋਧੀ ਵੱਲੋਂ ਲਈ ਗਈ ਹੈ।

ਕਵੀਸ਼ਰੀ ਜਥਾ ਭਾਈ ਸਤਨਾਮ ਸਿੰਘ ਸਰਹਾਲੀ ਕਵੀਸ਼ਰੀ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਤਰਾ ਤਰ੍ਹਾਂ ਦੇ ਸਟਾਲ ਲੱਗਣਗੇ, ਗੁਰੂ ਕਾ ਲੰਗਰ ਅਤੁੱਟ ਵਰਤੇਗਾ।

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778





### ਆਰੀਆ ਸੀਨੀਅਰ ਸੈਕੰਡਰੀ ਸਕੂਲ ਧੂਰੀ ਵਿਖੇ

# ਸ੍ਰੀ ਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ ਗਿਆ



**ਧੂਰੀ (ਰਣਜੀਤ ਸਿੰਘ ਪੇਧਨੀ)**-ਆਰੀਆ ਸੀਨੀਅਰ ਸੈਕੰਡਰੀ ਸਕੂਲ ਧੂਰੀ ਵਿਖੇ ਸ਼੍ਰੀ ਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ ਗਿਆ। ਜਿਸ ਵਿੱਚ ਮੈਨੇਜਮੈਂਟ ਕਮੇਟੀ ਅਤੇ ਸਟਾਫ ਨੇ ਬੱਚਿਆਂ ਨੂੰ ਸ਼੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਅਤੇ ਉਪਦੇਸ਼ਾਂ ਬਾਰੇ ਜਾਣਕਾਰੀ ਦਿੱਤੀ।ਆਰੀਆ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਧਾਨ ਸ਼੍ਰੀ ਵਿੱਕੀ ਪਰੋਚਾ ਨੇ ਬੋਲਦਿਆਂ ਕਿਹਾ ਕਿ ਸ਼੍ਰੀ ਗੁਰੂ ਰਵਿਦਾਸ ਜੀ ਨੇ ਆਪਣੀ ਬਾਣੀ ਅੰਦਰ ਜਾਤ-ਪਾਤ ਦਾ ਖੰਡਨ ਕੀਤਾ।ਸਾਰੇ ਇਨਸਾਨ ਬਰਾਬਰ ਹਨ ਅਤੇ ਸਾਰੇ ਹੀ ਇਨਸਾਨਾਂ ਵਿੱਚ ਇੱਕ ਪਰਮਾਤਮਾ ਵਸਦਾ ਹੈ ਦਾ ਉਪਦੇਸ਼ ਦਿੱਤਾ। ਆਰੀਆ ਸਮਾਜ ਦੇ ਮਹਾਂਰਿਸ਼ੀ ਦਆਨੰਦ ਜੀ ਨੇ ਵੀ ਜਾਤ ਪਾਤ ਦਾ ਖੰਡਨ ਕੀਤਾ ਅਤੇ ਸਮਾਜਿਕ ਕੁਰੀਤੀਆਂ ਦਾ ਵਿਰੋਧ ਕੀਤਾ।ਆਰੀਆ ਸਕੂਲ ਅੰਦਰ ਹਰ ਸਾਲ ਮਹਾਂਪੁਰਸ਼ਾਂ ਦੇ ਜਨਮ ਦਿਹਾੜੇ ਮਨਾਏ ਜਾਣਗੇ। ਇਸ ਮੌਕੇ ਮੈਨੇਜਰ ਵਰਿੰਦਰ ਕੁਮਾਰ, ਪਵਨ ਕੁਮਾਰ ਮੀਤ ਪ੍ਰਧਾਨ, ਲੈਫਟੀਨੈਂਟ ਦਰਸ਼ਨ ਸਿੰਘ, ਦੀਵਾਨ ਚੰਦ ਬਾਂਸਲ ਪ੍ਰਧਾਨ ਆਰੀਆ ਕਾਲਜ, ਪ੍ਰਿੰਸੀਪਲ ਮੈਡਮ ਨੀਨਾ ਗੋਇਲ, ਸਕੂਲ ਸਟਾਫ ਅਤੇ ਬੱਚੇ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## .ਗ਼ਜ਼ਲ



ਵੋਟਾਂ ਮੰਗਣ ਵਾਲ਼ੇ ਆਏ ।
ਲਾਰੇ ਲੱਪੇ ਨਾਲ਼ ਲਿਆਏ ।
ਮੂੰਹੋਂ ਰਾਮ ਰਾਮ ਜੀ ਆਖਣ ,
ਖ਼ੰਜਰ ਬੁੱਕਲ਼ ਵਿੱਚ ਲੁਕਾਏ ।
ਸਾਥੋਂ ਮੱਤਦਾਨ ਦੀ ਖ਼ਾਤਰ ,
ਫੋਕੇ ਨ੍ਹਾਰੇ ਨਾਲ਼ ਲਿਆਏ ।
ਪਹਿਲਾਂ ਸੱਦੇ ਤੋਂ ਨਾ ਆਏ ,
ਆਏ ਨੇ ਹੁਣ ਬਿਨਾਂ ਬੁਲਾਏ ।
ਨਾ ਕੁੱਝ ਦਿੱਤੈ ਨਾ ਕੁੱਝ ਦੇਣਾ ,
ਐਪਰ ਸਬਜ ਬਾਗ. ਦਿਖਲਾਏ ।
ਕਿੰਨੀਂ ਛੇਤੀ ਖ਼ਾਸ ਹੋ ਗਏ ,
ਦੋ ਸਨ ਆਮ ਘਰਾਂ ਦੇ ਜਾਏ ।
ਖੁੱਲ੍ਹੇ ਨੈਣਾਂ ਨਾਲ਼ ਲਏ ਜੋ ,
ਸੁਪਨੇ ਰਹਿ 'ਗੇ ਧਰੇ ਧਰਾਏ ।
ਗਿਰਗਿਟ ਨੂੰ ਵੀ ਸੰਗ ਆ ਜਾਵੇ,
ਜਿੰਨੇਂ ਇਨ੍ਹਾਂ ਨੇ ਰੰਗ ਵਿਖਾਏ ।
ਇਹਨਾਂ ਦੇ ਚਿਹਰੇ 'ਤੇ ਰੌਣਕ ,
ਲੋਕੀਂ ਫਿਰਦੇ ਨੇ ਕੁਮਲਾਏ ।
ਦੁੱਧ ਮਲਾਈ ਖਾ ਪੀ ਜਾਂਦੇ ,
ਸਾਡੇ ਹਿੱਸੇ ਲਾਰੇ ਆਏ ।
ਸਾਡੇ ਧੀਆਂ ਪੁੱਤ ਇਨ੍ਹਾਂ ਨੇ ,
ਨਸ਼ਿਆਂ ਦੀ ਨੇ ਭੇਂਟ ਚੜ੍ਹਾਏ ।
ਜਿੱਤਣ ਮਗਰੋਂ ਬਣ ਜਾਂਦੇ ਨੇ ,
ਸਾਡੇ ਖ਼ੂਨ ਦੇ ਇਹ ਤ੍ਰਿਹਾਏ ।
ਮੁਰਦਾਬਾਦ ਇਨ੍ਹਾਂ ਦੀ ਕਰਕੇ ,
ਨਾਲ਼ੇ ਆਖੋ ਹਾਏ ਹਾਏ ।

ਆਵਾਜ਼ਿ ਕੌਮ AWAZE QAUM International Newspaper & WEB TV

-ਮੂਲ ਚੰਦ ਸ਼ਰਮਾ ਪ੍ਰਧਾਨ ,
ਪੰਜਾਬੀ ਸਾਹਿਤ ਸਭਾ ਧੂਰੀ ਜ਼ਿਲ੍ਹਾ ਸੰਗਰੂਰ ।
9914836037

# ਧੰਨ ਧੰਨ ਭਗਤ ਰਵਿਦਾਸ ਜੀ ਦੇ ਜਨਮ ਦਿਹਾੜੇ ਦੀਆਂ ਵਧਾਈਆਂ ਜੀ




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA
WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ
Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV




ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਸੰਤ ਗਿਆਨੀ ਗੁਰਬਚਨ ਸਿੰਘ ਜੀ
ਖਾ਼ਲਸਾ ਮੈਮੋਰੀਅਲ ਹਸਪਤਾਲ
ਇੱਥੇ ਹਰ ਸ਼ਨੀਵਾਰ ਅੱਖਾਂ ਦੇ ਫ੍ਰੀ ਆਪ੍ਰੇਸ਼ਨ ਕੀਤੇ ਜਾਂਦੇ ਹਨ।



ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ
+91 98767-50784 +91 98767-50784
ਮਹਿਤਾ ਚੌਂਕ, ਅੰਮ੍ਰਿਤਸਰ

### ਧੂਰੀ ਦੇ ਜਗਜੀਤ ਸਿੰਘ ਕਲਸੀ ਬਣੇ ਵਧੀਕ ਜ਼ਿਲ੍ਹਾ ਤੇ ਸੈਸ਼ਨ ਜੱਜ

# ਇਲਾਕੇ ਵਿੱਚ ਖੁਸ਼ੀ ਦੀ ਲਹਿਰ

**ਧੂਰੀ ( ਰਣਜੀਤ ਸਿੰਘ ਪੇਧਨੀ )** - ਮਿਹਨਤ, ਦ੍ਰਿੜ੍ਹ ਇਰਾਦਾ ਅਤੇ ਪਰਿਵਾਰਕ ਸਹਿਯੋਗ ਜੇਕਰ ਇੱਕਜੁੱਟ ਹੋ ਜਾਣ ਤਾਂ ਕੋਈ ਵੀ ਮੁਕਾਮ ਹਾਸਲ ਕਰਨਾ ਅਸੰਭਵ ਨਹੀਂ ਰਹਿੰਦਾ। ਇਸ ਗੱਲ ਨੂੰ ਸੱਚ ਕਰ ਵਿਖਾਇਆ ਹੈ ਧੂਰੀ ਦੇ ਜੰਮਪਲ ਜਗਜੀਤ ਸਿੰਘ ਕਲਸੀ ਨੇ, ਜਿਨ੍ਹਾਂ ਨੇ ਪੰਜਾਬ ਦੀ ਵੱਕਾਰੀ ਜੁਡੀਸ਼ਰੀ ਪ੍ਰੀਖਿਆ ਪਾਸ ਕਰਕੇ ਵਧੀਕ ਜ਼ਿਲ੍ਹਾ ਤੇ ਸੈਸ਼ਨ ਜੱਜ ਵਜੋਂ ਨਿਯੁਕਤ ਹੋ ਕੇ ਸ਼ਹਿਰ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ। ਵਰਤਮਾਨ ਵਿੱਚ ਮਾਲੇਰਕੋਟਲਾ ਵਿਖੇ ਬਤੌਰ ਡਿਪਟੀ ਜ਼ਿਲ੍ਹਾ ਅਟਾਰਨੀ ਸੇਵਾਵਾਂ ਨਿਭਾ ਰਹੇ ਸ੍ਰੀ ਕਲਸੀ ਦੀ ਇਸ ਉਪਲਬਧੀ ਨਾਲ ਪੂਰੇ ਇਲਾਕੇ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ ਅਤੇ ਉਨ੍ਹਾਂ ਦੇ ਗ੍ਰਹਿ ਵਿਖੇ ਵਧਾਈਆਂ ਦੇਣ ਵਾਲਿਆਂ ਦਾ ਤਾਂਤਾ ਲੱਗਿਆ ਹੋਇਆ ਹੈ।



ਸਥਾਨਕ ਮਿਹਨਤਕਸ਼ ਸ਼ਖ਼ਸੀਅਤ ਸ੍ਰੀ ਰਾਜਿੰਦਰ ਸਿੰਘ ਕਲਸੀ ਦੇ ਗ੍ਰਹਿ ਵਿਖੇ ਪੈਦਾ ਹੋਏ ਜਗਜੀਤ ਸਿੰਘ ਕਲਸੀ ਦਾ ਵਿੱਦਿਅਕ ਸਫ਼ਰ ਬੇਹੱਦ ਪ੍ਰੇਰਨਾਦਾਇਕ ਰਿਹਾ ਹੈ।ਉਨ੍ਹਾਂ ਨੇ ਆਪਣੀ ਮੁਢਲੀ ਸਿੱਖਿਆ ਸਥਾਨਕ ਆਦਰਸ਼ ਪਬਲਿਕ ਸਕੂਲ ਤੋਂ ਪ੍ਰਾਪਤ ਕੀਤੀ। ਇਸ ਉਪਰੰਤ ਸਰਕਾਰੀ ਰਣਬੀਰ ਕਾਲਜ, ਸੰਗਰੂਰ ਤੋਂ ਗ੍ਰੈਜੂਏਸ਼ਨ ਦੀ ਡਿਗਰੀ ਹਾਸਲ ਕੀਤੀ। ਕਾਨੂੰਨ ਦੀ ਪੜ੍ਹਾਈ ਪ੍ਰਤੀ ਅਥਾਹ ਲਗਨ ਸਦਕਾ ਉਨ੍ਹਾਂ ਪੰਜਾਬੀ ਯੂਨੀਵਰਸਿਟੀ ਪਟਿਆਲਾ ਤੋਂ ਵਕਾਲਤ ਦੀ ਡਿਗਰੀ ਮੁਕੰਮਲ ਕੀਤੀ। ਸਾਲ 2014 ਵਿੱਚ ਉਨ੍ਹਾਂ ਦੀ ਚੋਣ ਬਤੌਰ ਸਹਾਇਕ ਜ਼ਿਲ੍ਹਾ ਅਟਾਰਨੀ ਵਜੋਂ ਹੋਈ, ਜਿੱਥੋਂ ਉਨ੍ਹਾਂ ਦੇ ਪੇਸ਼ੇਵਰ ਸਫ਼ਰ ਦਾ ਆਗਾਜ਼ ਹੋਇਆ।

ਸਰਕਾਰੀ ਸੇਵਾ ਵਿੱਚ ਆਉਣ ਦੇ ਬਾਵਜੂਦ ਜਗਜੀਤ ਸਿੰਘ ਦੇ ਮਨ ਵਿੱਚ ਕੁਝ ਵੱਡਾ ਕਰਨ ਦੀ ਤੜਪ ਬਾਕੀ ਸੀ। ਉਨ੍ਹਾਂ ਦੱਸਿਆ ਕਿ ਸਹਾਇਕ ਜ਼ਿਲ੍ਹਾ ਅਟਾਰਨੀ ਅਤੇ ਡਿਪਟੀ ਜਿਲ੍ਹਾ ਅਟਾਰਨੀ ਵਜੋਂ ਸੇਵਾਵਾਂ ਨਿਭਾਉਂਦਿਆਂ ਵੀ ਉਨ੍ਹਾਂ ਦਾ ਅਸਲ ਨਿਸ਼ਾਨਾ ਨਿਆਂਪਾਲਿਕਾ ਦੀ ਉੱਚੀ ਕੁਰਸੀ 'ਤੇ ਬੈਠ ਕੇ ਲੋਕਾਂ ਨੂੰ ਇਨਸਾਫ਼ ਮੁਹੱਈਆ ਕਰਵਾਉਣਾ ਸੀ। ਉਨ੍ਹਾਂ ਨੇ ਆਪਣੀ ਡਿਊਟੀ ਦੇ ਨਾਲ-ਨਾਲ ਸਖ਼ਤ ਮਿਹਨਤ ਜਾਰੀ ਰੱਖੀ ਅਤੇ ਅੰਤ ਆਪਣੀ ਮੰਜ਼ਿਲ ਪ੍ਰਾਪਤ ਕਰ ਲਈ। ਆਪਣੀ ਇਸ ਸ਼ਾਨਦਾਰ ਪ੍ਰਾਪਤੀ ਦਾ ਸਿਹਰਾ ਪਰਿਵਾਰ ਅਤੇ ਦੋਸਤਾਂ-ਮਿੱਤਰਾਂ ਸਿਰ ਬੰਨ੍ਹਦਿਆਂ ਜਗਜੀਤ ਸਿੰਘ ਕਲਸੀ ਨੇ ਭਾਵੁਕ ਹੁੰਦਿਆਂ ਕਿਹਾ "ਇਸ ਮੁਕਾਮ 'ਤੇ ਪਹੁੰਚਣ ਲਈ ਮੈਨੂੰ ਵਾਹਿਗੁਰੂ ਦੀ ਅਪਾਰ ਬਖਸ਼ਿਸ਼ ਅਤੇ ਆਪਣੇ ਪਰਿਵਾਰ ਦਾ ਅਥਾਹ ਸਹਿਯੋਗ ਮਿਲਿਆ ਹੈ। ਮੇਰੇ ਮਾਤਾ-ਪਿਤਾ, ਭੈਣ-ਭਰਾ ਅਤੇ ਖਾਸ ਕਰਕੇ ਮੇਰੀ ਪਤਨੀ ਨੇ ਹਰ ਮੋੜ 'ਤੇ ਮੇਰਾ ਹੌਸਲਾ ਵਧਾਇਆ।ਉਨ੍ਹਾਂ ਦੀ ਪ੍ਰੇਰਨਾ ਸਦਕਾ ਹੀ ਮੈਂ ਅੱਜ ਇਸ ਵੱਕਾਰੀ ਅਹੁਦੇ 'ਤੇ ਪਹੁੰਚ ਸਕਿਆ ਹਾਂ।" ਉਨ੍ਹਾਂ ਨੌਜਵਾਨ ਪੀੜ੍ਹੀ ਨੂੰ ਵੀ ਸੰਦੇਸ਼ ਦਿੱਤਾ ਕਿ ਜੇਕਰ ਨਿਸ਼ਾਨਾ ਸਪੱਸ਼ਟ ਹੋਵੇ ਅਤੇ ਇਰਾਦੇ ਨੇਕ ਹੋਣ ਤਾਂ ਸਫਲਤਾ ਤੁਹਾਡੇ ਕਦਮ ਚੁੰਮਦੀ ਹੈ। ਇਲਾਕੇ ਦੀਆਂ ਪ੍ਰਮੁੱਖ ਸਖ਼ਸ਼ੀਅਤਾਂ ਨੇ ਕਲਸੀ ਪਰਿਵਾਰ ਨੂੰ ਇਸ ਇਤਿਹਾਸਕ ਪ੍ਰਾਪਤੀ ਲਈ ਮੁਬਾਰਕਬਾਦ ਦਿੱਤੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### ਸਕੂਲ ਆਫ਼ ਐਮੀਨੈਂਸ ਫ਼ਾਰ ਗਰਲਜ਼, ਮਾਲ ਰੋਡ ਵਿਖੇ

# ਸਾਲਾਨਾ ਇਨਾਮ-ਵੰਡ ਸਮਾਰੋਹ ਆਯੋਜਿਤ

ਜੰਡਿਆਲਾ ਗੁਰੂ , 31 ਜਨਵਰੀ ( ਕੁਲਵੰਤ ਸਿੰਘ ਵਿਰਦੀ ) ਅੱਜ ਜ਼ਿਲ੍ਹੇ ਦੇ ਸਕੂਲ ਆਫ਼ ਐਮੀਨੈਂਸ ਫ਼ਾਰ ਗਰਲਜ਼, ਮਾਲ ਰੋਡ ਵਿਖੇ ਸਾਲਾਨਾ ਇਨਾਮ ਵੰਡ ਸਮਾਰੋਹ ਆਯੋਜਿਤ ਕੀਤਾ ਗਿਆ। ਇਸ ਸਮਾਰੋਹ ਵਿਚ ਖੇਡਾਂ ਅਤੇ ਪ੍ਰੀਖਿਆਵਾਂ ਵਿਚੋਂ ਅੱਵਲ ਆਈਆਂ ਹੋਣਹਾਰ ਵਿਦਿਆਰਥਣਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਸ. ਹਰਭਜਨ ਸਿੰਘ ਈ.ਟੀ.ਓ. ਕੈਬਨਿਟ ਮੰਤਰੀ, ਪੰਜਾਬ, ਸ੍ਰੀਮਤੀ ਸੁਹਿੰਦਰ ਕੌਰ, ਵਿਸ਼ੇਸ਼ ਮਹਿਮਾਨ ਸ. ਕਰਮਜੀਤ ਸਿੰਘ ਰਿੰਟੂ ਚੇਅਰਮੈਨ ਅੰਮ੍ਰਿਤਸਰ ਇੰਪਰੂਵਮੈਂਟ ਟਰੱਸਟ, ਸ. ਗੁਰਪ੍ਰੀਤ ਕਟਾਰੀਆ ਸਕੂਲ਼ ਐੱਸ.ਐੱਮ.ਸੀ. ਚੇਅਰਮੈਨ, ਸ੍ਰੀ ਰਾਜੇਸ਼ ਕੁਮਾਰ ਸ਼ਰਮਾ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ) ਅੰਮ੍ਰਿਤਸਰ, ਸ੍ਰੀ ਰਾਜੇਸ਼ ਖੰਨਾ ਉੱਪ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ) ਅੰਮ੍ਰਿਤਸਰ, ਸ. ਕੰਵਲਜੀਤ ਸਿੰਘ ਸੰਧੂ ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿ), ਅੰਮ੍ਰਿਤਸਰ, ਸ੍ਰੀ ਆਸ਼ੂ ਵਿਸ਼ਾਲ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਅੰਮ੍ਰਿਤਸਰ, ਸ੍ਰੀਮਤੀ ਡੌਲੀ ਭਾਟੀਆ ਕੌਂਸਲਰ ਪ੍ਰਤੀਨਿਧੀ ਅਤੇ ਸਕੂਲ ਐੱਸ.ਐੱਮ.ਸੀ. ਮੈਂਬਰ ਸ਼ਾਮਿਲ ਹੋਏ ।ਸਮਾਰੋਹ ਦੌਰਾਨ ਮੁੱਖ ਮਹਿਮਾਨ ਸ. ਹਰਭਜਨ ਸਿੰਘ ਈ.ਟੀ.ਓ. ਕੈਬਨਿਟ ਮੰਤਰੀ, ਪੰਜਾਬ ਨੇ ਸਕੂਲ ਦੀਆਂ ਵਿਦਿਆਰਥਣਾਂ ਨੂੰ ਵਧਾਈ ਦਿੰਦਿਆ ਹੋਇਆਂ ਪ੍ਰੇਰਿਤ ਕਰਦਿਆਂ ਕਿਹਾ ਕਿ ਉਹ ਬਹੁਤ ਗੁਣੀ ਹਨ ਅਤੇ ਉਨ੍ਹਾਂ ਮਿਹਨਤ, ਆਤਮ ਵਿਸ਼ਵਾਸ, ਦ੍ਰਿੜਤਾ ਤੇ ਸਮਰਪਨ ਦੀ ਭਾਵਨਾ ਮਜਬੂਤ ਰੱਖ ਕੇ ਦੇਸ਼ ਵਿਦੇਸ਼ ਵਿਚ ਆਪਣਾ ਨਾਮ ਹੋਰ ਰੌਸ਼ਨ ਕਰਨਾ ਹੈ। ਉਨ੍ਹਾਂ ਕਿਹਾ ਕਿ ਮਿਆਰੀ ਸਿੱਖਿਆ ਨਾਲ ਹੀ ਤੱਰਕੀ ਸੰਭਵ ਹੈ ਅਤੇ ਪੰਜਾਬ ਵਿਚ ਸਕੂਲ ਆਫ਼ ਐਮੀਨੈਂਸ ਬਣਨ ਤੋਂ ਬਾਅਦ ਨਤੀਜੇ ਪਹਿਲਾਂ ਨਾਲੋਂ ਬਹੁਤ ਬੇਹਤਰ ਹੋ ਰਹੇ ਹਨ ਅਤੇ ਬੱਚੇ ਵਧੇਰੇ ਅੱਗੇ ਵੱਧ ਰਹੇ ਹਨ ।ਉਨ੍ਹਾਂ ਕਿਹਾ ਕਿ ਸਿੱਖਿਆ ਦੁਨੀਆ ਦਾ ਸਭ ਤੋਂ ਤਾਕਤਵਾਰ ਹਥਿਆਰ ਹੈ ਜੋ ਕਿ ਤੁਹਾਡੇ ਕੋਲੋਂ ਕੋਈ ਖੋਹ ਨਹੀਂ ਸਕਦਾ। ਉਨ੍ਹਾਂ ਮਾਲ ਰੋਡ ਸਕੂਲ ਦੀ ਪ੍ਰਿੰਸੀਪਲ ਮਨਦੀਪ ਕੌਰ ਅਤੇ ਸਟਾਫ ਦੀ ਸ਼ਲਾਘਾ ਕਰਦਿਆਂ ਸਕੂਲ ਨੂੰ ਹਰ ਪੱਖੋਂ ਹੋਰ ਵਧੀਆ ਬਣਾਉਣ ਲਈ ਆਪਣੀ ਵਚਨਬੱਧਤਾ ਦਿੱਤੀ। ਇਸ ਮੌਕੇ ਉਨ੍ਹਾਂ ਸਕੂਲ ਦੇ ਸਪੋਰਟਸ ਹਾਲ ਦੀ ਉਸਾਰੀ ਦਾ ਕੰਮ ਸ਼ੁਰੂ ਕਰਵਾਇਆ ਇਸ ਮੌਕੇ ਕਰਮਜੀਤ ਸਿੰਘ ਰਿੰਟੂ ਚੇਅਰਮੈਨ ਅੰਮ੍ਰਿਤਸਰ ਇੰਪਰੂਵਮੈਂਟ ਟਰੱਸਟ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਸਰਕਾਰੀ ਸਕੂਲਾਂ ਵਿਚ ਸਾਰੀਆਂ ਸਹੂਲਤਾਂ ਪ੍ਰਦਾਨ ਕੀਤੀਆਂ ਹਨ ਅਤੇ ਵਿਦਿਆਰਥਣਾਂ ਇਨ੍ਹਾਂ ਸਹੂਲਤਾਂ ਦਾ ਵਧੀਆ ਉਪਯੋਗ ਕਰਦੇ ਹੋਏ ਮਿਆਰੀ ਸਿੱਖਿਆ ਪ੍ਰਾਪਤ ਕਰਕੇ ਆਪਣੇ ਅਤੇ ਪਰਿਵਾਰ ਦੀ ਜ਼ਿੰਦਗੀ ਨੂੰ ਬੇਹਤਰ ਬਣਾਉਣ ਅਤੇ ਰਾਜ ਵਿਚ ਸਿੱਖਿਆ ਕ੍ਰਾਂਤੀ ਲੈਕੇ ਆ ਰਹੀਆਂ ਹਨ ।ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਮਨਦੀਪ ਕੌਰ ਨੇ ਮੁੱਖ ਮਹਿਮਾਨ ਅਤੇ ਵਿਸ਼ੇਸ਼ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਅਤੇ ਸਕੂਲ ਪ੍ਰਾਪਤੀਆਂ ਦੀ ਰਿਪੋਰਟ ਨਾਲ ਸਾਂਝ ਪੁਆਈ। ਉਨ੍ਹਾਂ ਕਿਹਾ ਜਿਥੇ ਇਸ ਸਕੂਲ ਦੀਆਂ ਵਿਦਿਆਰਥਣਾਂ ਅਕਾਦਮਿਕ ਅਤੇ ਖੇਡਾਂ ਵਿਚ ਜ਼ਿਲ੍ਹਾ, ਸਟੇਟ ਅਤੇ ਰਾਸ਼ਟਰੀ ਪੱਧਰ ਉੱਤੇ ਪ੍ਰਾਪਤੀਆਂ ਕਰਕੇ ਸਕੂਲ ਅਤੇ ਆਪਣੇ ਪਰਿਵਾਰ ਦਾ ਨਾਮ ਰੌਸ਼ਨ ਕਰ ਰਹੀਆਂ ਹਨ ਉਥੇ ਹੀ ਉਹ ਸਮਾਜ ਵਿਚ ਆ ਰਹੀਆਂ ਕੁਰੀਤੀਆਂ ਸਬੰਧੀ ਵੀ ਸਮਾਜ ਨੂੰ ਜਾਗਰੂਕ ਕਰ ਰਹੀਆਂ ਹਨ। ਉਨ੍ਹਾਂ ਸਕੂਲ ਸਟਾਫ ਦੀ ਮਿਹਨਤ, ਲਗਨ ਅਤੇ ਸਮਰਪਨ ਭਾਵਨਾ ਦੀ ਵੀ ਸ਼ਲਾਘਾ ਕੀਤੀ ।ਇਸ ਮੌਕੇ ਮੁੱਖ ਮਹਿਮਾਨ ਸ. ਹਰਭਜਨ ਸਿੰਘ ਨੇ ਸਕੂਲ ਦੀ ਅੰਤਰਰਾਸ਼ਟਰੀ ਜਿਮਨਾਸਟਿਕ ਖਿਡਾਰਨ ਹਰਮਨਜੀਤ ਕੌਰ, ਰਾਸ਼ਟਰੀ ਜਿਮਨਾਸਟਿਕ ਖਿਡਾਰਨਾਂ ਹਰਕੀਰਤ ਕੌਰ, ਇਨਾਯਤ, ਜੋਤੀ ਕੌਰ, ਪੂਨਮਪ੍ਰੀਤ ਕੌਰ, ਜ਼ਿਲ੍ਹਾ ਪੱਧਰੀ ਜੇਤੂ ਨੈੱਟਬਾਲ, ਬਾਕਿਸੰਗ, ਕੁਸ਼ਤੀਆਂ, ਵੇਟ ਲਿਫਟਿੰਗ, ਜੂਡੋ, ਬਾਸਿਕਟਬਾਲ, ਜਿਮਨਾਸਟਿਕ, ਫੈਂਸਿੰਗ, ਹਾਕੀ ਦੀਆਂ 24 ਟੀਮਾਂ ਅਤੇ ਜ਼ੋਨ ਪੱਧਰੀ ਕਰਾਟੇ, ਖੋ-ਖੋ, ਵਾਲੀਬਾਲ, ਰੱਸਾ ਕਸ਼ੀ, ਗੱਤਕਾ ਦੀਆਂ 12 ਟੀਮਾਂ ਨੂੰ ਉਚੇਚੇ ਤੌਰ ਤੇ ਸਨਮਾਨਿਤ ਕੀਤਾ। ਇਸ ਮੌਕੇ ਕੁੱਲ 106 ਸਟੇਟ ਪੱਧਰ ਅਤੇ 5 ਨੈਸ਼ਨਲ ਪੱਧਰ ਦੀਆਂ ਖਿਡਾਰਨਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਦੇ ਨਾਲ ਹੀ 90% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੀਆਂ ਬਾਰ੍ਹਵੀਆਂ ਜਮਾਤ ਦੀਆਂ 42 ਵਿਦਿਆਰਥਣਾਂ ਅਤੇ ਦਸਵੀਂ ਜਮਾਤ ਦੀਆਂ 5 ਵਿਦਿਆਰਥਣਾਂ ਨੂੰ ਉਚੇਚੇ ਤੌਰ ਤੇ ਸਨਮਾਨਿਤ ਕੀਤਾ। ਸ. ਹਰਭਜਨ ਸਿੰਘ ਵਲੋਂ ਸ੍ਰੀਮਤੀ ਮਨਦੀਪ ਕੌਰ ਪ੍ਰਿੰਸੀਪਲ ਮਾਲ ਰੋਡ, ਸ੍ਰੀਮਤੀ ਬਲਵਿੰਦਰ ਕੌਰ ਡੀ.ਪੀ.ਈ, ਸ. ਰਵਿੰਦਰ ਸਿੰਘ ਬਿੰਦਾ ਬਾਸਕਿਟਬਾਲ ਕੋਚ, ਸ. ਅਵਤਾਰ ਸਿੰਘ ਬਾਸਕਿਟਬਾਲ ਕੋਚ, ਬਲਜੀਤ ਕੌਰ ਹੋਸਟਲ ਵਾਰਡਨ, ਜਗਪ੍ਰੀਤ ਕੌਰ ਲੈਕਚਰਾਰ ਸਰੀਰਕ ਸਿੱਖਿਆ, ਅਮਿਤ ਕੁਮਾਰ ਪੀ.ਟੀ.ਆਈ. ਨੂੰ ਉਚੇਚੇ ਤੌਰ ਤੇ ਸਨਮਾਨਿਤ ਕੀਤਾ ।ਇਸ ਮੌਕੇ ਸਭਿਆਚਾਰਕ ਪ੍ਰੋਗਰਾਮ ਅਧੀਨ ਵਿਦਿਆਰਥਣਾਂ ਵਲੋਂ ਸ਼ਲਾਘਾਯੋਗ ਪੇਸ਼ਕਾਰੀ ਕੀਤੀ ਗਈ। ਮੰਚ ਸੰਚਾਲਨ ਸ੍ਰੀਮਤੀ ਕਵਲਇੰਦਰ ਕੌਰ ਵਲੋਂ ਕੀਤਾ ਗਿਆ। ਸਮਾਰੋਹ ਦੇ ਆਯੋਜਨ ਵਿਚ ਸ੍ਰੀਮਤੀ ਬਲਵਿੰਦਰ ਕੌਰ, ਮਨਦੀਪ ਕੌਰ ਬੱਲ, ਆਦਰਸ਼ ਸ਼ਰਮਾ, ਪਰਮਿੰਦਰ ਕੌਰ, ਮਨਦੀਪ ਕੌਰ, ਮਨਿੰਦਰ ਕੌਰ, ਨਵਦੀਪ ਕੌਰ, ਪਰਮਜੀਤ ਕੌਰ, ਪ੍ਰੀਤਇੰਦਰ ਕੌਰ, ਜੋਤੀ ਬਾਲਾ, ਜਗਪ੍ਰੀਤ ਕੌਰ, ਨੀਨਾ ਕੁਮਾਰੀ, ਸਮ੍ਰਿਤੀ, ਤਜਿੰਦਰ ਕੌਰ, ਬਲਜੀਤ ਕੌਰ, ਸੰਜੇ ਕੁਮਾਰ, ਰਾਜਵਿੰਦਰ ਸਿੰਘ, ਸੰਦੀਪ ਸ਼ਰਮਾ, ਮਹਿੰਦਰਪਾਲ ਸਿੰਘ, ਬਰਿੰਦਰਬੀਰ ਸਿੰਘ, ਪਰਮ ਆਫਤਾਬ ਸਿੰਘ, ਬਿੰਦੂ ਬਾਲਾ, ਅੰਕੁਸ਼ ਮਹਾਜਨ, ਅਲਕਾ ਰਾਣੀ, ਮਿਨਾਕਸ਼ੀ ਸ਼ਰਮਾ, ਸਿਕੰਦਰ ਸਿੰਘ ਅਤੇ ਅਮਿਤ ਕੁਮਾਰ ਨੇ ਉਚੇਚੀ ਭੂਮਿਕਾ ਨਿਭਾਈ। ਇਸ ਮੌਕੇ ਸਕੂਲ ਦਾ ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।



**ਸਕੂਲ ਦੀਆਂ 200 ਤੋਂ ਵੱਧ ਵਿਦਿਆਰਥਣਾਂ ਅਤੇ ਖਿਡਾਰਨਾਂ ਨੂੰ ਸ੍ਰ ਈ.ਟੀ.ਓ ਕੈਬਨਿਟ ਮੰਤਰੀ ਨੇ ਕੀਤਾ ਸਨਮਾਨਿਤ**

ਆਵਾਜ਼ਿ ਕੌਮ AWAZE QAUM International Newspaper & WEB TV

# ਸ਼੍ਰੋਮਣੀ ਕਮੇਟੀ ਦੇ ਧਿਆਨ 'ਚ ਲਿਆਂਦੇ ਬਿਨਾਂ ਪੁਲਿਸ ਦੁਆਰਾ ਕੀਤੀ ਕਾਰਵਾਈ ਪ੍ਰਬੰਧਾਂ ਵਿਚ ਦਖ਼ਲ- ਸਕੱਤਰ ਸ. ਪ੍ਰਤਾਪ ਸਿੰਘ

**ਨਵੀਂ ਦਿੱਲੀ 31 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):-** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਬੀਤੇ ਕੱਲ੍ਹ ਪੰਜਾਬ ਪੁਲਿਸ ਵੱਲੋਂ ਸ੍ਰੀ ਦਰਬਾਰ ਸਾਹਿਬ ਵਿਖੇ ਦੋ ਵਿਅਕਤੀਆਂ ਨੂੰ ਚੁੱਕੇ ਜਾਣ ਦੀ ਹਰਕਤ 'ਤੇ ਪ੍ਰਤੀਕਰਮ ਦਿੰਦਿਆਂ ਇਸ ਨੂੰ ਪੁਲਿਸ ਦੀ ਆਪਮੁਹਾਰੀ ਕਾਰਵਾਈ ਅਤੇ ਪ੍ਰਬੰਧਾਂ 'ਚ ਦਖ਼ਲ ਕਰਾਰ ਦਿੱਤਾ ਹੈ। ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ ਨੇ ਜਾਰੀ ਪ੍ਰੈੱਸ ਬਿਆਨ ਵਿਚ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਦੇਸ਼ ਵਿਦੇਸ਼ ਤੋਂ ਰੋਜ਼ਾਨਾ ਵੱਡੀ ਗਿਣਤੀ ਵਿਚ ਸੰਗਤਾਂ ਨਤਮਸਤਕ ਹੋਣ ਆਉਂਦੀਆਂ ਹਨ। ਪ੍ਰਬੰਧਕਾਂ ਨੂੰ ਬਿਨਾਂ ਕਿਸੇ ਜਾਣਕਾਰੀ ਦਿੱਤੇ ਪੁਲਿਸ ਦੁਆਰਾ ਕਿਸੇ ਨੂੰ ਹਿਰਾਸਤ ਵਿਚ ਲਏ ਜਾਣ ਦੀ ਕਾਰਵਾਈ ਅਣਉਚਿੱਤ ਅਤੇ ਸੰਗਤਾਂ ਦੀਆਂ ਭਾਵਨਾਵਾਂ ਦੇ ਵਿਰੁੱਧ ਹੈ। ਸਕੱਤਰ ਸ. ਪ੍ਰਤਾਪ ਸਿੰਘ ਨੇ ਕਿਹਾ ਕਿ ਸ੍ਰੀ ਦਰਬਾਰ ਸਾਹਿਬ ਸਿੱਖ ਸੰਗਤਾਂ ਦੀ ਆਸਥਾ ਦਾ ਕੇਂਦਰ ਹੈ, ਜਿਥੇ ਪੁਲਿਸ ਨੂੰ ਅਜਿਹੀ ਹਰਕਤ ਕਰਨ ਦੀ ਖੁੱਲ੍ਹ ਨਹੀਂ ਦਿੱਤੀ ਜਾ ਸਕਦੀ। ਉਨ੍ਹਾਂ ਕਿਹਾ ਕਿ ਬੀਤੇ ਕੱਲ੍ਹ ਪੁਲਿਸ ਕਾਰਵਾਈ ਦੀ ਸ਼੍ਰੋਮਣੀ ਕਮੇਟੀ ਜਾਂ ਸ੍ਰੀ ਦਰਬਾਰ ਸਾਹਿਬ ਦੇ ਪ੍ਰਬੰਧਕਾਂ ਨੂੰ ਕੋਈ ਸੂਚਨਾ ਨਹੀਂ ਦਿੱਤੀ ਗਈ। ਜੇਕਰ ਕਿਸੇ ਵਿਅਕਤੀ ਨੂੰ ਕਿਸੇ ਦੋਸ਼ ਤਹਿਤ ਹਿਰਾਸਤ ਵਿਚ ਲੈਣ ਦੀ ਲੋੜ ਸੀ ਤਾਂ ਸ਼੍ਰੋਮਣੀ ਕਮੇਟੀ ਨਾਲ ਸੰਪਰਕ ਕਰਨਾ ਚਾਹੀਦਾ ਸੀ। ਉਨ੍ਹਾਂ ਆਖਿਆ ਕਿ ਪੁਲਿਸ ਦੀ ਹਰਕਤ ਸਬੰਧੀ ਪ੍ਰਬੰਧਕੀ ਤੌਰ 'ਤੇ ਜਾਂਚ ਪੜਤਾਲ ਕੀਤੀ ਜਾ ਰਹੀ ਹੈ, ਜਿਸ ਦੀ ਰਿਪੋਰਟ ਕਾਰਜਕਾਰਨੀ ਕਮੇਟੀ ਨੂੰ ਸੌਂਪੀ ਜਾਵੇਗੀ।



ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ 'ਚ ਅਮਨ ਕਾਨੂੰਨ ਵਿਵਸਥਾ ਪੂਰੀ ਤਰ੍ਹਾਂ ਵਿਗੜੀ, ਸ਼ਰੇਆਮ ਕਤਲ ਚਿੰਤਾ ਦਾ ਵਿਸ਼ਾ : ਰਣਜੀਤ ਸਿੰਘ ਰੰਧਾਵਾ

**ਸੰਗਾਲਾ (ਰਣਜੀਤ ਸਿੰਘ ਪੇਧਨੀ)** -ਸ੍ਰੋਮਣੀ ਅਕਾਲੀ ਦਲ ਬਾਦਲ ਦੇ ਹਲਕਾ ਧੂਰੀ ਤੋਂ ਇੰਚਾਰਜ , ਉੱਘੇ ਸਮਾਜ ਸੇਵੀ ਰਣਜੀਤ ਸਿੰਘ ਰੰਧਾਵਾ ਕਾਤਰੋਂ ਨੇ ਪੰਜਾਬ ਵਿੱਚ ਵਾਪਰ ਰਹੀਆਂ ਅਣਸੁਖਾਵੀਂਆਂ ਘਟਨਾਵਾਂ 'ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਪੰਜਾਬ 'ਚ ਅਮਨ ਕਾਨੂੰਨ ਵਿਵਸਥਾ ਬਰੀ ਤਰ੍ਹਾਂ ਡਗਮਗਾ ਚੁੱਕੀ ਹੈ ਅਤੇ ਰਾਜ 'ਚ ਸ਼ਰੇਆਮ ਕਤਲਾਂ ਦੀਆਂ ਵਾਰਦਾਤਾਂ ਲਗਾਤਾਰ ਵੱਧ ਰਹੀਆ ਹਨ। ਉਨ੍ਹਾਂ ਆਖਿਆ ਕਿ ਆਮ ਲੋਕ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ ਅਤੇ ਸਰਕਾਰ ਦੀ ਨਾਕਾਮੀ ਹਰ ਪਾਸੇ ਸਾਫ਼ ਦਿਖਾਈ ਦੇ ਰਹੀ ਹੈ ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵਿੱਚ ਦਿਨ ਦਿਹਾੜੇ ਕਤਲ ਹੋ ਰਹੇ ਹਨ, ਪਰ ਪੁਲਸ ਪ੍ਰਸ਼ਾਸਨ ਨਾਕਾਮ ਸਾਬਤ ਹੋ ਰਿਹਾ ਹੈ ।ਉਨ੍ਹਾਂ ਦਾ ਦਾਅਵਾ ਹੈ ਕਿ ਸਰਕਾਰ ਬਿਆਨਾਂ ਤੱਕ ਸੀਮਿਤ ਹੋ ਕੇ ਰਹਿ ਗਈ ਹੈ, ਜਦਕਿ ਜ਼ਮੀਨੀ ਪੱਧਰ 'ਤੇ ਹਾਲਾਤ ਹੋਰ ਵੀ ਗੰਭੀਰ ਬਣਦੇ ਜਾ ਰਹੇ ਹਨ। ਉਨ੍ਹਾਂ ਆਖਿਆ ਕਿ ਨਸ਼ਾ ਸਮੱਗਲਿੰਗ, ਗੈਂਗ ਵਾਰ ਅਤੇ ਗੈਰ ਕਾਨੂੰਨੀ ਹਥਿਆਰਾਂ ਨੇ ਪੰਜਾਬ ਦੇ ਹਾਲਾਤ ਬਦ ਤੋਂ ਬਹਤਰ ਕਰ ਦਿੱਤੇ ਹਨ ਅਤੇ ਇਹ ਸਰਕਾਰ ਪੰਜਾਬ ਦੇ ਵਿਗੜ ਰਹੇ ਹਾਲਾਤਾ ਨੂੰ ਕੰਟਰੋਲ ਕਰਨ 'ਚ ਬੁਰੀ ਤਰ੍ਹਾਂ ਫੇਲ ਸਾਬਤ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਅਪਰਾਧੀਆਂ ਨੂੰ ਰਾਜਨੀਤਿਕ ਸਹਾਰਾ ਮਿਲਣ ਕਾਰਨ ਉਹ ਬੇਖੌਫ ਹੋ ਕੇ ਵਾਰਦਾਤਾਂ ਨੂੰ ਅੰਜਾਮ ਦੇ ਰਹੇ ਹਨ, ਪਰ ਸਰਕਾਰ ਵੱਲੋਂ ਕਾਨੂੰਨ ਵਿਵਸਥਾ ਸੁਧਾਰਨ ਦੇ ਦਾਅਵੇ ਸਿਰਫ਼ ਕਾਗਜ਼ੀ ਸਾਬਤ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਅਕਾਲੀ ਦਲ ਹਮੇਸ਼ਾ ਪੰਜਾਬ ਦੀ ਸ਼ਾਂਤੀ ਅਤੇ ਭਾਈਚਾਰੇ ਦੀ ਰੱਖਿਆ ਲਈ ਖੜ੍ਹਾ ਰਿਹਾ ਹੈ ਅਤੇ ਅੱਗੇ ਵੀ ਲੋਕਾਂ ਦੀ ਆਵਾਜ਼ ਬੁਲੰਦ ਕਰਦਾ ਰਹੇਗਾ।



ਆਵਾਜ਼ਿ ਕੌਮ AWAZE QAUM International Newspaper & WEB TV

# 261 ਵਾਂ ਸ਼ਹੀਦੀ ਦਿਹਾੜਾ ਤੇ 12 ਵੀ ਸਲਾਨਾ ਯਾਦ ਨੂੰ ਸਮਰਪਿਤ ਸ਼ਹੀਦੀ ਦਿਹਾੜਾ ਛਾਉਣੀ ਨਿਹੰਗ ਸਿੰਘਾਂ ਚਾਟੀਵਿੰਡ ਲੇਹਲ ਮਹਿਤਾ ਰੋਡ ਵਿਖੇ 7 ਫਰਵਰੀ ਨੂੰ : ਜਥੇ ਮੇਜ਼ਰ ਸਿੰਘ ਸੋਢੀ

ਜੰਡਿਆਲਾ ਗੁਰੂ 31 ਜਨਵਰੀ ( ਕੁਲਵੰਤ ਸਿੰਘ ਵਿਰਦੀ ) ਹਰ ਸਾਲ ਦੀ ਤਰ੍ਹਾਂ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਮੁਖੀ ਦਸਮੇਸ਼ ਤਰਨਾ ਦਲ ਦੀ ਦੇਖ ਰੇਖ ਅਤੇ ਆਦਿ ਗੁਰੂ ਗ੍ਰੰਥ ਸਾਹਿਬ ਜੀ ਦੇ ਅਗਵਾਈ ਤੇ ਸਮੂਹ ਇਲਾਕਾ ਸਮੇਤ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾਂ ਦੇ ਸੰਯੋਗ ਨਾਲ ਮਨਾਏ ਜਾਣ ਵਾਲੇ 261 ਵਾਂ ਸ਼ਹੀਦਾਂ ਦਿਹਾੜਾ ਤੇ 12 ਵੀ ਸਲਾਨਾ ਯਾਦ ਨੂੰ ਸਮਰਪਿਤ ਸ਼ਹੀਦੀ ਦਿਹਾੜਾ ਛਾਉਣੀ ਨਿਹੰਗ ਸਿੰਘਾਂ,ਚਾਟੀਵਿੰਡ ਲੇਹਲ ਮਾਂਗਾ ਸਰਾਏ ਮਹਿਤਾ ਰੋਡ ਅੰਮ੍ਰਿਤਸਰ ਵਿਖੇ ਤਿੰਨ ਰੋਜ਼ਾ ਗੁਰਮਤਿ ਸਮਾਗਮ ਬਹੁਤ ਹੀ ਸ਼ਰਧਾ ਭਾਵਨਾਵਾਂ ਤੇ ਉਤਸ਼ਾਹ ਨਾਲ ਕਰਵਾਇਆ ਜਾ ਰਿਹਾ ਹੈ ਸਮਾਗਮ ਦੀ ਆਰੰਭਤਾ 5 ਫਰਵਰੀ ਨੂੰ ਗੁਰਬਾਣੀ ਦੇ ਅਖੰਡਪਾਠ ਸਾਹਿਬ ਨਾਲ ਹੋ ਜਾਏਗੀ, ਅਤੇ 6 ਫਰਵਰੀ ਨੂੰ ਮੱਧ ਦੀ ਅਰਦਾਸ ਤੇ 7 ਫਰਵਰੀ ਨੂੰ ਰੱਖੇ ਆਖੰਡ ਪਾਠ ਸਾਹਿਬ ਦੇ ਭੋਗ ਅਰਦਾਸ ਤੇ ਪਾਵਨ ਪਵਿੱਤਰ ਹੁਕਮ ਨਾਮੇ ਤੋਂ ਉਪਰੰਤ ਬਾਹਰ ਸੁੰਦਰ ਪੰਡਾਲ ਵਿੱਚ ਗੁਰਮਤਿ ਸਮਾਗਮ ਦੀ ਆਰੰਭਤਾ ਹੋਵੇਗੀ ਜਿਸ ਵਿਚ ਪੰਥ ਦੇ ਮਹਾਨ ਰਾਗੀ ਢਾਡੀ ਕਵੀਸ਼ਰ ਪ੍ਰਚਾਰਕਾਂ ਤੋਂ ਇਲਾਵਾ ਸੰਤ ਸਮਾਜ ਨਾਲ ਸੰਬੰਧਿਤ ਸੰਤ ਮਹਾਂਪੁਰਸ਼, ਨਿਹੰਗ ਸਿੰਘ ਜਥੇਬੰਦੀਆਂ ਦੇ ਆਗੂ ਸਾਹਿਬਾਨ ਹਾਜ਼ਰੀ ਲਗਵਾਉਣ ਗੇ ਅਤੇ ਸ਼ਹੀਦ ਬਾਬਾ ਧੀਰ ਸਿੰਘ ਸ਼ਹੀਦ ਵੀਰ ਸਿੰਘ ਦੀਆਂ ਦੇ ਕੁਰਬਾਨੀਆਂ ਭਰੇ ਇਤਿਹਾਸ ਦੇ ਨਾਲ ਨਾਲ ਦਸਮੇਸ਼ ਤਰਨਾ ਦਲ ਦੇ ਸੱਚਖੰਡ ਮੁਖੀ ਜਥੇਦਾਰ ਬਾਬਾ ਬਲਕਾਰ ਸਿੰਘ ਦੀਆਂ ਸੇਵਾਵਾਂ ਸਬੰਧੀ ਜਾਣਕਾਰੀ ਦੇਣਗੇ, ਸਮੂਹ ਬੁਲਾਰਿਆਂ ਤੇ ਸੰਤਾਂ ਮਹਾਪੁਰਸ਼ਾਂ ਦਾ ਸਮਾਗਮ ਦੇ ਮੁੱਖ ਪ੍ਰਬੰਧਕ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਸਾਹਿਬ ਸਨਮਾਨਿਤ ਕਰਨਗੇ ਅਤੇ ਸ਼ਾਨਦਾਰ ਮਹੱਲਾ ਦਾ ਪ੍ਰਦਰਸ਼ਨ ਕੀਤਾ ਜਾਵੇਗਾ,ਅਨੇਕ ਪ੍ਰਕਾਰ ਦੇ ਪਦਾਰਥਾਂ ਦੇ ਲੰਗਰ ਦੇਗਾਂ ਸਰਦਾਰੀਆਂ ਅਤੁੱਟ ਵਰਤਾਏ ਜਾਣਗੇ ਅਤੇ ਅੰਮ੍ਰਿਤ ਸੰਚਾਰ ਵੀ ਕਰਵਾਇਆ ਜਾਵੇਗਾ ਸਮਾਗਮ ਵਿੱਚ ਵੱਖ ਵੱਖ ਧਾਰਮਿਕ ਸਿਆਸੀ ਤੇ ਸਮਾਜਿਕ ਆਗੂਆਂ ਦੇ ਨਾਲ ਨਿਹੰਗ ਸਿੰਘ ਜਥੇਬੰਦੀਆਂ ਦੇ ਆਗੂ ਸਾਹਿਬਾਨ ਵੀ ਪਹੁੰਚ ਰਹੇ ਹਨ, ਇਸ ਸਬੰਧੀ ਪ੍ਰੈੱਸ ਨੂੰ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਮੁੱਖ ਪ੍ਰਬੰਧਕ ਬਾਬਾ ਮੇਜਰ ਸਿੰਘ ਸੋਢੀ ਸਾਹਿਬ ਨਾਲ ਸਮਾਗਮ ਸਬੰਧੀ ਜਾਣਕਾਰੀ ਹਾਸਲ ਕਰਨ ਤੋਂ ਉਪਰੰਤ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਦਿੱਤੀ, ਉਹਨਾਂ ਭਾਈ ਖਾਲਸਾ ਨੇ ਕਿਹਾ ਬਾਬਾ ਮੇਜਰ ਸਿੰਘ ਸੋਢੀ ਨੇ ਦੱਸਿਆ ਸਮਾਗਮ ਦੀਆਂ ਮੁਕੰਬਲ ਤਿਆਰੀਆਂ ਹੋ ਚੁਕੀਆਂ ਹਨ, ਸੰਗਤਾਂ ਦੀ ਰਿਹਾਇਸ਼, ਪਾਰਕਿੰਗ ਤੇ ਲੰਗਰਾ ਦੇ ਪ੍ਰਬੰਧ ਕਰ ਲਏ ਗਏ ਹਨ, ਉਨ੍ਹਾਂ ਨਾਨਕ ਨਾਮ ਲੇਵਾ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਇਸ ਦੋ ਰੋਜ਼ਾ ਧਾਰਮਿਕ ਸਮਾਗਮ ਦੀ ਹਾਜ਼ਰੀ ਭਰਨ ਲਈ ਆਪਣੇ ਦੋਸਤਾਂ ਮਿੱਤਰਾਂ ਸਕੇ ਸਬੰਧੀਆਂ ਤੇ ਹੋਰ ਸਮੇਤ ਹਾਜਰੀ ਭਰਨ ਦੀ ਲੋੜ ਤੇ ਜੋਰ ਦੇਣ ਅਸੀਂ ਉਨ੍ਹਾਂ ਦੇ ਧੰਨਵਾਦੀ ਹੋਵਾਂਗੇ।



ਆਵਾਜ਼ਿ ਕੌਮ AWAZE QAUM International Newspaper & WEB TV

### ਯਾਦਗਾਰੀ ਹੋ ਨਿੱਬੜੇ ਪਿੰਡ ਜੋਗੇਵਾਲਾ ਡੱਬਵਾਲੀ ਵਿਖੇ ਸਜਾਏ ਗਏ

# ਜਥੇਦਾਰ ਦਾਦੂਵਾਲ ਜੀ ਵੱਲੋਂ 'ਰੂਹਾਨੀ ਧਾਰਮਿਕ ਦੀਵਾਨ'

## ਇਲਾਕੇ ਭਰ ਤੋਂ ਹਜਾਰਾਂ ਸਿੱਖ ਸੰਗਤਾਂ ਨੇ ਹਾਜ਼ਰੀ ਭਰੀ ਅਤੇ ਗੁਰਬਾਣੀ ਕਥਾ ਕੀਰਤਨ ਦਾ ਆਨੰਦ ਮਾਣਿਆ












(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

**ਤਲਵੰਡੀ ਸਾਬੋ, 31 ਜਨਵਰੀ (ਗੁਰਜੰਟ ਸਿੰਘ ਨਥੇਹਾ)-** ਧੰਨ ਧੰਨ ਸ਼੍ਰੀ ਗੁਰੂ ਹਰਿਰਾਇ ਸਾਹਿਬ ਮਹਾਰਾਜ ਜੀ ਦੇ ਪਾਵਨ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਤਿੰਨ ਰੋਜਾ 29 – 30 – 31 ਜਨਵਰੀ 2026 ਨੂੰ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ "ਰੂਹਾਨੀ ਧਾਰਮਿਕ ਦੀਵਾਨ" ਪਿੰਡ ਜੋਗੇਵਾਲਾ ਨੇੜੇ ਡੱਬਵਾਲੀ ਮੰਡੀ ਜਿਲਾ ਸਿਰਸਾ ਵਿਖੇ ਸਜਾਏ ਗਏ ਜਿਸ ਵਿੱਚ 29 ਅਤੇ 30 ਨੂੰ ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਰਾਗੀ ਜਥਾ ਗੁਰਦੁਆਰਾ ਦਾਦੂ ਸਾਹਿਬ,ਬਾਬਾ ਜਸਵਿੰਦਰ ਸਿੰਘ ਤਿਉਣਾ ਨੇ ਰਸਭਿੰਨਾ ਕੀਰਤਨ ਕੀਤਾ 31 ਤਰੀਕ ਅੱਜ ਦਾ ਦੀਵਾਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਵੱਲੋਂ ਸਜਾਇਆ ਗਿਆ ਇਲਾਕੇ ਭਰ ਤੋਂ ਹਜਾਰਾਂ ਸਿੱਖ ਸੰਗਤਾਂ ਨੇ ਹਾਜ਼ਰੀ ਭਰੀ ਅਤੇ ਗੁਰਬਾਣੀ ਕਥਾ ਕੀਰਤਨ ਦਾ ਆਨੰਦ ਮਾਣਿਆ ਅੱਜ ਧਾਰਮਿਕ ਦੀਵਾਨ ਦੀ ਹਾਜ਼ਰੀ ਭਰਨ ਵਾਸਤੇ ਬਾਬਾ ਗੁਰਪਾਲ ਸਿੰਘ ਜੀ ਚੋਰਮਾਰ ਵਾਲੇ,ਬਾਬਾ ਜਸਵਿੰਦਰ ਸਿੰਘ ਤਿਉਣਾ,ਬਾਬਾ ਨਿਰਮਲ ਸਿੰਘ ਫੱਗੂ,ਬਾਬਾ ਅੰਗਰੇਜ਼ ਸਿੰਘ ਫੱਗੂ,ਭਾਈ ਗੁਰਚਰਨ ਸਿੰਘ ਰਸੀਆ,ਭਾਈ ਜਗਤਾਰ ਸਿੰਘ ਮਾਨ ਮਿੱਠੜੀ ਅੰਤ੍ਰਿੰਗ ਮੈਂਬਰ HSGMC,ਭਾਈ ਗੁਰਪਾਲ ਸਿੰਘ ਗੋਰਾ ਪ੍ਰਧਾਨ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਐਲਨਾਬਾਦ ਮੈਂਬਰ HSGMC,ਭਾਈ ਜਗਸੀਰ ਸਿੰਘ ਮਾਂਗੇਆਣਾ ਮੈਂਬਰ SGPC,ਭਾਈ ਜਗਸੀਰ ਸਿੰਘ ਜੰਡਵਾਲਾ ਅਤੇ ਵੱਡੀ ਗਿਣਤੀ ਵਿੱਚ ਇਲਾਕੇ ਦੇ ਪੰਚ ਸਰਪੰਚ ਨੰਬਰਦਾਰ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਗ੍ਰੰਥੀ ਸਿੰਘ ਵੀ ਪੁੱਜੇ ਹੋਏ ਸਨ ਪ੍ਰਬੰਧਕਾਂ ਵੱਲੋਂ ਜਥੇਦਾਰ ਦਾਦੂਵਾਲ ਜੀ ਸਹਿਤ ਸਭ ਨੂੰ ਸਿਰਪਾਓ ਭੇਂਟ ਕਰਕੇ ਵਿਸ਼ੇਸ਼ ਸਨਮਾਨ ਕੀਤਾ ਗਿਆ। ••

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਯਾਦਗਾਰੀ ਹੋ ਨਿੱਬੜੇ ਪਿੰਡ ਜੋਗੇਵਾਲਾ ਡੱਬਵਾਲੀ ਵਿਖੇ ਸਜਾਏ ਗਏ

# ਜਥੇਦਾਰ ਦਾਦੂਵਾਲ ਜੀ ਵੱਲੋਂ 'ਰੂਹਾਨੀ ਧਾਰਮਿਕ ਦੀਵਾਨ'

## ਇਲਾਕੇ ਭਰ ਤੋਂ ਹਜ਼ਾਰਾਂ ਸਿੱਖ ਸੰਗਤਾਂ ਨੇ ਹਾਜ਼ਰੀ ਭਰੀ ਅਤੇ ਗੁਰਬਾਣੀ ਕਥਾ ਕੀਰਤਨ ਦਾ ਆਨੰਦ ਮਾਣਿਆ














ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਭਗਤ ਰਵੀਦਾਸ ਜੀ ਦੇ ਜਨਮ ਦਿਹਾੜੇ ਮੌਕੇ

# ਗੁ: ਬੁੰਗਾ ਨਾਨਕਸਰ ਤੋਂ ਸਜਾਇਆ ਗਿਆ ਨਗਰ ਕੀਰਤਨ



**ਤਲਵੰਡੀ ਸਾਬੋ, 31 ਜਨਵਰੀ (ਗੁਰਜੰਟ ਸਿੰਘ ਨਥੇਹਾ)**- ਸ਼੍ਰੋਮਣੀ ਭਗਤ, ਭਗਤ ਰਵੀਦਾਸ ਜੀ ਦਾ ਜਨਮ ਦਿਹਾੜਾ ਜਿੱਥੇ ਸਮੁੱਚੇ ਸੰਸਾਰ ਚ ਵੱਡੀ ਪੱਧਰ ਤੇ ਮਨਾਇਆ ਜਾ ਰਿਹੈ ਉੱਥੇ ਇਤਿਹਾਸਿਕ ਨਗਰ ਦਮਦਮਾ ਸਾਹਿਬ ਦੇ ਗੁਰਦੁਆਰਾ ਬੁੰਗਾ ਨਾਨਕਸਰ ਵਿਖੇ ਵੀ ਕਰਵਾਏ ਜਾ ਰਹੇ ਤਿੰਨ ਰੋਜ਼ਾ ਧਾਰਮਿਕ ਸਮਾਗਮਾਂ ਦੀ ਲੜੀ ਤਹਿਤ ਅੱਜ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਰਪ੍ਰਸਤੀ ਅਤੇ ਪੰਜ ਪਿਆਰਿਆਂ ਤੇ ਪੰਜ ਨਿਸ਼ਾਨਚੀ ਸਿੰਘਾਂ ਦੀ ਅਗਵਾਈ ਹੇਠ ਨਗਰ

ਆਵਾਜ਼ਿ ਕੌਮ AWAZE QAUM
International Newspaper & WEB TV



ਕੀਰਤਨ ਸਜਾਇਆ ਗਿਆ। ਗੁ: ਬੁੰਗਾ ਨਾਨਕਸਰ ਸਾਹਿਬ ਤੋਂ ਨਗਰ ਕੀਰਤਨ ਦੀ ਰਵਾਨਗੀ ਦੀ ਅਰਦਾਸ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਧਰਮ ਸਿੰਘ ਨੇ ਕੀਤੀ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਫੁੱਲਾਂ ਲੱਦੀ ਸੁੰਦਰ ਪਾਲਕੀ ਚ ਸ਼ੁਸ਼ੋਭਿਤ ਕੀਤੇ ਗਏ ਤੇ ਬਾਬਾ ਧਰਮ ਸਿੰਘ ਨੇ ਪੰਜ ਪਿਆਰਿਆਂ ਤੇ ਪੰਜ ਨਿਸ਼ਾਨਚੀ ਸਿੰਘਾਂ ਨੂੰ ਸਿਰੋਪਾਓ ਦੀ ਬਖਸ਼ਿਸ਼ ਕੀਤੀ। ਨਗਰ ਕੀਰਤਨ ਦੇ ਅੱਗੇ ਅੱਗੇ ਜਿੱਥੇ ਬਾਬਾ ਫਤਿਹ ਸਿੰਘ ਜੀ ਗੱਤਕਾ ਅਖਾੜਾ ਬੁੰਗਾ ਨਾਨਕਸਰ ਤਲਵੰਡੀ ਸਾਬੋ ਦੇ ਨੌਜਵਾਨ ਸਿੰਘ ਸਿੱਖ ਮਾਰਸ਼ਲ ਖੇਡ ਗੱਤਕੇ ਦੇ ਜੌਹਰ ਦਿਖਾਉਂਦੇ ਚੱਲ ਰਹੇ ਸਨ ਉੱਥੇ ਫੌਜੀ ਬੈਂਡ ਵਾਤਾਵਰਨ 'ਚ ਮਨਮੋਹਕ ਧੁਨਾਂ ਬਿਖੇਰ ਰਿਹਾ ਸੀ। ਨਗਰ ਕੀਰਤਨ ਦੌਰਾਨ ਭਾਈ ਕੁਲਦੀਪ ਸਿੰਘ ਦਾ ਰਾਗੀ ਜਥਾ ਸ਼ਬਦ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰ ਰਿਹਾ ਸੀ ਜਦੋਂਕਿ ਇਸ ਮੌਕੇ ਢਾਡੀ ਤੇ ਕਵੀਸ਼ਰੀ ਜਥਿਆਂ ਨੇ ਵਾਰਾਂ ਰਾਹੀਂ ਸ਼੍ਰੋਮਣੀ ਸੰਤ ਰਵੀਦਾਸ ਜੀ ਦੇ ਜੀਵਨ ਤੇ ਸਿੱਖਿਆਵਾਂ ਬਾਰੇ ਸੰਗਤਾਂ ਨੂੰ ਜਾਣੂੰ ਕਰਵਾਇਆ। ਨਗਰ ਦੇ ਵੱਖ-ਵੱਖ ਬਜ਼ਾਰਾਂ 'ਚ ਸੰਗਤਾਂ ਨੇ ਨਗਰ ਕੀਰਤਨ ਤੇ ਫੁੱਲਾਂ ਦੀ ਵਰਖਾ ਕੀਤੀ ਤੇ ਵੱਖ-ਵੱਖ ਪਦਾਰਥਾਂ ਦੇ ਲੰਗਰ ਵੀ ਲਗਾਏ। ਵੱਖ-ਵੱਖ ਇਲਾਕਿਆਂ ਤੋਂ ਹੁੰਦਾ ਹੋਇਆ ਸ਼ਾਮ ਨੂੰ ਨਗਰ ਕੀਰਤਨ ਗੁ: ਬੁੰਗਾ ਨਾਨਕਸਰ ਸਾਹਿਬ ਵਿਖੇ ਪੁੱਜ ਕੇ ਸਮਾਪਤ ਹੋਇਆ ਜਿੱਥੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਕਰਮ ਸਿੰਘ, ਬਾਬਾ ਧਰਮ ਸਿੰਘ ਤੇ ਸਮੂਹ ਅਹੁਦੇਦਾਰਾਂ ਵੱਲੋਂ ਨਗਰ ਕੀਰਤਨ ਮੌਕੇ ਸਹਿਯੋਗ ਦੇਣ ਵਾਲੀਆਂ ਸਖਸ਼ੀਅਤਾਂ ਤੇ ਸੰਗਤਾਂ ਦਾ ਧੰਨਵਾਦ ਕੀਤਾ ਗਿਆ। ਨਗਰ ਕੀਰਤਨ ਚ ਬਹੁਜਨ ਸਮਾਜ ਪਾਰਟੀ ਦੇ ਸੂਬਾ ਸਕੱਤਰ ਮਾ. ਜਗਦੀਪ ਸਿੰਘ ਗੋਗੀ, ਹਰਬੰਸ ਸਿੰਘ ਸਾਬਕਾ ਕਾਰਜਕਾਰੀ ਪ੍ਰਧਾਨ ਨਗਰ ਕੌਂਸਲ, ਬਸਪਾ ਆਗੂ ਹਰਨੇਕ ਸਿੰਘ ਤਲਵੰਡੀ, ਬਾਬਾ ਬੰਦਾ ਸਿੰਘ ਬਹਾਦਰ ਦਲ ਦੇ ਸੁਰਜੀਤ ਸਿੰਘ ਰਾਜਪੂਤ ਸਮੇਤ ਮੁਹਤਬਰਾਂ ਤੇ ਵੱਡੀ ਗਿਣਤੀ ਸੰਗਤਾਂ ਨੇ ਹਾਜ਼ਰੀ ਭਰੀ।

### ਪੰਜਾਬ ਦੇ ਇੱਕ ਲੱਖ ਨੌਜਵਾਨਾਂ ਨੂੰ ਖਤਮ ਕਰਨ ਵਾਲੀ ਚੱਲੀ ਗੱਲ ਨੂੰ

# ਡੀ ਜੀ ਪੀ ਗੌਰਵ ਯਾਦਵ ਨੇ ਅਫਵਾਹਾਂ ਦੱਸਿਆ



ਅੰਮ੍ਰਿਤਸਰ 31 ਜਨਵਰੀ ( ਕੁਲਵੰਤ ਸਿੰਘ ਵਿਰਦੀ ) : ਬੀਤੇ ਦਿਨੀਂ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖ਼ਿਲਾਫ਼ ਵਿੱਢੀ ਮੁਹਿੰਮ ਤੋਂ ਬਾਅਦ ਹੁਣ ਗੈਂਗਸਟਰਾਂ ਵਿਰੁੱਧ ਜੰਗ ਦਾ ਐਲਾਨ ਕੀਤਾ ਹੋਇਆ ਹੈ ਇਹ ਪੁਲਿਸ ਦੇ ਡੀ ਜੀ ਪੀ ਗੌਰਵ ਯਾਦਵ ਵਲੋਂ ਕੀਤਾਂ ਗਿਆ ਕੁਝ ਲੋਕਾਂ ਨੂੰ ਨਜਾਇਜ਼ ਵੀ ਚੁਕਿਆਂ ਗਿਆ ਅਤੇ ਇਸ ਦੇ ਨਾਲ ਹੀ ਰਾਜ਼ ਦੇ ਲੋਕਾਂ ਵਿੱਚ ਜੰਗਲ ਦੀ ਅੱਗ ਵਾਂਗ ਇਹ ਗੱਲ ਫੈਲ ਗਈ ਕਿ ਬੀਤੇ ਸਮੇਂ ਦੀ ਤਰ੍ਹਾਂ ਪੰਜਾਬ ਪੁਲਿਸ ਵੱਲੋਂ ਗੈਂਗਸਟਰਾਂ ਵਿਰੁੱਧ ਛੇੜੀ ਜੰਗ ਤਹਿਤ ਪੰਜਾਬ ਦਾ ਇੱਕ ਲੱਖ ਨੌਜਵਾਨ ਮਾਰਿਆ ਜਾ ਸਕਦਾ ਹੈ, ਇਥੇ ਹੀ ਬੱਸ ਨਹੀਂ ਹੋਈ ਪਿੰਡਾਂ ਦੇ ਗੁਰਦੁਆਰਿਆਂ ਵਿੱਚ ਬੋਲਿਆ ਗਿਆ ਕਿ ਛੇ ਵਜੇ ਤੋਂ ਬਾਅਦ ਆਪਣੇ ਨੌਜਵਾਨ ਲੜਕਿਆਂ ਨੂੰ ਬਾਹਰ ਨਾ ਭੇਜਿਆ ਜਾਵੇ ਕਿਉਂਕਿ ਕੋਈ ਵੀ ਹਾਦਸਾ ਵਾਪਰ ਸਕਦਾ ਹੈ ਪਰ ਅੱਜ ਪੰਜਾਬ ਦੇ ਡੀ ਜੀ ਪੀ ਗੌਰਵ ਯਾਦਵ ਨੇ ਇੱਕ ਪ੍ਰੈਸ ਕਾਨਫਰੰਸ ਰਾਹੀਂ ਇਸ ਗੱਲ ਨੂੰ ਨਿਰਾ ਅਫਵਾਹਾਂ ਦੱਸਿਆ ਤੇ ਨਾਲ ਹੀ ਕਿਹਾ ਸਾਡੀ ਲੜਾਈ ਗੈਂਗਸਟਰਾ ਵਿਰੁੱਧ ਹੈ ਅਸੀਂ ਉਹਨਾਂ ਨੂੰ ਕਹਿੰਦੇ ਹਾਂ ਕਿ ਜਾ ਤਾਂ ਉਹ ਅਪ੍ਰਾਧ ਦੀ ਦੁਨੀਆਂ ਨੂੰ ਛੱਡ ਕੇ ਸਾਡੇ ਨਾਲ ਰਾਬਤਾ ਕਰ ਲੈਣ ਨਹੀਂ ਤਾਂ ਲੋਕਾਂ ਤੇ ਜ਼ੁਲਮ ਕਮਾਉਂਣ ਵਾਲੇ ਕਿਸੇ ਵੀ ਅਪਰਾਧੀ ਨੂੰ ਬਖਸ਼ਿਆ ਨਹੀਂ ਜਾਵੇਗਾ, ਭਾਈ ਕਿ ਬੀਤੇ ਸਮੇਂ ਅੱਤਵਾਦ ਦੀ ਆੜ ਵਿੱਚ ਮਾਰੇਂ ਗਏ ਨਿਰਦੋਸ਼ ਨੌਜਵਾਨਾਂ ਕਰਕੇ ਮਾਨਯੋਗ ਅਦਾਲਤ ਨੇ ਸਖ਼ਤ ਹੁਕਮ ਜਾਰੀ ਕੀਤੇ ਹਨ ਕਿ ਗੈਂਗਸਟਰਾਂ ਵਿਰੁੱਧ ਛੇੜੀ ਜੰਗ ਦੀ ਆੜ ਵਿੱਚ ਨਿਰਦੋਸ਼ ਨੌਜਵਾਨ ਨੂੰ ਨਿਸ਼ਾਨਾ ਨਾ ਬਣਾਇਆ ਜਾਵੇ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਡੀ ਜੀ ਪੀ ਗੌਰਵ ਯਾਦਵ ਵਲੋਂ ਪ੍ਰੈਸ ਕਾਨਫਰੰਸ ਦੌਰਾਨ ਪੰਜਾਬ 'ਚ ਗੈਗਸਟਰ ਵਿਰੋਧੀ ਜੰਗ ਤਹਿਤ ਇੱਕ ਲੱਖ ਨੌਜਵਾਨ ਨੂੰ ਮਾਰਨ ਦੀ ਘਰ ਘਰ ਚੱਲੀ ਗੱਲ ਨੂੰ ਧਿਰਾਂ ਅਫਵਾਹਾਂ ਦੱਸਣ ਦੀ ਸ਼ਲਾਘਾ ਤੇ ਨਿਰਦੋਸ਼ ਲੋਕਾਂ ਨੂੰ ਅਦਾਲਤ ਦੇ ਹੁਕਮਾਂ ਅਨੁਸਾਰ ਤੰਗ ਪ੍ਰੇਸਾਨ ਨਾਂ ਕਰਨ ਦੀ ਮੰਗ ਕਰਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ, ਉਹਨਾਂ ਕਿਹਾ ਇੱਕ ਲੱਖ ਨੌਜਵਾਨਾਂ ਨੂੰ ਮਾਰਨ ਦਾ ਲੋਕਾਂ ਦਾ ਛੰਕਾ ਠੀਕ ਹੀ ਹੈ ਕਿਉਂਕਿ ਬੀਤੇ ਸਮੇਂ 40000 ਲਾਵਾਰਸ ਲਾਸ਼ਾਂ ਦਾ ਮਾਮਲਾ ਅਦਾਲਤ ਸਾਹਮਣੇ ਆ ਚੁੱਕਿਆ ਹੈ ਜਿਸ ਕਰਕੇ ਹੁਣ ਵੀ ਇਹ ਗੱਲ ਰਾਜ ਦੇ ਲੋਕਾਂ 'ਚ ਫੈਲ ਗਈ ਕਿ ਗੈਂਗਸਟਰਾਂ ਵਿਰੋਧੀ ਵਿੱਢੀ ਜੰਗ ਤਹਿਤ ਪੰਜਾਬ ਦਾ ਇੱਕ ਲੱਖ ਨੌਜਵਾਨ ਮੁੰਡਾਂ ਮਾਰਿਆਂ ਜਾ ਸਕਦਾ ਹੈ ? ਆਪਣੇ ਨੌਜਵਾਨ ਪੁੱਤਰਾਂ ਨੂੰ ਰਾਤ ਨੂੰ ਘਰਾਂ ਤੋਂ ਬਾਹਰ ਨਾਂ ਨਿਕਲਣ ਦੇਵੋ, ਭਾਈ ਖਾਲਸਾ ਨੇ ਸਪਸ਼ਟ ਕੀਤਾ ਹੁਣ ਡੀ ਜੀ ਪੀ ਗੌਰਵ ਯਾਦਵ ਨੇ ਇੱਕ ਪ੍ਰੈਸ ਕਾਨਫਰੰਸ ਦੌਰਾਨ ਪੱਤਰਕਾਰਾਂ ਨੂੰ ਦੱਸਿਆ ਕਿ ਇੱਕ ਲੱਖ ਨੌਜਵਾਨ ਮਾਰਨ ਵਾਲੀਆਂ ਗੱਲਾਂ ਸਿਰਫ ਤੇ ਸਿਰਫ ਫੋਕੀਆਂ ਅਫਵਾਹਾਂ ਹਨ ਅਜਿਹਾ ਕੁਝ ਨਹੀਂ ? ਜੰਗ ਬੜੇ ਸਾਰਥਕ ਢੰਗ ਨਾਲ ਚਲਾਈ ਜਾ ਰਹੀ ਹੈ ਕਿਸੇ ਵੀ ਨਿਰਦੋਸ਼ ਨੌਜਵਾਨ ਨੂੰ ਤੰਗ ਪ੍ਰੇਸਾਨ ਨਹੀਂ ਕੀਤਾ ਜਾਵੇਗਾ ਇਹ ਭਰੋਸਾ ਡੀ ਜੀ ਪੀ ਨੇ ਰਾਜ ਦੇ ਲੋਕਾਂ ਨੂੰ ਦਿਵਾਇਆ ਹੈ, ਭਾਈ ਖਾਲਸਾ ਨੇ ਦੱਸਿਆ ਸਾਡੀ ਜਥੈਬੰਦੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਇਕ ਲੱਖ ਨੌਜਵਾਨ ਮਾਰਨ ਵਾਲੀ ਘਰ ਘਰ ਚੱਲੀ ਗੱਲ ਨੂੰ ਪੰਜਾਬ ਦੇ ਡੀ ਜੀ ਪੀ ਵੱਲੋਂ ਨਿਰੀ ਅਫਵਾਹ ਦੱਸਣ ਵਾਲੇ ਬਿਆਨ ਦੀ ਸ਼ਲਾਘਾ ਅਤੇ ਅਦਾਲਤ ਦੇ ਹੁਕਮਾਂ ਅਨੁਸਾਰ ਗੈਂਗਸਟਰਾਂ ਵਿਰੁੱਧ ਵਿੱਢੀ ਜੰਗ ਤਹਿਤ ਰਾਜ ਦੇ ਨਿਰਦੋਸ਼ ਲੋਕਾਂ ਨੂੰ ਨਾਂ ਤੰਗ ਪ੍ਰੇਸਾਨ ਕਰਨ ਦੀ ਮੰਗ ਕਰਦੀ ਹੈ ਕਿਉਂਕਿ ਜਿਥੇ ਸਮਾਜ ਵਿਰੋਧੀ ਅਨਸਰਾਂ ਦਾ ਪੰਜਾਬ 'ਚ ਸਫ਼ਾਇਆ ਹੋਣਾ ਜ਼ਰੂਰੀ ਹੈ ਉਥੇ ਅਦਾਲਤ ਦੇ ਹੁਕਮਾਂ ਦੀ ਪਾਲਣਾ ਕਰਦੇ ਹੋਏ ਨਿਰਦੋਸ਼ ਲੋਕਾਂ ਨੂੰ ਤੰਗ ਪ੍ਰੇਸਾਨ ਕਰਨਾ ਵੀ ਵੱਡਾ ਅਪਰਾਧ ਹੈ । ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਕਈ ਫੈਡਰੇਸ਼ਨ ਕਾਰਕੁੰਨ ਹਾਜਰ ਸਨ।

**ਪਰ ਪੁਲਿਸ ਅਦਾਲਤ ਦੇ ਹੁਕਮਾਂ ਅਨੁਸਾਰ ਨਾਂ ਕਰੇ ਨਿਰਦੋਸ਼ ਨੌਜਵਾਨਾਂ ਨੂੰ ਤੰਗ ਪ੍ਰੇਸ਼ਾਨ : ਭਾਈ ਵਿਰਸਾ ਸਿੰਘ ਖਾਲਸਾ**

ਆਵਾਜ਼ਿ ਕੌਮ AWAZE QAUM
International Newspaper & WEB TV

## ਅਮਰੀਕਾ ਦੌਰੇ ਤੇ ਜਾ ਰਹੇ ਵਿਦੇਸ਼ੀ ਸਿੱਖਾਂ ਦੇ ਕਤਲਾਂ ਵਿਚ ਸ਼ਕੀ ਭਾਰਤੀ ਵਿਦੇਸ਼ਮੰਤਰੀ ਜੈਸੰਕਰ ਦੀ ਟਰੰਪ ਹਕੂਮਤ ਅੱਗੇ ਗ੍ਰਿਫਤਾਰੀ ਦੀ ਮੰਗ: ਮਾਨ

ਨਵੀਂ ਦਿੱਲੀ 31 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਆਉਣ ਵਾਲੇ ਦਿਨਾਂ ਵਿਚ ਇੰਡੀਆਂ ਦੇ ਵਿਦੇਸ ਵਜੀਰ ਜੈਸੰਕਰ ਵੱਲੋਂ ਅਮਰੀਕਾ ਦੌਰੇ ਤੇ ਜਾ ਰਹੇ ਹਨ ।ਕਿਉਂਕਿ ਇੰਡੀਆਂ ਦੀ ਮੌਜੂਦਾ ਬੀਜੇਪੀ- ਆਰ.ਐਸ.ਐਸ ਮੋਦੀ ਹਕੂਮਤ ਅਤੇ ਉਸ ਵਿਚ ਸਾਮਿਲ ਸਿੱਖ ਕਤਲੇਆਮ ਦੀ ਚੰਡਾਲ ਚੌਂਕੜੀ ਗ੍ਰਹਿ ਵਜੀਰ ਅਮਿਤ ਸ਼ਾਹ, ਰੱਖਿਆ ਵਜੀਰ ਰਾਜਨਾਥ ਸਿੰਘ, ਸੁਰੱਖਿਆ ਸਲਾਹਾਕਰ ਅਜੀਤ ਡੋਵਾਲ, ਰਾਅ ਮੁੱਖੀ ਰਵੀ ਸਿਨ੍ਹਾਂ ਅਤੇ ਸਾਬਕਾ ਰਾਅ ਮੁੱਖੀ ਸੰਮਤ ਗੋਇਲ ਵੱਲੋਂ ਹਰਦੀਪ ਸਿੰਘ ਨਿੱਝਰ, ਰਿਪੁਦਮਨ ਸਿੰਘ ਮਲਿਕ ਅਤੇ ਸੁਖਦੂਲ ਸਿੰਘ ਕੈਨੇਡਾ, ਅਵਤਾਰ ਸਿੰਘ ਖੰਡਾ



ਆਵਾਜ਼ਿ ਕੌਮ AWAZE QAUM
International Newspaper & WEB TV

ਬਰਤਾਨੀਆ, ਪਰਮਜੀਤ ਸਿੰਘ ਪੰਜਵੜ ਤੇ ਲਖਬੀਰ ਸਿੰਘ ਰੋਡੇ ਪਾਕਿਸਤਾਨ, ਦੀਪ ਸਿੰਘ ਸਿੱਧੂ ਹਰਿਆਣਾ, ਸੁਭਦੀਪ ਸਿੰਘ ਸਿੱਧੂ ਮੂਸੇਵਾਲਾ ਅਤੇ ਗੁਰਪ੍ਰੀਤ ਸਿੰਘ ਹਰੀਨੌ ਦੇ ਕਤਲ ਕਰਨ ਅਤੇ ਅਮਰੀਕਨ ਨਾਗਰਿਕ ਗੁਰਪਤਵੰਤ ਸਿੰਘ ਪੰਨੂ ਨੂੰ ਮਾਰਨ ਦੀ ਕੋਸਿਸ ਕੀਤੀ ਗਈ ਸੀ । ਇਸ ਤੋ ਇਲਾਵਾ ਇਨ੍ਹਾਂ ਕਾਤਲਾਂ ਨੇ ਆਪ ਵਰਗੇ ਅਮਰੀਕਨ ਮੁਲਕ ਤੇ ਹੋਰਨਾਂ ਮੁਲਕਾਂ ਦੀ ਪ੍ਰਭੂਸਤਾਂ ਨੂੰ ਤੋੜਨ ਦੇ ਨਾਲ-ਨਾਲ ਅਮਰੀਕਾ ਦੀ ਮੁਨਰੋ ਡਾਕਟਰੀਨ ਦਾ ਵੀ ਘਾਣ ਕੀਤਾ ਹੈ ।ਜਦੋਂ ਹੁਣ ਉਪਰੋਕਤ ਚੰਡਾਲ ਚੌਂਕੜੀ ਵਿਚ ਸਾਮਿਲ ਸ੍ਰੀ ਜੈਸੰਕਰ ਅਮਰੀਕਾ ਦੌਰੇ ਤੇ ਆ ਰਹੇ ਹਨ, ਤਾਂ ਅਮਰੀਕਾ ਦੀ ਟਰੰਪ ਹਕੂਮਤ ਨੂੰ ਕੌਮਾਂਤਰੀ ਕਾਨੂੰਨਾਂ ਅਧੀਨ ਆਪਣੇ ਮੁਲਕ ਦੀ ਪ੍ਰਭੂਸਤਾ ਨੂੰ ਤੋੜਨ ਅਤੇ ਸਿੱਖਾਂ ਦੇ ਗੈਰ ਕਾਨੂੰਨੀ ਢੰਗ ਨਾਲ ਕਤਲੇਆਮ ਕਰਨ ਨੂੰ ਮੁੱਖ ਰੱਖਕੇ ਕਾਨੂੰਨੀ ਅਮਲ ਕਰਦੇ ਹੋਏ ਉਨ੍ਹਾਂ ਦੀ ਗ੍ਰਿਫਤਾਰੀ ਕਰਕੇ ਆਪਣੇ ਕਾਨੂੰਨ ਅਨੁਸਾਰ ਅਗਲੇਰੀ ਕਾਰਵਾਈ ਪਹਿਲ ਦੇ ਆਧਾਰ ਤੇ ਕਰਨੀ ਬਣਦੀ ਹੈ । ਤਾਂ ਕਿ ਅਮਰੀਕਾ ਦੀ ਖੁਦਮੁਖਤਿਆਰੀ ਨੂੰ ਸੱਟ ਮਾਰਨ ਵਾਲੇ ਅਤੇ ਇਨਸਾਨੀਅਤ ਦਾ ਕਤਲ ਕਰਨ ਵਾਲੇ ਅਜਿਹੇ ਹੁਕਮਰਾਨਾਂ ਨੂੰ ਉਨ੍ਹਾਂ ਦੇ ਕੀਤੇ ਦੀ ਕਾਨੂੰਨ ਅਨੁਸਾਰ ਸਜ਼ਾ ਮਿਲ ਸਕੇ । ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਅਮਰੀਕਾ ਦੀ ਟਰੰਪ ਹਕੂਮਤ ਨੂੰ, ਇੰਡੀਆਂ ਦੇ ਵਿਦੇਸ ਵਜੀਰ ਜੈਸੰਕਰ ਵੱਲੋ ਅਮਰੀਕਾ ਦੌਰੇ ਤੇ ਜਾਣ ਸਮੇ ਆਪਣੇ ਕਾਨੂੰਨ ਅਨੁਸਾਰ ਅਗਲੇਰੀ ਕਾਰਵਾਈ ਕਰਨ ਅਤੇ ਸਿੱਖ ਕੌਮ ਨੂੰ ਇਨਸਾਫ਼ ਦਿਵਾਉਣ ਦੀ ਅਪੀਲ ਕਰਦੇ ਹੋਏ ਪ੍ਰਗਟ ਕੀਤੇ।

## ਖਾਲਿਸਤਾਨ ਪੱਖੀ ਸਮੂਹ ਐਸਐਫਜੇ ਨੇ ਟਰੰਪ ਦੇ 'ਪੀਸ ਬੋਰਡ' ਵਿੱਚ ਸ਼ਾਮਲ ਹੋਣ ਲਈ 1 ਬਿਲੀਅਨ ਡਾਲਰ ਦੀ ਕੀਤੀ ਪੇਸ਼ਕਸ਼




ਨਵੀਂ ਦਿੱਲੀ 31 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਖਾਲਿਸਤਾਨ ਲਹਿਰ ਨਾਲ ਜੁੜੀ ਇੱਕ ਪ੍ਰਮੁੱਖ ਸੰਸਥਾ, ਸਿੱਖਸ ਫਾਰ ਜਸਟਿਸ ਨੇ ਦੱਖਣੀ ਏਸ਼ੀਆ ਵਿੱਚ ਸਥਾਈ ਸ਼ਾਂਤੀ ਅਤੇ ਪੰਜਾਬ ਦੀ ਆਜ਼ਾਦੀ ਪ੍ਰਾਪਤ ਕਰਨ ਦੇ ਉਦੇਸ਼ ਨਾਲ ਅੰਤਰਰਾਸ਼ਟਰੀ ਪੱਧਰ 'ਤੇ ਇੱਕ ਵੱਡੀ ਵਿੱਤੀ ਅਤੇ ਰਾਜਨੀਤਿਕ ਪਹਿਲਕਦਮੀ ਦਾ ਐਲਾਨ ਕੀਤਾ ਹੈ। ਕਰਾਚੀ ਪ੍ਰੈਸ ਕਲੱਬ ਰਾਹੀਂ ਜਾਰੀ ਇੱਕ ਵਰਚੁਅਲ ਬਿਆਨ ਵਿੱਚ, ਸਮੂਹ ਦੇ ਜਨਰਲ ਕੌਂਸਲ, ਗੁਰਪਤਵੰਤ ਸਿੰਘ ਪੰਨੂ ਨੇ ਕਿਹਾ ਕਿ ਐਸਐਫਜੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੀ ਅਗਵਾਈ ਵਾਲੇ "ਪੀਸ ਬੋਰਡ" ਵਿੱਚ ਸ਼ਾਮਲ ਹੋਣ ਲਈ ਰਾਸ਼ਟਰਪਤੀ ਟਰੰਪ ਨਾਲ ਮੁਲਾਕਾਤ ਕਰਦੇ ਹੋਏ 1 ਬਿਲੀਅਨ ਡਾਲਰ ਦਾ ਵਾਅਦਾ ਕਰਨ ਲਈ ਤਿਆਰ ਹੈ। ਪੰਨੂ ਨੇ ਪੰਜਾਬ ਨੂੰ "ਦੱਖਣੀ ਏਸ਼ੀਆ ਦਾ ਗ੍ਰੀਨਲੈਂਡ" ਕਿਹਾ, ਅਤੇ ਕਿਹਾ ਕਿ ਇਸ ਖੇਤਰ ਦਾ ਭੂਗੋਲ ਵਿਸ਼ਵ ਸੁਰੱਖਿਆ ਲਈ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਰਾਸ਼ਟਰਪਤੀ ਟਰੰਪ ਨੂੰ ਅਪੀਲ ਕੀਤੀ ਕਿ ਉਹ ਆਪਣੇ ਸ਼ਾਂਤੀ ਦ੍ਰਿਸ਼ਟੀਕੋਣ ਦੀ ਵਰਤੋਂ ਮੋਦੀ ਸਰਕਾਰ ਨੂੰ ਗੱਲਬਾਤ ਦੀ ਮੇਜ਼ 'ਤੇ ਲਿਆਉਣ ਅਤੇ ਭਾਰਤ-ਪ੍ਰਸ਼ਾਸਿਤ ਪੰਜਾਬ ਵਿੱਚ ਖਾਲਿਸਤਾਨ ਜਨਮਤ ਸੰਗ੍ਰਹਿ ਲਈ ਰਾਹ ਪੱਧਰਾ ਕਰਨ ਵਿੱਚ ਮਦਦ ਕਰਨ। ਐਸਐਫਜੇ ਆਗੂ ਨੇ ਕਿਹਾ ਕਿ ਇੱਕ ਸੁਤੰਤਰ ਅਤੇ ਲੋਕਤੰਤਰੀ ਖਾਲਿਸਤਾਨ ਇਸ ਖੇਤਰ ਵਿੱਚ ਸੰਯੁਕਤ ਰਾਜ ਅਮਰੀਕਾ (ਅਮਰੀਕਾ) ਦੇ ਸਭ ਤੋਂ ਮਹੱਤਵਪੂਰਨ ਰਣਨੀਤਕ ਸਹਿਯੋਗੀ ਵਜੋਂ ਉਭਰ ਸਕਦਾ ਹੈ।

ਆਵਾਜ਼ਿ ਕੌਮ AWAZE QAUM
International Newspaper & WEB TV

ਬਿਆਨ ਵਿੱਚ ਭਾਰਤ ਸਰਕਾਰ ਦੀਆਂ ਹਾਲੀਆ ਕਾਰਵਾਈਆਂ ਦੀ ਸਖ਼ਤ ਆਲੋਚਨਾ ਕੀਤੀ ਗਈ ਹੈ, ਜਿਸ ਵਿੱਚ ਦੋਸ਼ ਲਗਾਇਆ ਗਿਆ ਹੈ ਕਿ ਪਿਛਲੇ ਹਫ਼ਤੇ ਦੇ ਅੰਦਰ-ਅੰਦਰ ਪੰਜਾਬ ਵਿੱਚ ਹਜਾਰਾਂ ਦੀ ਗਿਣਤੀ ਵਿਚ ਸਿੱਖ ਨੌਜਵਾਨਾਂ ਨੂੰ ਬੇਬੁਨਿਆਦ ਦੋਸ਼ਾਂ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਹੈ। ਇਸਨੇ ਅੱਗੇ ਦਾਅਵਾ ਕੀਤਾ ਕਿ ਜਿਸਨੂੰ ਇਸਨੇ ਭਾਰਤ ਵਿੱਚ ਸਿੱਖਾਂ ਵਿਰੁੱਧ ਨਸਲਕੁਸ਼ੀ ਦੀ ਮੁਹਿੰਮ ਵਜੋਂ ਦਰਸਾਇਆ ਹੈ, 1950 ਤੋਂ ਜਾਰੀ ਹੈ, ਆਪ੍ਰੇਸ਼ਨ ਬਲੂ ਸਟਾਰ ਅਤੇ 1984 ਦੇ ਸਿੱਖ ਵਿਰੋਧੀ ਦੰਗਿਆਂ ਨੂੰ ਸਭ ਤੋਂ ਕਾਲੇ ਅਧਿਆਵਾਂ ਵਿੱਚੋਂ ਇੱਕ ਦੱਸਦੇ ਹੋਏ। ਪੰਨੂ ਨੇ ਪਾਕਿਸਤਾਨ ਦੇ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਅਤੇ ਫੌਜ ਮੁਖੀ (ਸੀਓਏਐਸ) ਅਤੇ ਰੱਖਿਆ ਬਲਾਂ ਦੇ ਮੁਖੀ (ਸੀਡੀਐਫ) ਫੀਲਡ ਮਾਰਸ਼ਲ ਅਸੀਮ ਮੁਨੀਰ ਦੇ ਖੇਤਰੀ ਸਥਿਰਤਾ ਦੇ ਦ੍ਰਿਸ਼ਟੀਕੋਣ ਦੀ ਵੀ ਪ੍ਰਸ਼ੰਸਾ ਕੀਤੀ, ਅਤੇ ਕਿਹਾ ਕਿ ਭਾਰਤ ਪਾਕਿਸਤਾਨ ਅਤੇ ਬੰਗਲਾਦੇਸ਼ ਸਮੇਤ ਪੂਰੇ ਖੇਤਰ ਲਈ ਪ੍ਰਮਾਣੂ ਖ਼ਤਰਾ ਬਣ ਗਿਆ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਐਸਐਫਜੇ ਇੱਕ ਪੂਰੀ ਤਰ੍ਹਾਂ ਸ਼ਾਂਤੀਪੂਰਨ ਅਤੇ ਲੋਕਤੰਤਰੀ ਸੰਘਰਸ਼ ਲਈ ਵਚਨਬੱਧ ਹੈ, ਉਨ੍ਹਾਂ ਕਿਹਾ ਕਿ ਦੁਨੀਆ ਭਰ ਵਿੱਚ ਹੁਣ ਤੱਕ 20 ਲੱਖ ਤੋਂ ਵੱਧ ਸਿੱਖਾਂ ਨੇ ਜਨਮਤ ਸੰਗ੍ਰਹਿ ਵਿੱਚ ਵੋਟ ਪਾਈ ਹੈ।

## ਇੰਸਪੈਕਟਰ ਗੁਲਾਬ ਸਿੰਘ ਨੇ ਥਾਣਾ ਸਿਟੀ ਸੰਗਰੂਰ ਦੇ ਮੁੱਖ ਅ.ਫਸਰ ਵਜੋਂ ਚਾਰਜ ਸੰਭਾਲਿਆ

ਸੰਗਰੂਰ ( ਰਣਜੀਤ ਸਿੰਘ ਪੇਧਨੀ ) ਇੰਸਪੈਕਟਰ ਗੁਲਾਬ ਸਿੰਘ ਨੇ ਥਾਣਾ ਸਿਟੀ ਸੰਗਰੂਰ ਦੇ ਮੁੱਖ ਅਫ਼ਸਰ ਵਜੋਂ ਚਾਰਜ ਸੰਭਾਲਿਆ। ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਇੰਸਪੈਕਟਰ ਗੁਲਾਬ ਸਿੰਘ ਨੇ ਕਿਹਾ ਕਿ ਉਹ ਆਪਣੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਥਾਣਾ ਸਿਟੀ ਦੇ ਅਧੀਨ ਆਉਂਦੇ ਲੋਕਾਂ ਨੂੰ ਪੂਰਾ ਇਨਸਾਫ਼ ਦੇਣਗੇ ਅਤੇ ਇਮਾਨਦਾਰੀ ਨਾਲ ਕੰਮ ਕਰਨਗੇ । ਉਨ੍ਹਾਂ ਕਿਹਾ ਕਿ ਉਹ ਸਹਿਰ ਦਾ ਆਸ ਪਾਸ ਦੇ ਇਲਾਕੇ ਵਿੱਚ ਨਸ਼ਿਆਂ ਦੀ ਰੋਕਥਾਮ ਲਈ ਸਖ਼ਤ ਕਦਮ ਚੁੱਕਣਗੇ, ਕਿਸੇ ਵੀ ਤਰ੍ਹਾਂ ਦੇ ਨਸ਼ੇ ਦੀ ਸਪਲਾਈ ਕਰਨ ਵਾਲੇ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ । ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਸਹਿਰ ਅੰਦਰ ਕਿਸੇ ਵੀ ਤਰ੍ਹਾਂ ਦੇ ਨਸ਼ੇ ਦੀ ਸਪਲਾਈ ਕਰਨ ਵਾਲੇ ਵਿਅਕਤੀ ਦੀ ਸੂਚਨਾ ਦੇਣ ਵਾਲੇ ਵਿਅਕਤੀ ਦਾ ਨਾਮ ਗੁਪਤ ਰੱਖਿਆ ਜਾਵੇਗਾ।



ਆਵਾਜ਼ਿ ਕੌਮ AWAZE QAUM
International Newspaper & WEB TV

ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਜ਼ਿਲ੍ਹੇ ਭਰ ਵਿੱਚ ਵਿਆਪਕ ਕਾਸੋ ਅਪਰੇਸ਼ਨ

# ਸਮਾਜ ਵਿਰੋਧੀ ਅਨਸਰਾਂ ’ਤੇ ਸਖ਼ਤ ਨਜ਼ਰ




**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਪੂਰਨ ਖ਼ਾਤਮੇ ਅਤੇ ਅਪਰਾਧ ਰਹਿਤ ਸਮਾਜ ਦੀ ਸਿਰਜਣਾ ਲਈ ਚਲਾਈ ਜਾ ਰਹੀ ਮਹੱਤਵਪੂਰਨ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਦੇ ਤਹਿਤ ਜ਼ਿਲ੍ਹਾ ਪੁਲਿਸ ਸੰਗਰੂਰ ਵੱਲੋਂ ਸਮਾਜ ਵਿਰੋਧੀ ਅਨਸਰਾਂ ਖ਼ਿਲਾਫ਼ ਲਗਾਤਾਰ ਸਖ਼ਤ ਕਦਮ ਚੁੱਕੇ ਜਾ ਰਹੇ ਹਨ। ਇਸ ਸਬੰਧੀ ਜ਼ਿਲ੍ਹਾ ਪੁਲਿਸ ਮੁਖੀ ਸ਼੍ਰੀ ਸਰਤਾਜ ਸਿੰਘ ਚਾਹਲ ਦੇ ਸਪਸ਼ਟ ਦਿਸ਼ਾ-ਨਿਰਦੇਸ਼ਾਂ ਅਨੁਸਾਰ ਐੱਸ.ਪੀ. (ਹੈੱਡਕੁਆਰਟਰ) ਸ਼੍ਰੀ ਰਾਜੇਸ਼ ਛਿੱਬਰ ਦੀ ਅਗਵਾਈ ਹੇਠ ਜ਼ਿਲ੍ਹੇ ਦੇ ਵੱਖ-ਵੱਖ ਇਲਾਕਿਆਂ ਵਿੱਚ ਵਿਸ਼ੇਸ਼ ਕਾਸੋ ਅਪਰੇਸ਼ਨ ਚਲਾਏ ਗਏ। ਇਸ ਦੌਰਾਨ ਬੱਸ ਸਟੈਂਡ ਸੰਗਰੂਰ ਸਮੇਤ ਹੋਰ ਭੀੜ-ਭਾੜ ਵਾਲੇ ਸਥਾਨਾਂ, ਸੰਵੇਦਨਸ਼ੀਲ ਖੇਤਰਾਂ, ਮੁੱਖ ਸੜਕਾਂ ਅਤੇ ਆਵਾਜਾਈ ਕੇਂਦਰਾਂ ’ਤੇ ਪੁਲਿਸ ਨਾਕਾਬੰਦੀ ਅਤੇ ਚੈਕਿੰਗ ਅਭਿਆਨ ਕੀਤਾ ਗਿਆ।ਪੁਲਿਸ ਟੀਮਾਂ ਵੱਲੋਂ ਆਉਣ-ਜਾਣ ਵਾਲੇ ਵਿਅਕਤੀਆਂ ਦੀ ਗਹਿਰੀ ਜਾਂਚ ਕੀਤੀ ਗਈ, ਸ਼ੱਕੀ ਵਿਅਕਤੀਆਂ ਤੋਂ ਪੁੱਛਗਿੱਛ ਕੀਤੀ ਗਈ ਅਤੇ ਵਾਹਨਾਂ ਦੀ ਵਿਸਥਾਰ ਨਾਲ ਤਲਾਸ਼ੀ ਲਈ ਗਈ। ਕਾਸੋ ਅਪਰੇਸ਼ਨਾਂ ਦਾ ਮੁੱਖ ਉਦੇਸ਼ ਨਸ਼ਿਆਂ ਦੀ ਤਸਕਰੀ, ਗੈਰਕਾਨੂੰਨੀ ਸਰਗਰਮੀਆਂ, ਲੁੱਟ-ਖੋਹ, ਚੋਰੀਆਂ ਅਤੇ ਹੋਰ ਅਪਰਾਧਿਕ ਗਤਿਵਿਧੀਆਂ ’ਤੇ ਅੰਕੁਸ਼ ਲਗਾਉਣਾ ਸੀ। ਇਸ ਮੌਕੇ ਐੱਸ.ਪੀ. (ਐਚ) ਸ਼੍ਰੀ ਰਾਜੇਸ਼ ਛਿੱਬਰ ਨੇ ਦੱਸਿਆ ਕਿ ਜ਼ਿਲ੍ਹਾ ਪੁਲਿਸ ਵੱਲੋਂ ਨਸ਼ਿਆਂ ਖ਼ਿਲਾਫ਼ ਜ਼ੀਰੋ ਟੋਲਰੈਂਸ ਨੀਤੀ ਅਪਣਾਈ ਗਈ ਹੈ ਅਤੇ ਨਸ਼ਿਆਂ ਨਾਲ ਜੁੜੇ ਕਿਸੇ ਵੀ ਵਿਅਕਤੀ ਨੂੰ ਕਾਨੂੰਨ ਦੇ ਘੇਰੇ ’ਚ ਲਿਆਂਦਾ ਜਾਵੇਗਾ। ਉਨ੍ਹਾਂ ਕਿਹਾ ਕਿ ਅਜਿਹੇ ਅਚਾਨਕ ਅਤੇ ਵਿਸ਼ਾਲ ਪੱਧਰ ਦੇ ਅਪਰੇਸ਼ਨ ਆਉਣ ਵਾਲੇ ਸਮੇਂ ਵਿੱਚ ਵੀ ਲਗਾਤਾਰ ਜਾਰੀ ਰਹਿਣਗੇ ਤਾਂ ਜੋ ਅਪਰਾਧਕ ਤੱਤਾਂ ਵਿੱਚ ਡਰ ਦਾ ਮਾਹੌਲ ਬਣਿਆ ਰਹੇ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਨਸ਼ਿਆਂ ਜਾਂ ਕਿਸੇ ਵੀ ਕਿਸਮ ਦੀ ਗੈਰਕਾਨੂੰਨੀ ਸਰਗਰਮੀ ਬਾਰੇ ਜਾਣਕਾਰੀ ਨਿਰਭੀਕ ਹੋ ਕੇ ਪੁਲਿਸ ਨਾਲ ਸਾਂਝੀ ਕੀਤੀ ਜਾਵੇ। ਜਾਣਕਾਰੀ ਦੇਣ ਵਾਲੇ ਦੀ ਪਛਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ। ਜ਼ਿਲ੍ਹਾ ਪੁਲਿਸ ਸੰਗਰੂਰ ਵੱਲੋਂ ਸਾਫ਼ ਕੀਤਾ ਗਿਆ ਹੈ ਕਿ ਕਾਨੂੰਨ-ਵਿਵਸਥਾ ਨੂੰ ਭੰਗ ਕਰਨ ਵਾਲੇ ਅਨਸਰਾਂ ਨੂੰ ਕਿਸੇ ਵੀ ਕੀਮਤ ’ਤੇ ਬਖ਼ਸ਼ਿਆ ਨਹੀਂ ਜਾਵੇਗਾ ਅਤੇ ਨਸ਼ਾ ਮੁਕਤ, ਸੁਰੱਖਿਅਤ ਤੇ ਸ਼ਾਂਤੀਪੂਰਨ ਸਮਾਜ ਬਣਾਉਣ ਲਈ ਪੁਲਿਸ ਪ੍ਰਸ਼ਾਸਨ ਪੂਰੀ ਤਰ੍ਹਾਂ ਵਚਨਬੱਧ ਹੈ। ਇਸ ਮੌਕੇ ਡੀ.ਐੱਸ.ਪੀ. (ਆਰ) ਸੰਗਰੂਰ ਸੁਖਦੇਵ ਸਿੰਘ, ਇੰਸਪੈਕਟਰ ਗੁਲਾਬ ਸਿੰਘ ਸਮੇਤ ਵੱਡੀ ਗਿਣਤੀ ਪੁਲਿਸ ਮੁਲਾਜ਼ਮ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਰੀਬ 58 ਕਰੋੜ ਰੁਪਏ ਦੀ ਲਾਗਤ ਨਾਲ

# 50 ਕਿਲੋਮੀਟਰ ਤੋਂ ਵੱਧ ਪੇਂਡੂ ਲਿੰਕ ਸੜਕਾਂ ਦੇ ਨੀਂਹ ਪੱਥਰ ਰੱਖੇ




**ਮੂਨਕ/ ਖਨੌਰੀ (ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਕੁਮਾਰ ਗੋਇਲ ਵੱਲੋਂ ਅੱਜ ਗੋਬਿੰਦਗੜ੍ਹ ਪਾਪੜਾ, ਸਲੇਮਗੜ੍ਹ, ਸ਼ੇਰਗੜ੍ਹ ਸੀਹਾ ਸਿੰਘ ਵਾਲਾ, ਬੁਸ਼ਹਿਰਾ, ਬੰਗਾ, ਮੰਡਵੀ, ਸ਼ਾਹਪੁਰ ਥੇੜ੍ਹੀ, ਬੋਪੁਰ, ਬਨਾਰਸੀ, ਚੱਠਾ ਗੋਬਿੰਦਪੁਰਾ, ਬਿਸ਼ਨਪੁਰਾ ਖੋਖਰ ਅਤੇ ਗਨੋਟਾ ਵਿਖੇ ਵੱਖ-ਵੱਖ ਸੜਕੀ ਵਿਕਾਸ ਪ੍ਰੋਜੈਕਟਾਂ ਦੇ ਨੀਂਹ ਪੱਥਰ ਰੱਖੇ ਗਏ।

ਇਨ੍ਹਾਂ ਪ੍ਰੋਜੈਕਟਾਂ ਤਹਿਤ ਕਰੀਬ 58 ਕਰੋੜ ਰੁਪਏ ਦੀ ਲਾਗਤ ਨਾਲ 50 ਕਿਲੋਮੀਟਰ ਤੋਂ ਵੱਧ ਲੰਬਾਈ ਵਾਲੀਆਂ ਪੇਂਡੂ ਲਿੰਕ ਸੜਕਾਂ ਦੀ ਮੁਰੰਮਤ, ਸੜਕਾਂ ਨੂੰ ਚੌੜਾ ਕਰਨ ਅਤੇ ਨਵੀਨੀਕਰਨ ਦੇ ਕੰਮ ਕੀਤੇ ਜਾਣਗੇ। ਇਨ੍ਹਾਂ ਸੜਕਾਂ ਦੇ ਤਿਆਰ ਹੋਣ ਨਾਲ ਪਿੰਡਾਂ ਦਾ ਆਪਸੀ ਰਾਬਤਾ ਮਜ਼ਬੂਤ ਹੋਵੇਗਾ ਅਤੇ ਲੋਕਾਂ ਨੂੰ ਸੁਰੱਖਿਅਤ, ਸੁਵਿਧਾਜਨਕ ਅਤੇ ਤੇਜ਼ ਆਵਾਜਾਈ ਦੀ ਸਹੂਲਤ ਮਿਲੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਮੌਕੇ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਮੌਜੂਦਾ ਪੰਜਾਬ ਸਰਕਾਰ ਪੇਂਡੂ ਵਿਕਾਸ ਨੂੰ ਤਰਜੀਹ ਦੇ ਰਹੀ ਹੈ ਅਤੇ ਸੂਬੇ ਦੇ ਹਰ ਖੇਤਰ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਮਜ਼ਬੂਤ ਸੜਕੀ ਢਾਂਚਾ ਖੇਤੀਬਾੜੀ, ਵਪਾਰ ਅਤੇ ਉਦਯੋਗ ਲਈ ਰੀੜ੍ਹ ਦੀ ਹੱਡੀ ਹੈ।

ਸ਼੍ਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਹਲਕਾ ਲਹਿਰਾ ਦੇ ਵਿਕਾਸ ਲਈ ਸਰਕਾਰ ਪੂਰੀ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ ਅਤੇ ਇਲਾਕੇ ਦੇ ਵਿਕਾਸ ਵਿੱਚ ਕੋਈ ਵੀ ਕਸਰ ਨਹੀਂ ਛੱਡੀ ਜਾ ਰਹੀ। ਉਨ੍ਹਾਂ ਕਿਹਾ ਕਿ ਸੜਕਾਂ, ਪੀਣ ਵਾਲੇ ਪਾਣੀ, ਸਿਹਤ, ਸਿੱਖਿਆ ਅਤੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਕਈ ਅਹਿਮ ਪ੍ਰੋਜੈਕਟ ਚੱਲ ਰਹੇ ਹਨ, ਜਿਨ੍ਹਾਂ ਨਾਲ ਆਉਣ ਵਾਲੇ ਸਮੇਂ ਵਿੱਚ ਹਲਕਾ ਲਹਿਰਾ ਦੀ ਤਸਵੀਰ ਪੂਰੀ ਤਰ੍ਹਾਂ ਬਦਲ ਜਾਵੇਗੀ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਲੋਕ-ਹਿਤੈਸ਼ੀ ਨੀਤੀਆਂ ਨੂੰ ਜ਼ਮੀਨੀ ਪੱਧਰ ’ਤੇ ਲਾਗੂ ਕੀਤਾ ਜਾ ਰਿਹਾ ਹੈ ਤਾਂ ਜੋ ਹਰ ਵਰਗ ਤੱਕ ਵਿਕਾਸ ਦੇ ਫ਼ਾਇਦੇ ਪਹੁੰਚ ਸਕਣ।

ਕੈਬਨਿਟ ਮੰਤਰੀ ਗੋਇਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਲਈ ਦ੍ਰਿੜ ਨਿਸ਼ਚੈ ਨਾਲ ਅੱਗੇ ਵਧ ਰਹੀ ਹੈ ਅਤੇ ਹਲਕਾ ਲਹਿਰਾ ਦੇ ਨਿਵਾਸੀਆਂ ਨੂੰ ਬਿਹਤਰ ਸੁਵਿਧਾਵਾਂ ਮੁਹੱਈਆ ਕਰਵਾਉਣਾ ਸਰਕਾਰ ਦੀ ਪ੍ਰਾਥਮਿਕਤਾ ਹੈ।

ਉਨ੍ਹਾਂ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਵਿਕਾਸ ਕਾਰਜਾਂ ਦੀ ਗੁਣਵੱਤਾ ਅਤੇ ਸਮੇਂ-ਸਿਰ ਪੂਰਤੀ ਯਕੀਨੀ ਬਣਾਈ ਜਾਵੇ ਅਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਨਿਪਟਾਰਾ ਕੀਤਾ ਜਾਵੇ।

ਸਥਾਨਕ ਵਾਸੀਆਂ ਨੇ ਇਨ੍ਹਾਂ ਵਿਕਾਸ ਕਾਰਜਾਂ ਦੀ ਸ਼ੁਰੂਆਤ ’ਤੇ ਖੁਸ਼ੀ ਪ੍ਰਗਟ ਕਰਦਿਆਂ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਅਤੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ।

ਇਸ ਮੌਕੇ ਐੱਸ.ਡੀ.ਐਮ. ਲਹਿਰਾ ਰਾਕੇਸ਼ ਪਰਕਾਸ਼, ਐਕਸੀਅਨ ਮੰਡੀ ਬੋਰਡ ਪੁਨੀਤ ਕੁਮਾਰ, ਐਸ.ਡੀ.ਓ. ਮੰਡੀ ਬੋਰਡ ਲਲਿਤ ਬਜਾਜ, ਚੇਅਰਮੈਨ ਮਾਰਕਿਟ ਕਮੇਟੀ ਖਨੌਰੀ ਜੋਗੀ ਰਾਮ ਭੁੱਲਣ, ਚੇਅਰਮੈਨ ਮਾਰਕਿਟ ਕਮੇਟੀ ਲਹਿਰਾ ਡਾ. ਸ਼ੀਸ਼ਪਾਲ ਅਨੰਦ, ਕੁਲਵਿੰਦਰ ਸਿੰਘ ਸਰਪੰਚ ਗੋਬਿੰਦਪੁਰਾ ਪਾਪੜਾ, ਗੁਲਜ਼ਾਰੀ ਸੇਠ ਸਲੇਮਗੜ੍ਹ, ਸ਼ਮਸ਼ੇਰ ਸਿੰਘ ਸਲੇਮਗੜ੍ਹ, ਕਰਮਜੀਤ ਸਿੰਘ ਰਾਜਲਹੇੜੀ ਬਲਾਕ ਪ੍ਰਧਾਨ, ਪਰਦੀਪ ਨੰਬਰਦਾਰ ਅੰਦਾਨਾ, ਬਖਸ਼ੀਸ਼ ਸਿੰਘ ਸ਼ਾਹਪੁਰ ਥੇੜ੍ਹੀ, ਨਿਰਮਲ ਸਿੰਘ ਸ਼ਾਹਪੁਰ ਥੇੜ੍ਹੀ, ਪੀ.ਏ. ਰਾਕੇਸ਼ ਕੁਮਾਰ ਗੁਪਤਾ ਸਮੇਤ ਵੱਖ ਵੱਖ ਅਹੁਦੇਦਾਰ, ਵਰਕਰ, ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਵੱਡੀ ਗਿਣਤੀ ਪਿੰਡਾਂ ਦੇ ਲੋਕ ਹਾਜ਼ਰ ਸਨ।

# ਭਗਤ ਰਵਿਦਾਸ ਜੀ ਦੇ ਜਨਮ ਦਿਹਾੜੇ ਮੌਕੇ ਪ੍ਰਧਾਨ ਮੰਤਰੀ ਦਾ ਆਉਣਾ ਪੰਜਾਬ ਲਈ ਸੁਭ ਸੰਕੇਤ-ਓਂਕਾਰ ਸਿੰਘ ਸਿੱਧੂ



**ਸੰਗਾਲਾ ( ਰਣਜੀਤ ਸਿੰਘ ਪੇਧਨੀ)** -ਭਗਤ ਰਵਿਦਾਸ ਜੀ ਦੇ 649ਵੇਂ ਜਨਮ ਦਿਹਾੜੇ ਦੇ ਮੌਕੇ ਤੇ ਜਲੰਧਰ ਦੇ ਡੇਰਾ ਸੱਚਖੰਡ ਬੱਲਾਂ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਆਉਣਾ ਪੰਜਾਬ ਲਈ ਸੁਭ ਸੰਕੇਤ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਪਾਰਟੀ ਬੀਜੇਪੀ ਦੇ ਸੀਨੀਅਰ ਆਗੂ ਪ੍ਰੋ ਓਂਕਾਰ ਸਿੰਘ ਸਿੱਧੂ ਨੇ ਕੀਤਾ। ਉਨ੍ਹਾਂ ਕਿਹਾ ਕਿ ਸਿੱਖ ਅਧਿਆਤਮਿਕ ਸਿਧਾਂਤ ਵਿੱਚ ਭਗਤ ਰਵਿਦਾਸ ਜੀ ਦੇ ਸਥਾਨ ਦੀ ਪ੍ਰਵਾਨਗੀ ਵਜੋਂ ਦੇਖਿਆ ਜਾਣਾ ਚਾਹੀਦਾ ਹੈ। ਭਗਤ ਰਵਿਦਾਸ ਜੀ ਦੀ ਬਾਣੀ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਸ਼ਾਮਲ ਕਰਨਾ ਇੱਕ ਸੁਚੇਤ ਐਲਾਨ ਸੀ ਕਿ ਸਮਾਜਿਕ ਸਮਾਨਤਾ ਤੋਂ ਅਟੁੱਟ ਹਨ। ਸ਼੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਭਗਤ ਰਵਿਦਾਸ ਜੀ ਦੀ ਬਾਣੀ ਸਾਰੀ ਮਨੁੱਖਤਾ ਨੂੰ ਸੰਬੋਧਿਤ ਕਰਦੀ ਹੈ। ਇਹ ਦਰਜਾਬੰਦੀ ਨੂੰ ਰੱਦ ਕਰਦੀ ਹੈ ਅਤੇ ਇਸ । ਬ੍ਰਹਮਤਾ ਅਤੇ ਮਾਣ ਗੱਲ ਦੀ ਪੁਸ਼ਟੀ ਕਰਦੀ ਹੈ ਕਿ ਅਧਿਆਤਮਿਕ ਗਿਆਨ ਹਾਸ਼ੀਏ ਤੇ ਧੱਕੇ ਗਏ ਲੋਕਾਂ ਲਈ ਬਰਾਬਰ ਹੈ। ਉਹਨਾਂ ਕਿਹਾ ਕਿ ਇਹ ਵਿਸ਼ਵਾਸ ਨੂੰ ਪ੍ਰਤੀਕ ਵਜੋਂ ਪੇਸ਼ ਕਰਨ ਦੀ ਬਜਾਏ ਵੱਡੇ ਸਿੱਖ ਭਾਈਚਾਰੇ ਦੇ ਜੀਵਤ ਇਤਿਹਾਸ ਨਾਲ ਜੁੜਨ ਦਾ ਮੌਕਾ ਪ੍ਰਦਾਨ ਕਰਦਾ ਹੈ। ਉਨ੍ਹਾਂ ਕਿਹਾ ਕਿ ਰਵਿਦਾਸੀਆਂ ਭਾਈਚਾਰਾ, ਜਿਨ੍ਹਾਂ ਵਿੱਚੋਂ ਬਹੁਤ ਸਾਰੇ ਸਿੱਖ ਹਨ ਜਦੋਂ ਕਿ ਦੂਸਰੇ ਵੱਖ-ਵੱਖ ਪਰੰਪਰਾਵਾਂ ਦਾ ਪਾਲਣ ਕਰਦੇ ਹਨ, ਪੰਜਾਬ ਦੇ ਸੱਭਿਆਚਾਰਕ ਅਤੇ ਸਮਾਜਿਕ ਤਾਣੇ-ਬਾਣੇ ਵਿੱਚ ਅਹਿਮ ਸਥਾਨ ਰੱਖਦੇ ਹਨ

ਆਵਾਜ਼ਿ ਕੌਮ AWAZE QAUM International Newspaper & WEB TV

# ਰੇਲਵੇ ਵੱਲੋਂ ਡਰਾਇੰਗ ਪਾਸ ਕਰਨ ਦੇ ਸਿਰਫ਼ ਦੋ ਦਿਨਾਂ ਅੰਦਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਟੈਂਡਰ ਪ੍ਰਕਾਸ਼ਿਤ ਕਰਵਾਇਆ : ਦਲਵੀਰ ਸਿੰਘ ਢਿੱਲੋਂ



**ਸੰਗਾਲਾ ( ਰਣਜੀਤ ਸਿੰਘ ਪੇਧਨੀ)** -ਧੂਰੀ ਵਾਸੀਆਂ ਲਈ ਅੱਜ ਦਾ ਦਿਨ ਇਤਿਹਾਸਕ ਹੋ ਨਿੱਬੜਿਆਂ ਜਦੋਂ ਦਹਾਕਿਆਂ ਤੋਂ ਲਟਕ ਰਹੀ ਧੂਰੀ ਰੇਲਵੇ ਓਵਰ ਬਰਿੱਜ ਦੀ ਮੰਗ ਨੂੰ ਪੂਰਾ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਨੇ ਰੇਲਵੇ ਵੱਲੋਂ ਓਵਰ ਬਰਿੱਜ ਦੀ ਡਰਾਇੰਗ ਮਨਜ਼ੂਰ ਹੋਣ ਦੇ ਕੇਵਲ ਦੋ ਦਿਨਾਂ ਅੰਦਰ ਹੀ ਟੈਂਡਰ ਪ੍ਰਕਾਸ਼ਿਤ ਕਰਵਾ ਕੇ ਇਹ ਸਾਬਤ ਕਰ ਦਿੱਤਾ ਹੈ ਕਿ ਪੰਜਾਬ ਸਰਕਾਰ ਲੋਕ ਹਿੱਤ ਦੇ ਪ੍ਰੋਜੈਕਟਾਂ ਨੂੰ ਲੈ ਕੇ ਪੂਰੀ ਤਰ੍ਹਾਂ ਤਿਆਰ ਅਤੇ ਵਚਨਬੱਧ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਸ. ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਭਾਵੇਂ ਵਿਰੋਧੀ ਧਿਰ ਵੱਲੋਂ ਇਸ ਪ੍ਰੋਜੈਕਟ ਵਿੱਚ ਰੁਕਾਵਟਾਂ ਪੈਦਾ ਕਰਨ ਦੀ ਕੋਸ਼ਿਸ਼ ਕੀਤੀ ਗਈ, ਪਰ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ੀ, ਮਜ਼ਬੂਤ ਇਰਾਦੇ ਅਤੇ ਅਣਥੱਕ ਯਤਨਾਂ ਸਦਕਾ ਅੱਜ ਧੂਰੀ ਵਾਸੀਆਂ ਦਾ ਸੁਪਨਾ ਸਾਕਾਰ ਹੋਣ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਰੇਲਵੇ ਓਵਰ ਬਰਿੱਜ ਲਈ ਸਾਰੀ ਤਿਆਰੀ ਪਹਿਲਾਂ ਹੀ ਮੁਕੰਮਲ ਕਰ ਲਈ ਗਈ ਸੀ, ਜਿਸ ਕਾਰਨ ਟੈਂਡਰ ਪ੍ਰਕਿਰਿਆ ਨੂੰ ਦਿਨਾਂ ਦੀ ਥਾਂ ਘੰਟਿਆਂ ਵਿੱਚ ਅਗਲੇ ਪੜਾਅ ’ਤੇ ਲਿਆਂਦਾ ਗਿਆ। ਉਨ੍ਹਾਂ ਕਿਹਾ ਕਿ ਪੰਜਾਬ ਇਨਫ਼ਰਾਸਟਰਕਚਰ ਡਿਵੈਲਪਮੈਂਟ ਬੋਰਡ ਵੱਲੋਂ ਇਸ ਮਹੱਤਵਪੂਰਨ ਪ੍ਰੋਜੈਕਟ ਲਈ 54.76 ਕਰੋੜ ਰੁਪਏ ਦੀ ਰਕਮ ਪਹਿਲਾਂ ਹੀ ਰਿਜ਼ਰਵ ਰੱਖੀ ਗਈ ਹੈ, ਜੋ ਸਰਕਾਰ ਦੀ ਗੰਭੀਰਤਾ ਅਤੇ ਸਮੇਂ-ਸਿਰ ਕੰਮ ਮੁਕੰਮਲ ਕਰਨ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਚੇਅਰਮੈਨ ਨੇ ਹੋਰ ਦੱਸਿਆ ਕਿ ਜੰਗਲਾਤ ਵਿਭਾਗ, ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ ਅਤੇ ਜਲ ਸਰੋਤ ਵਿਭਾਗ ਸਮੇਤ ਸਾਰੇ ਸਬੰਧਤ ਵਿਭਾਗਾਂ ਤੋਂ ਲੋੜੀਂਦੀਆਂ ਮਨਜ਼ੂਰੀਆਂ ਪ੍ਰਾਪਤ ਕੀਤੀਆਂ ਜਾ ਚੁੱਕੀਆਂ ਹਨ। ਇਸ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਵਿੱਚ ਜਮ੍ਹਾਂ ਕਰਵਾਈ ਜਾਣ ਵਾਲੀ ਰਕਮ ਅਤੇ ਜ਼ਮੀਨ ਤਬਦੀਲੀ ਦੀ ਪ੍ਰਕਿਰਿਆ ਵੀ ਪੂਰੀ ਕੀਤੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਟੈਂਡਰ ਭਰਨ ਦੀ ਆਖ਼ਰੀ ਮਿਤੀ 17 ਫਰਵਰੀ ਹੈ ਅਤੇ ਫਰਵਰੀ ਮਹੀਨੇ ਦੌਰਾਨ ਹੀ ਟੈਂਡਰ ਪ੍ਰਕਿਰਿਆ ਪੂਰੀ ਕਰ ਲਈ ਜਾਵੇਗੀ। ਉਨ੍ਹਾਂ ਜਾਣਕਾਰੀ ਦਿੱਤੀ ਕਿ ਇਹ ਰੇਲਵੇ ਓਵਰ ਬਰਿੱਜ ਬਾਗੜੀਆਂ ਚੌਂਕ ਨੇੜੇ ਮਹਾਂਵੀਰ ਮੰਦਰ ਕੋਲੋਂ ਸ਼ੁਰੂ ਹੋ ਕੇ ਧੂਰੀ ਬਾਈਪਾਸ ’ਤੇ ਜਾ ਕੇ ਉੱਤਰੇਗਾ। ਇਹ ਪੁਲ ਸ਼ੇਰੋਂ ਡਿਸਟ੍ਰੀਬਿਊਟਰੀ ਡਰੇਨ ਤੋਂ ਲੰਘੇਗਾ ਅਤੇ ਰਾਜਪੁਰਾ-ਬਠਿੰਡਾ ਅਤੇ ਧੂਰੀ-ਲੁਧਿਆਣਾ ਰੇਲਵੇ ਲਾਈਨਾਂ ਨੂੰ ਕਵਰ ਕਰੇਗਾ। ਇਸ ਨਾਲ ਧੂਰੀ ਬਾਈਪਾਸ ’ਤੇ ਟਰੈਫ਼ਿਕ ਦੀ ਸਮੱਸਿਆ ਨੂੰ ਵੀ ਵੱਡੀ ਰਾਹਤ ਮਿਲੇਗੀ। ਉਨ੍ਹਾਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਇਸ ਪੁਲ ਦੇ ਬਣਨ ਨਾਲ ਧੂਰੀ ਵਾਸੀਆਂ ਨੂੰ ਵੱਡੀ ਰਾਹਤ ਮਿਲੇਗੀ। ਸ. ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਇਸ ਓਵਰ ਬਰਿੱਜ ਦੇ ਨਿਰਮਾਣ ਨਾਲ ਧੂਰੀ ਸ਼ਹਿਰ ਦੀ ਤਸਵੀਰ ਹੀ ਬਦਲ ਜਾਵੇਗੀ। ਰੇਲਵੇ ਫਾਟਕਾਂ ’ਤੇ ਲੱਗਣ ਵਾਲੇ ਲੰਬੇ ਜਾਮ ਤੋਂ ਸਥਾਈ ਛੁਟਕਾਰਾ ਮਿਲੇਗਾ ਅਤੇ ਵਪਾਰਕ, ਉਦਯੋਗਿਕ ਤੇ ਸਮਾਜਿਕ ਵਿਕਾਸ ਨੂੰ ਨਵਾਂ ਉਤਸ਼ਾਹ ਪ੍ਰਾਪਤ ਹੋਵੇਗਾ। ਉਨ੍ਹਾਂ ਦੁਹਰਾਇਆ ਕਿ ਪੰਜਾਬ ਸਰਕਾਰ ਧੂਰੀ ਦੇ ਸਰਬਪੱਖੀ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਲੋਕ ਹਿੱਤਾਂ ਨਾਲ ਕਿਸੇ ਵੀ ਕੀਮਤ ’ਤੇ ਸਮਝੌਤਾ ਨਹੀਂ ਕੀਤਾ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

# ਸਾਬਕਾ ਸੀਨੀਅਰ ਡਿਪਟੀ ਮੇਅਰ ਸਰਦਾਰ ਕਮਲਜੀਤ ਸਿੰਘ ਭਾਟੀਆ ਨੇ ਸ਼੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਸ਼ੋਭਾ ਯਾਤਰਾ ਵਿੱਚ ਲਗਾਈ ਹਾਜਰੀ



**ਜਲੰਧਰ, 31 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੀ ਗੁਰੂ ਰਵਿਦਾਸ ਮਹਾਰਾਜ ਦੇ 649ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਜਲੰਧਰ ਸ਼ਹਿਰ ਵਿੱਚ ਨਿਕਲੀ ਸ਼ੋਭਾ ਯਾਤਰਾ ਵਿੱਚ ਸਰਦਾਰ ਕਮਲਜੀਤ ਸਿੰਘ ਭਾਟੀਆ ਸਾਬਕਾ ਸੀਨੀਅਰ ਡਿਪਟੀ ਮੇਅਰ ਨੇ ਹਾਜ਼ਰੀ ਭਰ ਕੇ ਗੁਰੂ ਮਹਾਰਾਜ ਦਾ ਅਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਤੇ ਸਰਦਾਰ ਭਾਟੀਆ ਵੱਲੋਂ ਵੱਖ-ਵੱਖ ਕਮੇਟੀਆਂ ਵਲੋਂ ਲਗਾਏ ਲੰਗਰਾਂ ਤੇ ਸ਼ੋਭਾ ਯਾਤਰਾ ਦੇ ਸਵਾਗਤੀ ਮੰਚਾਂ ਤੇ ਹਾਜ਼ਰੀ ਭਰੀ। ਇਸ ਮੌਕੇ ਤੇ ਸਰਦਾਰ ਭਾਟੀਆ ਤੇ ਉਹਨਾਂ ਦੇ ਸਾਥੀਆਂ ਨੂੰ ਵੱਖ ਵੱਖ ਮੰਦਰ ਕਮੇਟੀਆਂ ਵੱਲੋਂ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਤੇ ਗੁਰੂ ਰਵਿਦਾਸ ਮੰਦਿਰ ਸ਼ਾਸਤਰੀ ਨਗਰ ਵੱਲੋਂ ਨਿਕਲੀ ਸ਼ੋਭਾ ਯਾਤਰਾ ਵਿੱਚ ਪ੍ਰਧਾਨ ਸ੍ਰੀ ਅਸ਼ੋਕ ਜਰੇਵਾਲ ਸ੍ਰੀ ਰਵਿੰਦਰ ਅਤਰੀ ਸ਼੍ਰੀ ਚੰਦਰ ਪ੍ਰਕਾਸ਼ ਸ੍ਰੀ ਮਹਿੰਦਰ ਪਾਲ ਸਰਦਾਰ ਅਮਰਪਾਲ ਸਿੰਘ ਭਾਟੀਆ ਸ਼੍ਰੀ ਸੁਖਦੇਵ ਰਾਜ ਥਾਪਾ ਸ੍ਰੀ ਜਸਬੀਰ ਥਾਪਾ ਸ਼੍ਰੀ ਹਰਦੀਪ ਜੈਰੇਵਾਲ ਸ੍ਰੀ ਅਸ਼ਨੀ ਕੁਮਾਰ ਅਤੇ ਹੋਰ ਆਗੂਆਂ ਨੇ ਸਰਦਾਰ ਭਾਟੀਆ ਦਾ ਸਨਮਾਨ ਵੀ ਕੀਤਾ।

# ਬਾਬਾ ਰਣਜੀਤ ਸਿੰਘ ਦੀ ਅੰਤਿਮ ਅਰਦਾਸ ਵਿੱਚ ਪਹੁੰਚੀਆਂ ਸੈਂਕੜੇ ਸੰਗਤਾਂ

**ਲੁਧਿਆਣਾ, 31 ਜਨਵਰੀ -(ਝੱਜ ਉਮੈਦਪੁਰ)-** ਬੀਤੇ ਦਿਨ ਹਿਮਾਚਲ ਪ੍ਰਦੇਸ਼ ਦੇ ਤਪ ਅਸਥਾਨ ਡੇਰਾ ਚਾਹ ਵਾਲਾ ਕੌਂਚ ਬੇਲੀ ਪਿੰਡ ਬਹਿਰਾਲ ਪਾਉਂਟਾ ਸਾਹਿਬ ਵਿਖੇ ਬਾਬਾ ਰਣਜੀਤ ਸਿੰਘ ਦੇ ਸਵਰਗਵਾਸ ਹੋਣ ਉਪਰੰਤ ਉਹਨਾਂ ਦੀ ਆਤਮਿਕ ਸ਼ਾਂਤੀ ਵਾਸਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠ ਦਾ ਭੋਗ ਤੇ ਅੰਤਿਮ ਅਰਦਾਸ ਵਿੱਚ ਸਵਰਗਵਾਸੀ ਬਾਬਾ ਰਣਜੀਤ ਸਿੰਘ ਦੇ ਪਿੰਡ ਉਮੈਦਪੁਰ ਤੋਂ ਉਹਨਾਂ ਦੇ ਪਾਰਿਵਾਰਿਕ ਮੈਂਬਰ ਸੋਹਰਾ ਪ੍ਰੀਵਾਰ ਅਤੇ ਅਕਾਲੀ ਆਗੂ ਸੰਤਾਂ ਸਿੰਘ ਉਮੈਦਪੁਰੀ ਅਤੇ ਹਿਮਾਚਲ ਪ੍ਰਦੇਸ਼, ਉਤਰਾਖੰਡ ,ਪੰਜਾਬ,ਹਰਿਆਣਾ ਅਤੇ ਦਿੱਲੀ ਦੀਆਂ ਸੈਂਕੜੇ ਨਾਮ ਲੇਵਾ ਸੰਗਤਾਂ ਹਾਜ਼ਰ ਹੋਈਆਂ ।ਇਹ ਸਮਾਗਮ ਬਾਬਾ ਹਰਜਿੰਦਰ ਸਿੰਘ ਜੋਹਲਾ ਵਾਲਿਆਂ ਦੀ ਅਗਵਾਈ ਵਿੱਚ ਹੋਇਆ ।ਇਸ ਮੌਕੇ ਬਾਬਾ ਕੁਲਦੀਪ ਸਿੰਘ ਛਾਉਣੀ ਵਾਲੇ ਸ੍ਰੀ ਪਾਉਂਟਾ ਸਾਹਿਬ,ਬਾਬਾ ਰੋਸ਼ਨ ਸਿੰਘ ਪਟਿਆਲੇ ਵਾਲੇ, ਪ੍ਰਧਾਨ ਹਰਭਜਨ ਸਿੰਘ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ, ਕਾਰ ਸੇਵਾ ਵਾਲੇ ਬਾਬਾ ਬਚਨ ਸਿੰਘ ਦਿਲੀ ਵਾਲਿਆਂ ਵੱਲੋਂ ਬਾਬਾ ਲਾਡੀ ਜੀ ਨੇ ਉਚੇਚੇ ਤੌਰ ਤੇ ਹਾਜ਼ਰੀ ਲਗਵਾਈ ਇਸ ਸਮਾਗਮ ਵਿੱਚ ਭਾਈ ਜਸਪਾਲ ਸਿੰਘ ਜੀ ਪਾਉਂਟਾ ਸਾਹਿਬ ਵਾਲੇ,ਭਾਈ ਡਾ. ਜਗਜੀਵਨ ਸਿੰਘ ਜਲੰਧਰ ਵਾਲੇ,ਭਾਈ ਗੁਰਪ੍ਰੀਤ ਸਿੰਘ ਪਾਉਂਟਾ ਸਾਹਿਬ ਵਾਲੇ,ਭਾਈ ਰਘਵੀਰ ਸਿੰਘ ਪਾਉਟਾ ਸਾਹਿਬ,ਸੰਤਾ ਸਿੰਘ ਮੀਰੀ ਪੀਰੀ ਅਕੈਡਮੀ ਰੁਦਰਪੁਰ ਉਤਰਾਖੰਡ ਵਾਲੇ,ਭਾਈ ਜਸਵੀਰ ਸਿੰਘ ,ਭਾਈ ਨਿਸ਼ਾਨ ਸਿੰਘ,ਭਾਈ ਮਲੀ ਸਿੰਘ ਹੈਡ ਗ੍ਰੰਥੀ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਤੇ ਬਾਬਾ ਰਣਜੋਤ ਸਿੰਘ ਰਾਗੀ ਸਿੰਘਾਂ ਨੇ ਵੈਰਾਗਮਈ ਕੀਰਤਨ ਕਰਕੇ ਜਨਮ ਅਤੇ ਮੌਤ ਵਾਰੇ ਸੰਗਤਾਂ ਨੂੰ ਚਾਨਣਾ ਪਾਇਆ। ਇਸ ਸਮਾਗਮ ਦੌਰਾਨ ਤਪ ਅਸਥਾਨ ਚਾਹ ਵਾਲੇ ਕੌਂਤ ਬੇਲੀ ਦੀ ਸੇਵਾ ਸੰਭਾਲ ਸੰਤ ਬਾਬਾ ਹਰਜਿੰਦਰ ਸਿੰਘ ਜੋਹਲਾਂ ਵਾਲਿਆਂ ਵੱਲੋ ਮਹਾਨ ਸ਼ਖ਼ਸੀਅਤਾਂ ਦੀ ਹਾਜ਼ਰੀ ਵਿੱਚ ਗ੍ਰੰਥੀ ਗਿਆਨੀ ਰਮਨਦੀਪ ਸਿੰਘ ਨੂੰ ਸੰਭਾਲੀ ਅਤੇ ਇਸ ਨਗਰ ਦੇ ਪੰਜ ਸਿੰਘਾਂ ਭਾਈ ਅਮਰੀਕ ਸਿੰਘ,ਭਾਈ ਜਗਜੀਤ ਸਿੰਘ,ਭਾਈ ਅਜੈਪਾਲ ਸਿੰਘ,ਭਾਈ ਭਗਵੰਤ ਸਿੰਘ,ਭਾਈ ਨਿਰਲੇਪ ਸਿੰਘ ਨੂੰ ਇਸ ਸੇਵਾ ਸੰਭਾਲ ਵਿੱਚ ਸਹਿਯੋਗ ਕਰਨ ਵਾਸਤੇ ਚੁਣਿਆ ।ਇਸ ਸਮਾਗਮ ਦੋਰਾਨ ਸਟੇਜ ਦੀ ਸੇਵਾ ਪ੍ਰਸਿੱਧ ਪੰਥਕ ਬੁਲਾਰੇ ਭਗਵਾਨ ਸਿੰਘ ਜੌਹਲ ਨੇ ਬੜੀ ਸ਼ਰਧਾ ਅਤੇ ਬਾਖੂਬੀ ਨਾਲ ਨਿਭਾਈ ਅਤੇ ਉਹਨਾਂ ਆਈਆਂ ਸਮਾਜਿਕ,ਧਾਰਮਿਕ,ਅਤੇ ਪੰਥਕ ਸ਼ਖ਼ਸੀਅਤਾਂ ਅਤੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ।



ਬਾਬਾ ਰਜੀਤ ਸਿੰਘ (ਬਹਿਰਾਲ) ਦੀ ਅੰਤਿਮ ਅਰਦਾਸ ਮੌਕੇ ਸੰਗਤ ਨੂੰ ਸੰਬੋਧਨ ਕਰਦੇ ਹੋਏ ਪ੍ਰਸਿੱਧ ਸਿੱਖ ਚਿੰਤਕ ਤੇ ਪੰਥਕ ਬੁਲਾਰੇ ਸ. ਭਗਵਾਨ ਸਿੰਘ ਜੌਹਲ।

## ਧੂਰੀ ਸ਼ਹਿਰ ਵਿੱਚ ਨਸ਼ਿਆਂ ਖ਼ਿਲਾਫ਼ ਵਿਸ਼ਾਲ ਪੈਦਲ ਯਾਤਰਾ ਕੱਢੀ ਗਈ

# ਨਸ਼ਿਆਂ ਦੇ ਖ਼ਾਤਮੇ ਲਈ ਰਲ ਕੇ ਹੰਭਲਾ ਮਾਰਨ ਦੀ ਲੋੜ : ਦਲਵੀਰ ਸਿੰਘ ਢਿੱਲੋਂ



**ਧੂਰੀ ( ਰਣਜੀਤ ਸਿੰਘ ਪੇਧਨੀ )**-ਧੂਰੀ ਸ਼ਹਿਰ ਵਿੱਚ ਨਸ਼ਿਆਂ ਦੇ ਖ਼ਾਤਮੇ ਲਈ ਲੋਕ ਜਾਗਰੂਕਤਾ ਫੈਲਾਉਣ ਦੇ ਮਕਸਦ ਨਾਲ ਨਸ਼ਿਆਂ ਖ਼ਿਲਾਫ਼ ਪੈਦਲ ਯਾਤਰਾ ਕੱਢੀ ਗਈ, ਜਿਸ ਵਿੱਚ ਸਮਾਜ ਦੇ ਹਰ ਵਰਗ ਵੱਲੋਂ ਸ਼ਮੂਲੀਅਤ ਦੇਖਣ ਨੂੰ ਮਿਲੀ। ਇਸ ਪੈਦਲ ਯਾਤਰਾ ਦਾ ਮਕਸਦ ਲੋਕਾਂ ਨੂੰ ਨਸ਼ਿਆਂ ਦੇ ਮਾਰੂ ਪ੍ਰਭਾਵਾਂ ਤੋਂ ਬਚਾਉਣਾ ਅਤੇ ਸਮਾਜ ਨੂੰ ਨਸ਼ਾ ਮੁਕਤ ਬਣਾਉਣ ਲਈ ਸਾਂਝੀ ਜ਼ਿੰਮੇਵਾਰੀ ਦਾ ਸੁਨੇਹਾ ਦੇਣਾ ਸੀ। ਇਸ ਮੌਕੇ ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਨਸ਼ਿਆਂ ਵਿਰੁੱਧ ਜ਼ੀਰੋ ਟੋਲਰੈਂਸ ਨੀਤੀ ’ਤੇ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਸਿਰਫ਼ ਸਰਕਾਰ ਦੀ ਨਹੀਂ, ਸਗੋਂ ਸਮਾਜ ਦੇ ਹਰ ਨਾਗਰਿਕ ਦੀ ਸਾਂਝੀ ਜ਼ਿੰਮੇਵਾਰੀ ਹੈ ਅਤੇ ਅਜਿਹੀਆਂ ਪੈਦਲ ਯਾਤਰਾਵਾਂ ਲੋਕਾਂ ਨੂੰ ਜਾਗਰੂਕ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਮੈਂਬਰ ਵਕਫ਼ ਬੋਰਡ ਪੰਜਾਬ ਡਾ. ਅਨਵਰ ਭਸੌੜ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਨਸ਼ਾ ਸਿਰਫ਼ ਇੱਕ ਵਿਅਕਤੀ ਨਹੀਂ, ਸਗੋਂ ਪੂਰੇ ਪਰਿਵਾਰ ਅਤੇ ਸਮਾਜ ਨੂੰ ਤਬਾਹ ਕਰ ਦਿੰਦਾ ਹੈ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਤੋਂ ਦੂਰ ਰਹਿ ਕੇ ਸਿੱਖਿਆ, ਖੇਡਾਂ ਅਤੇ ਸਕਾਰਾਤਮਕ ਸਰਗਰਮੀਆਂ ਨਾਲ ਜੁੜਨ। ਡਾਇਰੈਕਟਰ ਸਮਾਲ ਇੰਡਸਟਰੀਜ਼ ਅਨਿਲ ਮਿੱਤਲ ਅਤੇ ਡਾਇਰੈਕਟਰ ਜਸਪਾਲ ਭੁੱਲਰ ਨੇ ਕਿਹਾ ਕਿ ਨਸ਼ਾ ਮੁਕਤ ਸਮਾਜ ਹੀ ਵਿਕਸਿਤ ਅਤੇ ਮਜ਼ਬੂਤ ਪੰਜਾਬ ਦੀ ਨੀਂਹ ਰੱਖ ਸਕਦਾ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਮੁਹਿੰਮਾਂ ਦੇ ਨਾਲ-ਨਾਲ ਸਮਾਜਿਕ ਸਹਿਯੋਗ ਨਾਲ ਹੀ ਇਸ ਸਮੱਸਿਆ ਨੂੰ ਜੜ ਤੋਂ ਖ਼ਤਮ ਕੀਤਾ ਜਾ ਸਕਦਾ ਹੈ। ਇਸ ਮੌਕੇ ਹਰਪ੍ਰੀਤ ਸਿੰਘ ਗਿੱਲ, ਦਰਸ਼ਨ ਸਿੰਘ ਪਾਠਕ, ਮੈਂਬਰ ਜ਼ਿਲ੍ਹਾ ਪ੍ਰੀਸ਼ਦ ਰਛਪਾਲ ਸਿੰਘ ਭੁੱਲਰ, ਪੁਸ਼ਪਿੰਦਰ ਸ਼ਰਮਾ, ਅਮਨਜੋਤ ਕੌਰ, ਰਾਜੀਵ ਚੌਧਰੀ, ਅਸ਼ਵਨੀ ਧੀਰ, ਸੰਦੀਪ ਤਿਆਲ, ਗਗਨ ਜਵੰਦਾ, ਵੀਰਭਾਨ, ਅਜੈਬ ਸਿੰਘ ਅਤੇ ਸੁਖਪਾਲ ਸਿੰਘ, ਰੂਬਲ, ਰੁਪਿੰਦਰ ਭੁੱਲਰ, ਡਾ. ਕੁਲਜੀਤ ਧਵਨ, ਹਰਪ੍ਰੀਤ ਸਿੰਘ ਮੀਮਸਾ ਅਤੇ ਹੈਪੀ ਗਰਗ ਨੇ ਵੀ ਨਸ਼ਿਆਂ ਵਿਰੁੱਧ ਇੱਕਜੁੱਟ ਹੋ ਕੇ ਲੜਨ ਦਾ ਅਹਿਦ ਲਿਆ। ਬੁਲਾਰਿਆਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਲਗਾਤਾਰ ਪ੍ਰਭਾਵਸ਼ਾਲੀ ਕਦਮ ਚੁੱਕ ਰਹੀ ਹੈ ਅਤੇ ਨਸ਼ਾ ਤਸਕਰਾਂ ਖਿਲਾਫ਼ ਸਖ਼ਤ ਕਾਰਵਾਈ ਦੇ ਨਾਲ-ਨਾਲ ਨਸ਼ਾ ਪੀੜਤਾਂ ਦੀ ਪੁਨਰਵਾਸ ਲਈ ਵੀ ਵਿਸ਼ੇਸ਼ ਪ੍ਰਬੰਧ ਕੀਤੇ ਜਾ ਰਹੇ ਹਨ। ਇਸ ਪੈਦਲ ਯਾਤਰਾ ਦੌਰਾਨ ਨਸ਼ਿਆਂ ਵਿਰੁੱਧ ਨਾਅਰੇ ਲਗਾਏ ਗਏ ਅਤੇ ਲੋਕਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦਾ ਸੁਨੇਹਾ ਦਿੱਤਾ ਗਿਆ। ਅੰਤ ਵਿੱਚ ਆਮ ਆਦਮੀ ਪਾਰਟੀ ਦੀ ਸਮੂਹ ਟੀਮ ਦੇ ਮੈਂਬਰਾਂ ਅਤੇ ਸ਼ਹਿਰ ਵਾਸੀਆਂ ਨੇ ਨਸ਼ਾ ਮੁਕਤ ਧੂਰੀ ਅਤੇ ਨਸ਼ਾ ਮੁਕਤ ਪੰਜਾਬ ਬਣਾਉਣ ਦਾ ਸੰਕਲਪ ਦੁਹਰਾਇਆ।

# ਪੈਸਾ ਕਮਾਉਣ ਦਾ ਕੋਈ ਛੋਟਾ ਰਾਹ ਨਹੀਂ ਹੁੰਦਾ !

ਅੱਜ ਦੇ ਭੌਤਿਕਵਾਦੀ ਯੁੱਗ ਵਿੱਚ ਘੱਟ ਤੋਂ ਘੱਟ ਸਮੇਂ ਵਿੱਚ ਪੈਸਾ ਕਮਾਉਣ ਅਤੇ ਤੁਰੰਤ ਕਾਮਯਾਬੀ ਹਾਸਲ ਕਰਨ ਦੀ ਲਾਲਸਾ ਬਹੁਤ ਤੇਜ਼ੀ ਨਾਲ ਵੱਧ ਰਹੀ ਹੈ। “ਪੈਸਾ ਕਮਾਉਣ ਦਾ ਕੋਈ ਛੋਟਾ ਰਾਹ ਨਹੀਂ” ਵਾਲਾ ਸਿਧਾਂਤ ਅੱਜ ਪਹਿਲਾਂ ਨਾਲੋਂ ਕਈ ਗੁਣਾ ਵੱਧ ਜ਼ੋਰ ਨਾਲ ਪ੍ਰਚਾਰਿਤ ਕਰਨ ਦੀ ਲੋੜ ਹੈ। ਤੇਜ਼ ਕਾਮਯਾਬੀ ਦੇ ਵਾਅਦੇ ਕਰਨ ਵਾਲੀਆਂ ਯੋਜਨਾਵਾਂ, ਆਨਲਾਈਨ ਕੋਰਸ (ਵਟਸਐਪ, ਟੈਲੀਗ੍ਰਾਮ, ਫੇਸਬੁੱਕ, ਵੈੱਬਸਾਈਟਾਂ ਆਦਿ) ਅਤੇ ਸੋਸ਼ਲ ਮੀਡੀਆ ਉੱਤੇ ਪ੍ਰਭਾਵਸ਼ਾਲੀ ਲੋਕਾਂ ਵੱਲੋਂ ਦਿਖਾਈ ਜਾਂਦੀ ਸ਼ਾਨਦਾਰ ਜੀਵਨ-ਸ਼ੈਲੀ ਇਹ ਭਰਮ ਪੈਦਾ ਕਰਦੀ ਹੈ ਕਿ ਬਿਨਾਂ ਮਿਹਨਤ ਦੇ ਦੌਲਤ ਹਾਸਲ ਕੀਤੀ ਜਾ ਸਕਦੀ ਹੈ। ਹਕੀਕਤ ਵਿੱਚ, ਟਿਕਾਊ ਆਰਥਿਕ ਕਾਮਯਾਬੀ ਲਗਾਤਾਰ ਮਿਹਨਤ, ਧੀਰਜ ਅਤੇ ਸੋਚ-ਸਮਝ ਕੇ ਕੀਤੇ ਫ਼ੈਸਲਿਆਂ ਦਾ ਨਤੀਜਾ ਹੁੰਦੀ ਹੈ।



**ਤੁਰੰਤ ਆਰਥਿਕ ਵਿਕਾਸ ਦਾ ਭਰਮ**-ਤੁਰੰਤ ਆਰਥਿਕ ਲਾਭ ਹਾਸਲ ਕਰਨ ਦੀ ਇੱਛਾ ਮਨੁੱਖੀ ਸੁਭਾਅ ਵਿੱਚ ਡੂੰਘੀ ਰਚੀ-ਬਸੀ ਹੈ। ਰਾਤੋਂ-ਰਾਤ ਸੋਨੇ ਦੀ ਖਾਨ ਲੱਭ ਜਾਣ ਵਾਲੀਆਂ ਕਹਾਣੀਆਂ ਸਾਡੇ ਅਵਚੇਤਨ ਮਨ ਨੂੰ ਜਗਾਉਂਦੀਆਂ ਹਨ ਅਤੇ ਅੰਦਰ ਲੁੱਕੇ ਭੌਤਿਕਵਾਦੀ ਜਜ਼ਬਾਤਾਂ ਨੂੰ ਉਤੇਜਿਤ ਕਰਦੀਆਂ ਹਨ। ਅਮੀਰ ਲੋਕਾਂ ਦੀ ਵੱਡੀ ਪੂੰਜੀ ਸਾਲਾਂ ਦੀ ਮਿਹਨਤ, ਤਜ਼ਰਬੇ ਅਤੇ ਗਲਤੀਆਂ ਤੋਂ ਸਿੱਖਣ ਦਾ ਨਤੀਜਾ ਹੁੰਦੀ ਹੈ, ਜੋ ਉਨ੍ਹਾਂ ਦੇ ਸੋਚ-ਵਿਚਾਰ ਕਰਕੇ ਕੀਤੇ ਫ਼ੈਸਲਿਆਂ ਨੂੰ ਦਰਸਾਉਂਦੀ ਹੈ। ਇੰਟਰਨੈੱਟ ਨੇ ਤੁਰੰਤ ਕਾਮਯਾਬੀ ਦੀਆਂ ਕਹਾਣੀਆਂ ਨੂੰ ਬਹੁਤ ਵੱਧ ਫੈਲਾ ਦਿੱਤਾ ਹੈ, ਜਿਸ ਕਾਰਨ ਕਈ ਲੋਕ ਮਨੋਵਿਗਿਆਨਕ ਤੌਰ ‘ਤੇ ਇਹ ਮੰਨ ਬੈਠਦੇ ਹਨ ਕਿ ਘੱਟ ਮਿਹਨਤ ਨਾਲ ਹੀ ਦੌਲਤ ਹਾਸਲ ਕੀਤੀ ਜਾ ਸਕਦੀ ਹੈ। ਇਸ ਭਰਮ ਦਾ ਸ਼ਿਕਾਰ ਹੋਣ ਵਾਲੇ ਲੋਕ ਅਕਸਰ ਲੋੜੀਂਦੀ ਜਾਣਕਾਰੀ ਅਤੇ ਤਜ਼ਰਬੇ ਤੋਂ ਬਿਨਾਂ ਗਲਤ ਆਰਥਿਕ ਫ਼ੈਸਲੇ ਕਰ ਬੈਠਦੇ ਹਨ। ਇਨ੍ਹਾਂ ਫ਼ੈਸਲਿਆਂ ਦੀ ਕੀਮਤ ਉਨ੍ਹਾਂ ਨੂੰ ਸਮੇਂ ਦੇ ਨਾਲ ਚੁਕਾਉਣੀ ਪੈਂਦੀ ਹੈ, ਜਿਸ ਵਿੱਚ ਆਰਥਿਕ ਨੁਕਸਾਨ, ਸਮੇਂ ਦੀ ਬਰਬਾਦੀ ਅਤੇ ਮਾਨਸਿਕ ਤਣਾਅ ਸ਼ਾਮਲ ਹੁੰਦੇ ਹਨ।

**ਮਿਹਨਤ ਅਤੇ ਧੀਰਜ ਦੀ ਮਹੱਤਤਾ**-ਅਸਲ ਆਰਥਿਕ ਕਾਮਯਾਬੀ ਲਗਾਤਾਰ ਮਿਹਨਤ ਅਤੇ ਧੀਰਜ ਦਾ ਨਤੀਜ਼ਾ ਹੁੰਦੀ ਹੈ; ਇਹ ਕਿਸਮਤ ਦੇ ਭਰੋਸੇ ਨਹੀਂ ਟਿਕੀ ਹੁੰਦੀ। ਵੱਡੀ ਦੌਲਤ ਕਮਾਉਣ ਵਾਲੇ ਵਿਅਕਤੀ ਆਪਣੇ ਕੰਮ ਨਾਲ ਪੂਰੀ ਆਸਥਾ ਰੱਖਦੇ ਹਨ ਸਿੱਖਣ ਵਿੱਚ ਸਮਾਂ ਲਗਾਉਂਦੇ ਹਨ, ਬਦਲਦੀਆਂ ਹਾਲਤਾਂ ਅਨੁਸਾਰ ਆਪਣੇ ਆਪ ਨੂੰ ਢਾਲਦੇ ਹਨ ਅਤੇ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਤਿਆਰ ਰਹਿੰਦੇ ਹਨ।

ਮਿਹਨਤ ਨਾਲ ਧੀਰਜ, ਆਤਮ-ਨਿਯੰਤਰਣ ਅਤੇ ਲਚੀਲਾਪਨ ਪੈਦਾ ਹੁੰਦਾ ਹੈ। ਜਦੋਂ ਵਿਅਕਤੀ ਆਰਥਿਕ ਉਤਾਰ-ਚੜ੍ਹਾਵਾਂ ਦਾ ਸਾਹਮਣਾ ਕਰਦੇ ਹਨ ਚਾਹੇ ਕਾਰੋਬਾਰ ਦੀ ਅਸਫਲਤਾ ਹੋਵੇ ਜਾਂ ਗਲਤ ਨਿਵੇਸ਼ ਉਹ ਕੀਮਤੀ ਸਿੱਖਿਆ ਪ੍ਰਾਪਤ ਕਰਦੇ ਹਨ, ਜੋ ਉਨ੍ਹਾਂ ਦੇ ਵਿਕਾਸ ਵਿੱਚ ਮਦਦਗਾਰ ਹੁੰਦੀ ਹੈ। ਇਹ ਗੁਣ ਦੌਲਤ ਹਾਸਲ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਇਸਦੇ ਉਲਟ ਛੋਟੇ ਰਾਹ ਲੱਭਣ ਵਾਲੇ ਲੋਕ ਅਕਸਰ ਇਨ੍ਹਾਂ ਚੁਣੌਤੀਆਂ ਲਈ ਤਿਆਰ ਨਹੀਂ ਹੁੰਦੇ, ਜਿਸ ਕਾਰਨ ਉਨ੍ਹਾਂ ਨੂੰ ਵੱਡੇ ਆਰਥਿਕ ਨੁਕਸਾਨ ਅਤੇ ਅਸਥਿਰਤਾ ਦਾ ਸਾਹਮਣਾ ਕਰਨਾ ਪੈਂਦਾ ਹੈ।

**ਯੋਜਨਾ ਅਤੇ ਆਰਥਿਕ ਗਿਆਨ**-ਪੈਸਾ ਕਮਾਉਣ ਲਈ ਯੋਜਨਾਬੰਦੀ ਅਤੇ ਆਰਥਿਕ ਗਿਆਨ ਬਹੁਤ ਜ਼ਰੂਰੀ ਹਨ। ਪੈਸੇ ਦੀ ਸਮਝ—ਬਜਟ ਬਣਾਉਣਾ, ਬਚਤ ਕਰਨੀ, ਨਿਵੇਸ਼ ਕਰਨਾ ਅਤੇ ਕਰਜ਼ੇ ਦਾ ਪ੍ਰਬੰਧਨ—ਆਰਥਿਕ ਕਾਮਯਾਬੀ ਦੀ ਬੁਨਿਆਦ ਹੈ। ਜੋ ਲੋਕ ਆਰਥਿਕ ਸਿੱਖਿਆ ਸਿੱਖਣ ਵਿੱਚ ਸਮਾਂ ਲਗਾਉਂਦੇ ਹਨ, ਉਹ ਆਪਣੇ ਵਿੱਤੀ ਟੀਚਿਆਂ ਬਾਰੇ ਸੋਚ-ਸਮਝ ਕੇ ਫ਼ੈਸਲੇ ਲੈ ਸਕਦੇ ਹਨ।

ਨਿਵੇਸ਼ ਇਸਦੀ ਸਭ ਤੋਂ ਵਧੀਆ ਉਦਾਹਰਨ ਹੈ। ਕੁਝ ਲੋਕ ਤੇਜ਼ ਮੁਨਾਫੇ ਦੀ ਆਸ ਵਿੱਚ ਉੱਚ ਜੋਖ਼ਮ ਵਾਲੇ ਨਿਵੇਸ਼ ਕਰਦੇ ਹਨ, ਜਦਕਿ ਤਜਰਬੇਕਾਰ ਨਿਵੇਸ਼ਕ ਵਿਭਿੰਨਤਾ ਅਤੇ ਲੰਬੇ ਸਮੇਂ ਦੀ ਵਿਕਾਸ ਰਣਨੀਤੀ ਦੀ ਮਹੱਤਤਾ ਨੂੰ ਸਮਝਦੇ ਹਨ। ਉਹ ਜਾਣਦੇ ਹਨ ਕਿ ਦੌਲਤ ਬਣਾਉਣ ਦੀ ਪ੍ਰਕਿਰਿਆ ਹੌਲੀ-ਹੌਲੀ ਹੁੰਦੀ ਹੈ ਅਤੇ ਇਸ ਲਈ ਬਾਜ਼ਾਰ ਦੇ ਰੁਝਾਨਾਂ ਅਤੇ ਆਰਥਿਕ ਸਿਧਾਂਤਾਂ ਦੀ ਜਾਣਕਾਰੀ ਲੋੜੀਂਦੀ ਹੈ।

**ਮਨੋਭਾਵ (ਮਾਈਂਡਸੈਟ)**-ਪੈਸਾ ਕਮਾਉਣ ਦੀ ਯਾਤਰਾ ਵਿੱਚ ਮਨੋਭਾਵ ਬਹੁਤ ਅਹਿਮ ਭੂਮਿਕਾ ਨਿਭਾਉਂਦਾ ਹੈ। ਵਿਕਾਸਸ਼ੀਲ ਮਨੋਭਾਵ ਇਹ ਵਿਸ਼ਵਾਸ ਪੈਦਾ ਕਰਦਾ ਹੈ ਕਿ ਹੁਨਰ ਅਤੇ ਬੁੱਧੀ ਮਿਹਨਤ ਅਤੇ ਸਮਰਪਣ ਨਾਲ ਵਿਕਸਤ ਕੀਤੀ ਜਾ ਸਕਦੀ ਹੈ। ਇਹ ਵਿਅਕਤੀ ਨੂੰ ਚੁਣੌਤੀਆਂ ਸਵੀਕਾਰ ਕਰਨ ਅਤੇ ਅਸਫਲਤਾਵਾਂ ਨੂੰ ਸਿੱਖਣ ਦੇ ਮੌਕੇ ਵਜੋਂ ਦੇਖਣ ਲਈ ਪ੍ਰੇਰਿਤ ਕਰਦਾ ਹੈ।

ਇਸਦੇ ਉਲਟ, ਭੌਤਿਕਵਾਦੀ ਮਨੋਭਾਵ ਵਿਅਕਤੀ ਨੂੰ ਮਿਹਨਤ ਤੋਂ ਬਚਣ ਲਈ ਸ਼ਾਰਟਕੱਟ ਲੱਭਣ ਵੱਲ ਧੱਕਦਾ ਹੈ। ਇਹ ਰਵੱਈਆ ਨਾ ਸਿਰਫ਼ ਆਰਥਿਕ ਕਾਮਯਾਬੀ ਦੇ ਮੌਕੇ ਘਟਾਉਂਦਾ ਹੈ, ਸਗੋਂ ਨਿੱਜੀ ਵਿਕਾਸ ਅਤੇ ਆਤਮਿਕ ਸੰਤੁਸ਼ਟੀ ਤੋਂ ਵੀ ਦੂਰ ਕਰਦਾ ਹੈ।

ਅੰਤ ਵਿੱਚ ਇਹ ਕਿਹਾ ਜਾ ਸਕਦਾ ਹੈ ਕਿ ਪੈਸਾ ਕਮਾਉਣ ਦਾ ਕੋਈ ਛੋਟਾ ਰਾਹ ਨਹੀਂ ਹੁੰਦਾ ਕਿਉਂਕਿ ਇਹ ਇੱਕ ਖ਼ਤਰਨਾਕ ਮਨੋਵਿਗਿਆਨਕ ਹਾਲਤ ਹੈ ਜੋ ਮਨੁੱਖ ਨੂੰ ਗਲਤ ਰਸਤੇ ‘ਤੇ ਲੈ ਜਾ ਸਕਦੀ ਹੈ। ਟਿਕਾਊ ਦੌਲਤ ਮਿਹਨਤ, ਧੀਰਜ, ਯੋਜਨਾਬੰਦੀ ਅਤੇ ਆਰਥਿਕ ਗਿਆਨ ‘ਤੇ ਆਧਾਰਿਤ ਹੁੰਦੀ ਹੈ। ਤੁਰੰਤ ਦੌਲਤ ਦੀ ਲਾਲਸਾ ਭਾਵੇਂ ਆਕਰਸ਼ਕ ਲੱਗੇ, ਪਰ ਜੋ ਲੋਕ ਆਰਥਿਕ ਸਿਧਾਂਤਾਂ ਨੂੰ ਸਮਝਣ ਅਤੇ ਆਪਣੇ ਹੁਨਰ ਵਿਕਸਤ ਕਰਨ ਵਿੱਚ ਸਮਾਂ ਲਗਾਉਂਦੇ ਹਨ, ਉਹੀ ਅਖ਼ੀਰਕਾਰ ਅਸਲੀ ਕਾਮਯਾਬੀ ਹਾਸਲ ਕਰਦੇ ਹਨ। ਦੌਲਤ ਬਣਾਉਣ ਦਾ ਰਸਤਾ ਲੰਮਾ ਅਤੇ ਚੁਣੌਤੀਆਂ ਭਰਿਆ ਹੋ ਸਕਦਾ ਹੈ, ਪਰ ਇਹ ਨਿੱਜੀ ਵਿਕਾਸ ਅਤੇ ਸੰਤੁਸ਼ਟੀ ਵੀ ਪ੍ਰਦਾਨ ਕਰਦਾ ਹੈ। ਇਸ ਯਾਤਰਾ ਨਾਲ ਜੁੜੇ ਰਹਿਣਾ ਹੀ ਟਿਕਾਊ ਆਰਥਿਕ ਕਾਮਯਾਬੀ ਦਾ ਅਸਲ ਮੰਤਰ ਹੈ।

**-ਡਾ. ਸੁਰਿੰਦਰਪਾਲ ਸਿੰਘ, ਵਿਗਿਆਨ ਅਧਿਆਪਕ, ਸ੍ਰੀ ਅੰਮ੍ਰਿਤਸਰ ਸਾਹਿਬ, ਪੰਜਾਬ**

## 328 ਪਾਵਨ ਸਰੂਪਾਂ ਦਾ ਮਾਮਲਾ

# ਅੱਜ ਦੂਜੇ ਦਿਨ ਅੰਮ੍ਰਿਤਸਰ ਪੁਲਿਸ ਕਮਿਸ਼ਨਰ ਦਫ਼ਤਰ ’ਚ ‘ਸਿਟ’ ਸਾਹਮਣੇ ਪੇਸ਼ ਹੋਏ ਸ਼੍ਰੋਮਣੀ ਕਮੇਟੀ ਮੈਂਬਰ

**ਅੰਮ੍ਰਿਤਸਰ, 31 ਜਨਵਰੀ (ਆਵਾਜ਼ਿ ਕੌਮ ਬਿਊਰੋ)**-328 ਪਾਵਨ ਸਰੂਪਾਂ ਦੇ ਮਾਮਲੇ ’ਚ ਪੰਜਾਬ ਸਰਕਾਰ ਵਲੋਂ ਗਠਿਤ ਕੀਤੀ ਸਿੱਟ ਕੋਲ ਅੱਜ ਸ਼੍ਰੋਮਣੀ ਕਮੇਟੀ ਦੇ ਮੈਂਬਰ ਆਪਣੇ ਬਿਆਨ ਦਰਜ ਕਰਾਉਣ ਲਈ ਅੰਮ੍ਰਿਤਸਰ ਪੁਲਿਸ ਕਮਿਸ਼ਨਰ ਦਫ਼ਤਰ ’ਚ ਪੁੱਜੇ ਹਨ। ਇਨ੍ਹਾਂ ਵਿਚ ਭਾਈ ਰਜਿੰਦਰ ਸਿੰਘ ਮਹਿਤਾ ਅਤੇ ਸੁਖਦੇਵ ਸਿੰਘ ਭੌਰ ਸਮੇਤ ਕਈ ਮੈਂਬਰ ਸ਼ਾਮਿਲ ਹਨ। ਬੀਤੇ ਦਿਨੀਂ ਵੀ ਸ਼੍ਰੋਮਣੀ ਕਮੇਟੀ ਦੇ 6 ਮੈਂਬਰਾਂ ਨੇ ਆਪਣੇ ਬਿਆਨ ਸਿੱਟ ਕੋਲ ਦਰਜ ਕਰਵਾਏ ਸੀ। ਦੱਸ ਦੇਈਏ ਕਿ ‘ਸਿਟ’ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ 40 ਮੌਜੂਦਾ ਅਤੇ ਸੇਵਾਮੁਕਤ ਅਧਿਕਾਰੀਆਂ ਨੂੰ ਪੁਲਿਸ ਕਮਿਸ਼ਨਰ ਦਫ਼ਤਰ ਵਿੱਚ ਪੇਸ਼ ਹੋਣ ਲਈ ਸੰਮਨ ਜਾਰੀ ਕੀਤੇ ਸਨ। ਇਸ ਮਾਮਲੇ ’ਤੇ ਪ੍ਰਤੀਕਿਰਿਆ ਦਿੰਦਿਆਂ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਰਘਬੀਰ ਸਿੰਘ ਨੇ ਜਾਂਚ ਦੀ ਪ੍ਰਕਿਰਿਆ ਦੌਰਾਨ ਅਧਿਕਾਰੀਆਂ ਨੂੰ ਕੀਤੀ ਜਾ ਰਹੀ ਕਥਿਤ ਮਾਨਸਿਕ ਪਰੇਸ਼ਾਨੀ ’ਤੇ ਚਿੰਤਾ ਪ੍ਰਗਟਾਈ ਹੈ। ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਉਨ੍ਹਾਂ ਨੂੰ ਸੋਸ਼ਲ ਮੀਡੀਆ ਅਤੇ ਹੋਰ ਸਾਧਨਾਂ ਰਾਹੀਂ ਪਤਾ ਲੱਗਾ ਹੈ ਕਿ ‘ਸਿਟ’ ਵੱਲੋਂ ਦੁਬਾਰਾ 40 ਲੋਕਾਂ ਨੂੰ ਬਿਆਨ ਦਰਜ ਕਰਵਾਉਣ ਲਈ ਸੱਦਿਆ ਗਿਆ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਇਸ ਤੋਂ ਪਹਿਲਾਂ ਵੀ ਡਾਕਟਰ ਈਸ਼ਰ ਸਿੰਘ ਦੀ ਰਿਪੋਰਟ ਦੌਰਾਨ ਸਭ ਦੇ ਬਿਆਨ ਦਰਜ ਹੋ ਚੁੱਕੇ ਹਨ। ਉਨ੍ਹਾਂ ਕਿਹਾ, “ਜਾਂਚ ਹੋਣੀ ਚਾਹੀਦੀ ਹੈ ਤਾਂ ਜੋ ਦੁੱਧ ਦਾ ਦੁੱਧ ਤੇ ਪਾਣੀ ਦਾ ਪਾਣੀ ਹੋ ਸਕੇ ਪਰ ਜਾਂਚ ਦੇ ਨਾਂ ’ਤੇ ਕਿਸੇ ਦੀ ਸਰੀਰਕ ਜਾਂ ਮਾਨਸਿਕ ਹਰਾਸਮੈਂਟ (ਪਰੇਸ਼ਾਨੀ) ਨਹੀਂ ਹੋਣੀ ਚਾਹੀਦੀ।”

ਜਥੇਦਾਰ ਸਾਹਿਬ ਨੇ ਦੱਸਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜਾਂਚ ਟੀਮ ਨੂੰ ਹਰ ਤਰ੍ਹਾਂ ਦਾ ਸਹਿਯੋਗ ਦਿੱਤਾ ਜਾ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਖੁਦ ‘ਸਿਟ’ ਦੇ ਮੁਖੀ ਨੇ ਵੀ ਇਸ ਗੱਲ ਦੀ ਪੁਸ਼ਟੀ ਕੀਤੀ ਹੈ ਕਿ ਕਮੇਟੀ ਵੱਲੋਂ ਜਾਂਚ ਵਿੱਚ ਪੂਰੀ ਮਦਦ ਮਿਲ ਰਹੀ ਹੈ। ਅਜਿਹੀ ਸਥਿਤੀ ਵਿੱਚ ਪ੍ਰਸ਼ਾਸਨ ਅਤੇ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਜਾਂਚ ਨੂੰ ਸੁਚਾਰੂ ਢੰਗ ਨਾਲ ਚਲਾਉਣ ਅਤੇ ਬਿਨਾਂ ਵਜ੍ਹਾ ਅਧਿਕਾਰੀਆਂ ’ਤੇ ਮਾਨਸਿਕ ਦਬਾਅ ਨਾ ਪਾਉਣ। ਇਹ ਮਾਮਲਾ ਸਿੱਖ ਪੰਥ ਲਈ ਬਹੁਤ ਸੰਵੇਦਨਸ਼ੀਲ ਹੈ, ਕਿਉਂਕਿ ਇਹ ਪਾਵਨ ਸਰੂਪਾਂ ਦੀ ਮਰਯਾਦਾ ਅਤੇ ਰਿਕਾਰਡ ਨਾਲ ਜੁੜਿਆ ਹੋਇਆ ਹੈ। ਗਿਆਨੀ ਰਘਬੀਰ ਸਿੰਘ ਜੀ ਨੇ ਉਮੀਦ ਜਤਾਈ ਕਿ ਜਾਂਚ ਨਿਰਪੱਖ ਹੋਵੇਗੀ ਅਤੇ ਅਸਲੀਅਤ ਸਾਹਮਣੇ ਆਵੇਗੀ ਪਰ ਉਨ੍ਹਾਂ ਮੁੜ ਦੁਹਰਾਇਆ ਕਿ ਸਰਕਾਰ ਅਤੇ ਪ੍ਰਸ਼ਾਸਨ ਨੂੰ ਜਾਂਚ ਦੌਰਾਨ ਮਾਨਵੀ ਕਦਰਾਂ-ਕੀਮਤਾਂ ਦਾ ਖਿਆਲ ਰੱਖਣਾ ਚਾਹੀਦਾ ਹੈ।



## 2050 ਤੱਕ ਹੋ ਜਾਏਗੀ ਅਤਿ ਦੀ ਗਰਮੀ

# ਭਾਰਤ ਸਭ ਤੋਂ ਵੱਧ ਪ੍ਰਭਾਵਿਤ ਦੇਸ਼ਾਂ ਵਿੱਚ ਹੋਏਗਾ ਸ਼ਾਮਲ



ਨਵੀਂ ਦਿੱਲੀ 31 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਆਕਸਫੋਰਡ ਯੂਨੀਵਰਸਿਟੀ ਦੇ ਵਿਗਿਆਨੀਆਂ ਦੇ ਇੱਕ ਅਧਿਐਨ ਨੇ ਚੇਤਾਵਨੀ ਦਿੱਤੀ ਹੈ ਕਿ ਜੈਵਿਕ ਇੰਧਨ ਦੀ ਨਿਰੰਤਰ ਵਰਤੋਂ ਕਾਰਨ 2010 ਦੇ ਪੱਧਰ ਦੇ ਮੁਕਾਬਲੇ 2050 ਤੱਕ ਦੁਨੀਆ ਦੀ ਆਬਾਦੀ ਦਾ ਪ੍ਰਤੀਸ਼ਤ ਬਹੁਤ ਜ਼ਿਆਦਾ ਗਰਮੀ ਦੇ ਸੰਪਰਕ ਵਿੱਚ ਆਉਣ ਨਾਲ ਦੁੱਗਣਾ ਹੋ ਸਕਦਾ ਹੈ, ਜਿਸ ਵਿੱਚ ਭਾਰਤ ਸਭ ਤੋਂ ਵੱਧ ਪ੍ਰਭਾਵਿਤ ਦੇਸ਼ਾਂ ਵਿੱਚ ਸ਼ਾਮਲ ਹੈ। ਵਾਤਾਵਰਣ ਅਧਿਐਨ ਦੇ ਇੱਕ ਪ੍ਰਮੁੱਖ ਅੰਤਰਰਾਸ਼ਟਰੀ ਜਰਨਲ, ਨੇਚਰ ਸਸਟੇਨੇਬਿਲਟੀ ਵਿੱਚ ਪ੍ਰਕਾਸ਼ਿਤ ਇਸ ਅਧਿਐਨ ਨੂੰ ਇੱਕ ਲੇਖਕ ਨੇ "ਚੇਤਾਵਨੀ ਸੰਕੇਤ" ਦੱਸਿਆ ਹੈ। ਅਧਿਐਨ ਦਾ ਅੰਦਾਜ਼ਾ ਹੈ ਕਿ ਸਦੀ ਦੇ ਅੱਧ ਤੱਕ, ਲਗਭਗ 3.8 ਬਿਲੀਅਨ ਲੋਕ, ਜਾਂ ਦੁਨੀਆ ਦੀ ਆਬਾਦੀ ਦਾ ਲਗਭਗ 41 ਪ੍ਰਤੀਸ਼ਤ, ਖਤਰਨਾਕ ਗਰਮੀ ਦੀਆਂ ਸਥਿਤੀਆਂ ਦਾ ਸਾਹਮਣਾ ਕਰਨਗੇ, ਜਦੋਂ ਕਿ 2010 ਵਿੱਚ ਇਹ ਗਿਣਤੀ 1.54 ਬਿਲੀਅਨ (23 ਪ੍ਰਤੀਸ਼ਤ) ਸੀ। ਅਤਿਅੰਤ ਗਰਮੀ ਅਸਾਧਾਰਨ ਤੌਰ 'ਤੇ ਗਰਮ ਮੌਸਮ ਦੇ ਦੌਰ ਨੂੰ ਦਰਸਾਉਂਦੀ ਹੈ ਜਿਸ ਵਿੱਚ ਤਾਪਮਾਨ ਕਈ ਦਿਨਾਂ ਤੱਕ 32 ਡਿਗਰੀ ਸੈਲਸੀਅਸ ਤੋਂ ਉੱਪਰ ਰਹਿੰਦਾ ਹੈ। ਦ ਟੈਲੀਗ੍ਰਾਫ ਅਖ਼ਬਾਰ ਦੇ ਅਨੁਸਾਰ , ਅਧਿਐਨ ਦੇ ਮੁੱਖ ਲੇਖਕ, ਜੀਸਸ ਲਿਜ਼ਾਨਾ ਨੇ ਕਿਹਾ, "ਭਾਰਤ, ਨਾਈਜੀਰੀਆ, ਇੰਡੋਨੇਸ਼ੀਆ, ਬੰਗਲਾਦੇਸ਼, ਪਾਕਿਸਤਾਨ ਅਤੇ ਫਿਲੀਪੀਨਜ਼ ਉਹ ਦੇਸ਼ ਹੋਣਗੇ ਜਿੱਥੇ ਆਬਾਦੀ ਸਭ ਤੋਂ ਵੱਧ ਅਤਿ ਦੀ ਗਰਮੀ ਦੇ ਸੰਪਰਕ ਵਿੱਚ ਆਵੇਗੀ। ਇਨ੍ਹਾਂ ਦੇਸ਼ਾਂ ਦੇ ਲੋਕ 3,000 ਤੋਂ ਵੱਧ ਕੂਲਿੰਗ ਡਿਗਰੀ ਦਿਨਾਂ ਦੀਆਂ ਸਥਿਤੀਆਂ ਵਿੱਚ ਰਹਿਣਗੇ।ਕੂਲਿੰਗ ਡਿਗਰੀ ਦਿਨ ਘਰਾਂ ਦੇ ਅੰਦਰ ਸੁਰੱਖਿਅਤ ਤਾਪਮਾਨ ਬਣਾਈ ਰੱਖਣ ਲਈ ਲੋੜੀਂਦੀ ਊਰਜਾ ਦੀ ਮਾਤਰਾ ਨੂੰ ਦਰਸਾਉਂਦੇ ਹਨ। ਰਿਪੋਰਟ ਵਿੱਚ ਕਿਹਾ ਗਿਆ ਹੈ 3,000 ਤੋਂ ਉੱਪਰ ਕੂਲਿੰਗ ਡਿਗਰੀ ਦਿਨ ਸਾਲ ਭਰ ਵਿੱਚ ਤੀਬਰ ਗਰਮੀ ਦੇ ਲੰਬੇ ਸਮੇਂ ਨੂੰ ਦਰਸਾਉਂਦੇ ਹਨ ।

ਲੀਜ਼ਾਨਾ ਨੇ ਕਿਹਾ ਸਾਡਾ ਅਧਿਐਨ ਦਰਸਾਉਂਦਾ ਹੈ ਕਿ ਕੂਲਿੰਗ ਅਤੇ ਹੀਟਿੰਗ ਦੀ ਮੰਗ ਵਿੱਚ ਜ਼ਿਆਦਾਤਰ ਬਦਲਾਅ 1.53 ਸੀਮਾ ਤੱਕ ਪਹੁੰਚਣ ਤੋਂ ਪਹਿਲਾਂ ਹੁੰਦੇ ਹਨ । ਅਗਲੇ ਪੰਜ ਸਾਲਾਂ ਵਿੱਚ ਬਹੁਤ ਸਾਰੇ ਘਰਾਂ ਨੂੰ ਏਅਰ ਕੰਡੀਸ਼ਿਨੰਗ ਦੀ ਲੋੜ ਹੋ ਸਕਦੀ ਹੈ, ਪਰ ਜੇਕਰ ਗਲੋਬਲ ਤਾਪਮਾਨ 23 ਤੱਕ ਪਹੁੰਚ ਜਾਂਦਾ ਹੈ, ਤਾਂ ਉਸ ਤੋਂ ਬਾਅਦ ਵੀ ਤਾਪਮਾਨ ਵਧਦਾ ਰਹੇਗਾ। ਰਿਪੋਰਟ ਵਿੱਚ ਇਹ ਵੀ ਕਿਹਾ ਗਿਆ ਹੈ ਕਿ 'ਬਹੁਤ ਠੰਡੇ ਇਲਾਕਿਆਂ ਵਿੱਚ ਰਹਿਣ ਵਾਲੀ ਵਿਸ਼ਵਵਿਆਪੀ ਆਬਾਦੀ ਦਾ ਪ੍ਰਤੀਸ਼ਤ 14 ਪ੍ਰਤੀਸ਼ਤ ਤੋਂ ਘਟ ਕੇ 7 ਪ੍ਰਤੀਸ਼ਤ ਹੋ ਸਕਦਾ ਹੈ ਕਿਉਂਕਿ ਭਵਿੱਖ ਵਿੱਚ ਬਹੁਤ ਘੱਟ ਥਾਵਾਂ ਬਹੁਤ ਠੰਡੀਆਂ ਰਹਿਣਗੀਆਂ।

ਰਿਪੋਰਟ ਵਿੱਚ ਇਹ ਗੱਲ ਉਜਾਗਰ ਕੀਤੀ ਗਈ ਹੈ ਕਿ ਭਾਰਤ ਉਨ੍ਹਾਂ ਦੇਸ਼ਾਂ ਵਿੱਚੋਂ ਇੱਕ ਹੈ ਜਿੱਥੇ ਗਲੋਬਲ ਵਾਰਮਿੰਗ ਦੇ ਹਾਲਾਤਾਂ ਵਿੱਚ ਸਭ ਤੋਂ ਵੱਧ ਆਬਾਦੀ ਬਹੁਤ ਜ਼ਿਆਦਾ ਗਰਮੀ ਦੇ ਸੰਪਰਕ ਵਿੱਚ ਹੈ। ਰਿਪੋਰਟ ਵਿੱਚ ਕਿਹਾ ਗਿਆ ਹੈ, ਇਹ ਖੋਜਾਂ ਭਾਰਤ ਦੀ ਆਬਾਦੀ ਦੀ ਅਤਿਅੰਤ ਗਰਮੀ ਪ੍ਰਤੀ ਵੱਧ ਰਹੀ ਕਮਜ਼ੋਰੀ ਨੂੰ ਉਜਾਗਰ ਕਰਦੀਆਂ ਹਨ ਅਤੇ ਵਧ ਰਹੇ ਤਾਪਮਾਨ ਦੇ ਪ੍ਰਭਾਵਾਂ ਨੂੰ ਹੱਲ ਕਰਨ ਲਈ ਨਿਸ਼ਾਨਾਬੱਧ ਅਨੁਕੂਲਨ ਅਤੇ ਘਟਾਉਣ ਦੀਆਂ ਰਣਨੀਤੀਆਂ ਦੀ ਜ਼ਰੂਰਤ ਨੂੰ ਉਜਾਗਰ ਕਰਦੀਆਂ ਹਨ। ਭਾਰਤ, ਖਾਸ ਕਰਕੇ ਇਸਦਾ ਉੱਤਰੀ ਖੇਤਰ, ਇੱਕ ਅਜਿਹਾ ਰੁਝਾਨ ਦਰਸਾਉਂਦਾ ਹੈ ਜਿੱਥੇ ਗਰਮੀ ਦੀਆਂ ਲਹਿਰਾਂ ਹਵਾ ਪ੍ਰਦੂਸ਼ਣ ਦੀਆਂ ਸਮੱਸਿਆਵਾਂ ਨੂੰ ਵਧਾਉਂਦੀਆਂ ਹਨ। ਤੁਰੰਤ ਕਾਰਵਾਈ ਬਹੁਤ ਜ਼ਰੂਰੀ ਹੈ - ਇਸ ਲਈ ਨਵਿਆਉਣਯੋਗ ਊਰਜਾ, ਹਰੀ ਵਿੱਤ, ਅਤੇ ਜਲਵਾਯੂ ਸੀਓਪੀ ਵਚਨਬੱਧਤਾਵਾਂ ਦੇ ਅਨੁਕੂਲ ਬਰਾਬਰ ਨੀਤੀਆਂ ਨੂੰ ਤੇਜ਼ੀ ਨਾਲ ਅਪਣਾਉਣ ਦੀ ਲੋੜ ਹੈ। ਕਿਸੇ ਵੀ ਦੇਰੀ ਦੇ ਨਾ-ਮੁੜਨਯੋਗ ਨਤੀਜੇ ਹੋ ਸਕਦੇ ਹਨ।ਅਧਿਐਨ ਦੇ ਅਨੁਸਾਰ, ਮੱਧ ਅਫ਼ਰੀਕੀ ਗਣਰਾਜ, ਨਾਈਜੀਰੀਆ, ਦੱਖਣੀ ਸੁਡਾਨ, ਲਾਓਸ ਅਤੇ ਬ੍ਰਾਜ਼ੀਲ ਵਿੱਚ ਪ੍ਰਤੀ ਵਿਅਕਤੀ ਕੂਲਿੰਗ ਲੋੜਾਂ ਵਿੱਚ ਸਭ ਤੋਂ ਵੱਧ ਵਾਧਾ ਹੋਣ ਦੀ ਉਮੀਦ ਹੈ। ਕੈਨੇਡਾ, ਰੂਸ, ਫਿਨਲੈਂਡ, ਸਵੀਡਨ ਅਤੇ ਨਾਰਵੇ ਵਿੱਚ ਪ੍ਰਤੀ ਵਿਅਕਤੀ ਹੀਟਿੰਗ ਲੋੜਾਂ ਵਿੱਚ ਸਭ ਤੋਂ ਵੱਧ ਕਮੀ ਦੇਖਣ ਨੂੰ ਮਿਲੇਗੀ, ਕਿਉਂਕਿ ਇਨ੍ਹਾਂ ਖੇਤਰਾਂ ਵਿੱਚ ਜਲਵਾਯੂ ਤੇਜ਼ੀ ਨਾਲ ਗਰਮ ਹੋ ਰਿਹਾ ਹੈ।

## ਪੰਜਾਬੀ ਯੂਨੀਵਰਸਿਟੀ ਕੈਂਪਸ ਤਲਵੰਡੀ ਸਾਬੋ ਹੋਸਟਲ ਵਿਖੇ

# ਬਾਬਾ ਦੀਪ ਸਿੰਘ ਜੀ ਨੂੰ ਸਮਰਪਿਤ ਧਾਰਮਿਕ ਸਮਾਗਮ ਦਾ ਆਯੋਜਨ



ਤਲਵੰਡੀ ਸਾਬੋ, 31 ਜਨਵਰੀ (ਗੁਰਜੰਟ ਸਿੰਘ ਨਥੇਹਾ)- ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਦਮਦਮਾ ਸਾਹਿਬ ਵਿਖੇ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਬਾਬਾ ਦੀਪ ਸਿੰਘ ਹੋਸਟਲ (ਲੜਕੇ) ਤਲਵੰਡੀ ਸਾਬੋ ਦੇ ਸਮੂਹ ਸਟਾਫ ਅਤੇ ਵਿਦਿਆਰਥੀਆਂ ਵੱਲੋਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਵਾਏ ਗਏ। ਕੈਂਪਸ ਡਾਇਰੈਕਟਰ ਡਾ. ਅਮਨਦੀਪ ਸਿੰਘ ਸਮੇਤ ਸਾਰੇ ਸਟਾਫ਼ ਅਤੇ ਵਿਦਿਆਰਥੀਆਂ ਨੇ ਇਕਾਗਰ ਹੋ ਕੇ ਪਾਵਨ-ਬਾਣੀ ਦੇ ਪਾਠ ਦਾ ਸਰਵਣ ਕੀਤਾ। ਅਰਦਾਸ ਉਪਰੰਤ ਪਾਠ ਕਰਨ ਵਾਲੇ ਵਿਦਿਆਰਥੀਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਅਤੇ ਸੰਗਤ ਨੂੰ ਚਾਹ ਦਾ ਲੰਗਰ ਵਰਤਾਇਆ ਗਿਆ। ਹੋਸਟਲ ਵਾਰਡਨ ਇੰਜੀ. ਲਖਵੀਰ ਸਿੰਘ ਵਲੋਂ ਵਿਦਿਆਰਥੀਆਂ ਨੂੰ ਸਾਡੇ ਗੁਰੂ ਸਾਹਿਬਾਨਾਂ ਦੇ ਦੱਸੇ ਸੱਚੇ ਮਾਰਗ 'ਤੇ ਚੱਲਣ ਲਈ ਪ੍ਰੇਰਤ ਕੀਤਾ ਗਿਆ ਅਤੇ ਗੁਰੂ ਸਾਹਿਬਾਨਾਂ ਦੇ ਦਿੱਤੇ ਉਦੇਸ਼ਾਂ ਨੂੰ ਆਪਣੀ ਜਿੰਦਗੀ ਵਿੱਚ ਅਪਣਾਉਣ ਲਈ ਵੀ ਪ੍ਰੇਰਿਤ ਕੀਤਾ ਗਿਆ। ਅੰਤ ਵਿੱਚ ਉਹਨਾਂ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਦਾ ਇਸ ਉੱਦਮ ਲਈ ਧੰਨਵਾਦ ਕੀਤਾ ਗਿਆ ਅਤੇ ਭਵਿੱਖ ਵਿੱਚ ਅਜਿਹੇ ਹੋਰ ਵਧੀਆ ਪ੍ਰੋਗਰਾਮ ਉਲੀਕਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਡਾ. ਨਵਦੀਪ ਗੋਇਲ ਮੁਖੀ ਯਾਦਵਿੰਦਰਾ ਇੰਜੀ.ਵਿਭਾਗ, ਡਾ. ਬਲਰਾਜ ਸਿੰਘ ਬਰਾੜ ਪ੍ਰੋਫੈਸਰ, ਡਾ. ਜਗਤਾਰ ਸਿੰਘ ਪ੍ਰੋਫ਼ੈਸਰ, ਸ਼੍ਰੀਮਤੀ ਮਨਜੀਤ ਕੌਰ ਵਾਰਡਨ (ਲੜਕੀਆਂ), ਸ਼੍ਰੀ ਗੁਰਪਾਲ ਸਿੰਘ, ਸ਼੍ਰੀ ਗੁਰਬਖਸ਼ੀਸ਼ ਸਿੰਘ, ਸ੍ਰੀਮਤੀ ਏਕਪ੍ਰੀਤ ਕੌਰ, ਸ੍ਰੀ ਪਿੰਟੂ ਰਾਮ ਅਤੇ ਸਮੂਹ ਵਿਦਿਆਰਥੀ ਹਾਜ਼ਰ ਸਨ।

# ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ ਕਰਵਾਈ ਕਾਇਆ ਕਲਪ ਇੰਸਪੈਕਸ਼ਨ





ਤਲਵੰਡੀ ਸਾਬੋ, 31 ਜਨਵਰੀ (ਗੁਰਜੰਟ ਸਿੰਘ ਨਥੇਹਾ)- ਸਬ ਡਵੀਜ਼ਨਲ ਹਸਪਤਾਲ ਤਲਵੰਡੀ ਸਾਬੋ ਵਿੱਚ ਕਾਇਆ ਕਲਪ ਯੋਜਨਾ ਅਧੀਨ ਇੰਸਪੈਕਸ਼ਨ ਸਫਲਤਾਪੂਰਵਕ ਕਰਵਾਈ ਗਈ।ਇਸ ਦੌਰਾਨ ਇੰਸਪੈਕਸ਼ਨ ਟੀਮ ਵੱਲੋਂ ਹਸਪਤਾਲ ਵਿੱਚ ਸਫਾਈ, ਇੰਫੈਕਸ਼ਨ ਕੰਟਰੋਲ, ਬਾਇਓ-ਮੈਡੀਕਲ ਵੇਸਟ ਮੈਨੇਜਮੈਂਟ, ਰਿਕਾਰਡ ਸੰਭਾਲ, ਮਰੀਜ਼ ਸੇਵਾਵਾਂ ਅਤੇ ਬੁਨਿਆਦੀ ਢਾਂਚੇ ਦੀ ਵਿਸਥਾਰ ਨਾਲ ਜਾਂਚ ਕੀਤੀ ਗਈ।ਇੰਸਪੈਕਸ਼ਨ ਦੌਰਾਨ ਟੀਮ ਨੇ ਹਸਪਤਾਲ ਵਿੱਚ ਮੌਜੂਦਾ ਸਫਾਈ ਪ੍ਰਬੰਧਾਂ ਅਤੇ ਸਟਾਫ ਵੱਲੋਂ ਦਿੱਤੀਆਂ ਜਾ ਰਹੀਆਂ ਸਿਹਤ ਸੇਵਾਵਾਂ ਦੀ ਸਰਾਹਨਾ ਕੀਤੀ।ਇਸਦੇ ਨਾਲ ਹੀ, ਸਿਹਤ ਸੇਵਾਵਾਂ ਨੂੰ ਹੋਰ ਬਿਹਤਰ ਬਣਾਉਣ ਲਈ ਕੁਝ ਜ਼ਰੂਰੀ ਸੁਝਾਅ ਵੀ ਦਿੱਤੇ ਗਏ, ਜਿਨ੍ਹਾਂ ਨੂੰ ਅਮਲ ਵਿੱਚ ਲਿਆਂਦਾ ਜਾਣਾ ਯਕੀਨੀ ਬਣਾਇਆ ਜਾਵੇਗਾ। ਇਸ ਮੌਕੇ ਸੀਨੀਅਰ ਮੈਡੀਕਲ ਅਫ਼ਸਰ ਤਲਵੰਡੀ ਸਾਬੋ ਡਾ. ਰਵੀ ਕਾਂਤ ਗੁਪਤਾ ਵੱਲੋਂ ਕਿਹਾ ਗਿਆ ਕਿ ਕਾਇਆ ਕਲਪ ਯੋਜਨਾ ਦਾ ਮੁੱਖ ਉਦੇਸ਼ ਸਿਹਤ ਸੰਸਥਾਵਾਂ ਵਿੱਚ ਸਾਫ-ਸੁਥਰਾ, ਸੁਰੱਖਿਅਤ ਅਤੇ ਮਰੀਜ਼-ਮਿੱਤਰ ਵਾਤਾਵਰਣ ਪ੍ਰਦਾਨ ਕਰਨਾ ਹੈ ਅਤੇ ਇਸ ਦਿਸ਼ਾ ਵਿੱਚ ਸਿਵਲ ਹਸਪਤਾਲ ਤਲਵੰਡੀ ਸਾਬੋ ਲਗਾਤਾਰ ਯਤਨ ਕਰਦਾ ਰਹੇਗਾ।

# ਸਾਹਿਤਕ ਮੰਡੀਆਂ ਦੇ ਨਾਮ: ਇਕ 'ਬਾਗੀ' ਦਾ ਖੁੱਲ੍ਹਾ ਪੱਤਰ



ਸਤਿਕਾਰਯੋਗ (ਪਰ ਸੋਚਣ ਲਈ ਮਜਬੂਰ) ਸਾਹਿਤਕਾਰ ਸੱਜਣੋ,

ਅੱਜ ਜਦੋਂ ਮੈਂ ਚਾਰ-ਚੁਫੇਰੇ ਨਜ਼ਰ ਮਾਰਦਾ ਹਾਂ, ਤਾਂ ਮੈਨੂੰ ਸਾਹਿਤਕ ਗੋਸ਼ਟੀਆਂ ਘੱਟ ਅਤੇ 'ਵਪਾਰਕ ਮੇਲੇ' ਜ਼ਿਆਦਾ ਨਜ਼ਰ ਆਉਂਦੇ ਹਨ। ਮੈਨੂੰ ਹੈਰਾਨੀ ਹੁੰਦੀ ਹੈ ਕਿ ਅਸੀਂ ਕਿਸ ਰਸਤੇ ਤੁਰ ਪਏ ਹਾਂ ?

ਗਰੁੱਪਾਂ ਦਾ ਮਾਇਆਜਾਲ:

ਅੱਜ ਹਰ ਦੂਜਾ ਲਿਖਾਰੀ ਇੱਕ ਨਵੇਂ ਵਟਸਐਪ ਗਰੁੱਪ ਜਾਂ ਸਭਾ ਦਾ 'ਮੁੱਖੀ' ਬਣਿਆ ਬੈਠਾ ਹੈ। ਪਰ ਤਮਾਸ਼ਾ ਦੇਖੋ—ਗਰੁੱਪ ਸੌ ਨੇ, ਪਰ ਮੈਂਬਰ ਉਹੀ ਚਾਰ ਸੌ! ਉਹੀ ਚਿਹਰੇ ਗਰੁੱਪ '1' ਵਿੱਚ ਵਾਹ-ਵਾਹ ਕਰ ਰਹੇ ਹਨ ਅਤੇ ਉਹੀ '2' ਵਿੱਚ। ਇਹ ਸਾਹਿਤ ਦੀ ਸੇਵਾ ਨਹੀਂ, ਸਗੋਂ ਇੱਕ ਦੂਜੇ ਨੂੰ ਭਰਮਾਉਣ ਦਾ ਇੱਕ ਗੋਰਖਧੰਦਾ ਹੈ। ਅਸੀਂ ਪਾਠਕ ਪੈਦਾ ਕਰਨ ਦੀ ਬਜਾਏ ਸਿਰਫ਼ 'ਐਡਮਿਨ' ਪੈਦਾ ਕਰ ਰਹੇ ਹਾਂ। ਜੇਕਰ ਸਭ ਨੇ ਲਿਖਣਾ ਹੀ ਹੈ, ਤਾਂ ਸਵਾਲ ਇਹ ਹੈ ਕਿ ਸਾਨੂੰ ਪੜ੍ਹ ਕੌਣ ਰਿਹਾ ਹੈ ?

ਵਿਕਾਊ ਸਨਮਾਨ ਅਤੇ ਕਲਮ ਦੀ ਬੋਲੀ:

ਸਭ ਤੋਂ ਦੁਖਦਾਈ ਪਹਿਲੂ ਹੈ—'ਪੈਸੇ ਸੁੱਟੋ, ਐਵਾਰਡ ਲੁੱਟੋ'। ਅੱਜ ਕੱਲ੍ਹ ਸਾਹਿਤਕ ਟਰਾਫੀਆਂ ਦੀ ਕੀਮਤ ਲਿਖਤ ਦੀ ਗੁਣਵੱਤਾ 'ਤੇ ਨਹੀਂ, ਸਗੋਂ ਲੇਖਕ ਦੀ ਜੇਬ 'ਤੇ ਨਿਰਭਰ ਕਰਦੀ ਹੈ। ਪੰਜ ਸੌ, ਹਜ਼ਾਰ ਜਾਂ ਪੰਜ ਹਜ਼ਾਰ ਦੇ 'ਸਹਿਯੋਗ' ਬਦਲੇ ਮਿਲਣ ਵਾਲੇ ਇਹ ਪੱਥਰ ਅਤੇ ਲੱਕੜ ਦੇ ਟੁਕੜੇ ਸਾਨੂੰ ਸਾਹਿਤਕਾਰ ਨਹੀਂ ਬਣਾ ਸਕਦੇ। ਕੀ ਵਾਰਿਸ ਸ਼ਾਹ, ਪਾਸ਼ ਜਾਂ ਸ਼ਿਵ ਨੇ ਕਦੇ ਪੈਸੇ ਦੇ ਕੇ ਸਨਮਾਨ ਖਰੀਦੇ ਸਨ ? ਜਦੋਂ ਅਸੀਂ ਪੈਸੇ ਦੇ ਕੇ ਸਨਮਾਨ ਲੈਂਦੇ ਹਾਂ, ਤਾਂ ਅਸੀਂ ਆਪਣੀ ਕਲਮ ਨੂੰ ਵੇਸਵਾ ਬਣਾ ਦਿੰਦੇ ਹਾਂ ਜੋ ਸਿਰਫ਼ ਪੈਸੇ ਵਾਲੇ ਦੀ ਬੋਲੀ ਬੋਲਦੀ ਹੈ।

ਮੇਰੀ ਚੇਤਾਵਨੀ ਅਤੇ ਅਪੀਲ:

ਇਹ ਸਨਮਾਨਾਂ ਦੀ ਭੁੱਖ ਸਾਨੂੰ 'ਸਾਹਿਤਕ ਬੌਣੇ' ਬਣਾ ਰਹੀ ਹੈ। ਅਸੀਂ ਗਰੁੱਪਾਂ ਵਿੱਚ ਵੰਡੇ ਗਏ ਹਾਂ, ਅਸੀਂ ਗੋਤਾਂ ਅਤੇ ਇਲਾਕਿਆਂ ਵਿੱਚ ਵੰਡੇ ਗਏ ਹਾਂ, ਅਤੇ ਹੁਣ ਅਸੀਂ ਲਿਫਾਫਿਆਂ ਵਿੱਚ ਵੰਡੇ ਜਾ ਰਹੇ ਹਾਂ।

ਮੈਂ, ਪ੍ਰਗਟ ਸਿੰਘ ਗਿੱਲ 'ਬਾਗ.ੀ', ਇਹ ਸਪੱਸ਼ਟ ਕਹਿਣਾ ਚਾਹੁੰਦਾ ਹਾਂ ਕਿ ਮੈਨੂੰ ਅਜਿਹੇ ਕਿਸੇ ਗਰੁੱਪ ਜਾਂ ਸਨਮਾਨ ਦੀ ਲੋੜ ਨਹੀਂ ਜਿੱਥੇ ਮੇਰੀ ਲਿਖਤ ਨਾਲੋਂ ਮੇਰੇ ਬਟੂਏ ਦੀ ਕੀਮਤ ਜ਼ਿਆਦਾ ਹੋਵੇ। ਸਾਹਿਤ ਸਮਾਜ ਦਾ ਦਰਪਣ ਹੁੰਦਾ ਹੈ, ਪਰ ਜੇ ਦਰਪਣ 'ਤੇ ਹੀ ਪੈਸੇ ਦੀ ਧੂੜ ਜੰਮ ਜਾਵੇ, ਤਾਂ ਤਸਵੀਰ ਸਾਫ਼ ਕਿਵੇਂ ਹੋਵੇਗੀ ?

ਆਓ, ਇਹਨਾਂ 'ਸਵੈ-ਪ੍ਰਸੰਸਾ' ਦੇ ਅੱਡਿਆਂ ਤੋਂ ਬਾਹਰ ਨਿਕਲੀਏ। ਕੁਝ ਅਜਿਹਾ ਲਿਖੀਏ ਜੋ ਲੋਕਾਂ ਦੇ ਦਿਲਾਂ ਵਿੱਚ ਵਸੇ, ਨਾ ਕਿ ਸਿਰਫ਼ ਗਰੁੱਪਾਂ ਦੀਆਂ ਕੰਧਾਂ 'ਤੇ। ਸੱਚਾ ਸਨਮਾਨ ਉਹ ਹੈ ਜੋ ਪਾਠਕ ਦੀਆਂ ਅੱਖਾਂ ਵਿੱਚੋਂ ਝਲਕੇ, ਨਾ ਕਿ ਉਹ ਜੋ ਕਿਸੇ ਸਭਾ ਦੇ ਸਟੇਜ ਤੋਂ ਪੈਸੇ ਲੈ ਕੇ ਫੜਾਇਆ ਜਾਵੇ

ਸਿਰਲੇਖ: "ਸਾਹਿਤਕ ਦੁਕਾਨਦਾਰੀ ਜਾਂ ਸਿਰਜਣਾ ?"

ਵਿਅੰਗ: "ਅੱਜ ਕੱਲ੍ਹ ਸਾਹਿਤਕਾਰ ਲਿਖਦਾ ਘੱਟ ਹੈ, ਸਨਮਾਨ ਮਿਲਣ ਦੀਆਂ 'ਲੋਕੇਸ਼ਨਾਂ' ਜ਼ਿਆਦਾ ਲੱਭਦਾ ਹੈ।"

ਸੱਚਾਈ: "ਗਰੁੱਪ ਬਦਲਣ ਨਾਲ ਸੋਚ ਨਹੀਂ ਬਦਲਦੀ, ਸੋਚ ਬਦਲਣ ਲਈ ਕਿਤਾਬਾਂ ਨਾਲ ਸਾਂਝ ਪਾਉਣੀ ਪਵੇਗੀ।

**ਤੁਹਾਡਾ ਆਪਣਾ,**
**ਪ੍ਰਗਟ ਸਿੰਘ ਗਿੱਲ 'ਬਾਗੀ**